ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 8 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੫ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ ਸਕੂਲਾਂ 'ਚ ਸਰਦੀਆਂ ਦੀਆਂ ਛੁੱਟੀਆਂ 'ਚ ਵਾਧਾ

**ਚੰਡੀਗੜ੍ਹ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੇ ਸਕੂਲਾਂ 'ਚ ਸਰਦੀਆਂ ਦੀਆਂ ਛੁੱਟੀਆਂ 'ਚ ਵਾਧਾ ਹੋ ਗਿਆ ਹੈ। ਜਿਸ ਤੋਂ ਬਾਅਦ ਹੁਣ ਲੋਹੜੀ ਤੱਕ ਪੰਜਾਬ ਦੇ ਸਕੂਲ ਬੰਦ ਰਹਿਣਗੇ। ਦੱਸ ਦਈਏ ਕਿ ਹੁਣ ਸੂਬੇ ਭਰ ਦੇ ਸਾਰੇ ਸਕੂਲ 13 ਜਨਵਰੀ ਤੱਕ ਬੰਦ ਰਹਿਣਗੇ। 14 ਜਨਵਰੀ ਤੋਂ ਆਮ ਦਿਨਾਂ ਵਾਂਗ ਸਕੂਲ ਖੁੱਲ੍ਹਣਗੇ। ਇਹ ਫੈਸਲਾ ਪੰਜਾਬ ਭਰ 'ਚ ਵਧ ਰਹੀ ਠੰਢ ਤੇ ਸੰਘਣੀ ਧੁੰਦ ਦੇ ਚੱਲਦੇ ਲਿਆ ਗਿਆ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਇਸ ਸਬੰਧੀ ਜਾਣਕਾਰੀ ਦਿੱਤੀ ਗਈ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸੂਬੇ ਵਿੱਚ ਲਗਾਤਾਰ ਵੱਧ ਰਹੀ ਠੰਡ ਅਤੇ ਧੁੰਦ ਨੂੰ ਦੇਖਦਿਆਂ, ਬੱਚਿਆਂ ਅਤੇ ਸਟਾਫ ਦੀ ਸਿਹਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਸੂਬੇ ਦੇ ਸਾਰੇ ਸਰਕਾਰੀ, ਏਡਿਡ, ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ 13 ਜਨਵਰੀ ਤੱਕ ਛੁੱਟੀਆਂ ਕੀਤੀਆਂ ਜਾਂਦੀਆਂ ਹਨ। ਹੁਣ ਸੂਬੇ ਦੇ ਸਾਰੇ ਸਕੂਲ 14 ਜਨਵਰੀ ਤੋਂ ਆਮ ਦਿਨਾਂ ਵਾਂਗ ਖੁੱਲ੍ਹਣਗੇ। ਉੱਥੇ ਹੀ ਜੇਕਰ ਪੰਜਾਬ ਦੇ ਮੌਸਮ ਦੀ ਗੱਲ ਕਰੀਏ ਤਾਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਸੰਘਣੀ ਧੁੰਦ ਅਤੇ ਚਾਰ ਜ਼ਿਲ੍ਹਿਆਂ ਵਿੱਚ ਸੀਤ ਲਹਿਰ ਚੱਲਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਇਸ ਸਬੰਧ ਵਿੱਚ ਆਰੇਂਜ ਅਲਰਟ ਜਾਰੀ ਕੀਤਾ ਹੈ। ਮੁਹਾਲੀ, ਨਵਾਂਸ਼ਹਿਰ, ਰੂਪਨਗਰ ਅਤੇ ਪਟਿਆਲਾ ਵਿੱਚ ਵੀ ਕੋਲਡ ਵੇਵ ਦੀ ਸਥਿਤੀ ਬਣ ਸਕਦੀ ਹੈ।

# ਹਮਲੇ ਪਿੱਛੋਂ ਅਮਰੀਕਾ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੂਰੋ ਨੂੰ ਭੇਜਿਆ 'ਨਰਕ'

**ਨਿਊਯਾਰਕ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੂਰੋ ਨੂੰ ਅਮਰੀਕਾ ਦੀ ਸਭ ਤੋਂ ਬਦਨਾਮ ਤੇ ਖ਼ਤਰਨਾਕ ਜੇਲ੍ਹਾਂ 'ਚੋਂ ਇੱਕ, ਬਰੁਕਲਿਨ ਦੇ ਮੈਟਰੋਪੋਲੀਟਨ ਡਿਟੈਂਸ਼ਨ ਸੈਂਟਰ 'ਚ ਰੱਖਿਆ ਗਿਆ ਹੈ। ਇਸ ਜੇਲ੍ਹ ਨੂੰ ਇਸ ਦੇ ਖਰਾਬ ਹਾਲਤਾਂ ਤੇ ਹਿੰਸਾ ਕਾਰਨ "Hell on Earth" ਤੇ ਇੱਕ 'ਚੱਲ ਰਹੀ ਤ੍ਰਾਸਦੀ' ਵਜੋਂ ਦਰਸਾਇਆ ਗਿਆ ਹੈ। ਸੂਤਰਾਂ ਅਨੁਸਾਰ, ਇਹ ਜੇਲ੍ਹ ਅਮਰੀਕਾ ਦੀਆਂ ਸਭ ਤੋਂ ਸਮੱਸਿਆਗ੍ਰਸਤ ਸੰਘੀ ਸਹੂਲਤਾਂ 'ਚੋਂ ਇੱਕ ਮੰਨੀ ਜਾਂਦੀ ਹੈ। ਇੱਥੋਂ ਦੇ ਹਾਲਾਤ ਇੰਨੇ ਮਾੜੇ ਹਨ ਕਿ ਕਈ ਵਾਰ ਜੱਜਾਂ ਨੇ ਸੁਰੱਖਿਆ ਤੇ ਰਹਿਣ ਦੀਆਂ ਸਥਿਤੀਆਂ ਦਾ ਹਵਾਲਾ ਦਿੰਦੇ ਹੋਏ ਕੈਦੀਆਂ ਨੂੰ ਇੱਥੇ ਭੇਜਣ ਤੋਂ ਇਨਕਾਰ ਕਰ ਦਿੱਤਾ ਹੈ।



**ਹਿੰਸਾ ਤੇ ਮੌਤਾਂ:** ਸਾਲ 2024 'ਚ ਇੱਥੇ ਦੋ ਕੈਦੀਆਂ ਦਾ ਦੂਜੇ ਕੈਦੀਆਂ ਵੱਲੋਂ ਕਤਲ ਕਰ ਦਿੱਤਾ ਗਿਆ ਸੀ।

**ਬੁਨਿਆਦੀ ਸਹੂਲਤਾਂ ਦੀ ਘਾਟ:** ਸਾਲ 2019 'ਚ ਸਰਦੀਆਂ ਦੇ ਮੌਸਮ ਦੌਰਾਨ ਇੱਕ ਹਫ਼ਤੇ ਤੱਕ ਬਿਜਲੀ ਗੁੱਲ ਰਹੀ ਸੀ, ਜਿਸ ਕਾਰਨ ਕੈਦੀਆਂ ਨੂੰ ਬਿਨਾਂ ਹੀਟਿੰਗ ਅਤੇ ਰੋਸ਼ਨੀ ਦੇ ਰਹਿਣਾ ਪਿਆ ਸੀ।

**ਭ੍ਰਿਸ਼ਟਾਚਾਰ:** ਜੇਲ੍ਹ ਦੇ ਕਈ ਕਰਮਚਾਰੀਆਂ 'ਤੇ ਰਿਸ਼ਵਤ ਲੈਣ ਤੇ ਨਸ਼ੀਲੀਆਂ ਵਸਤੂਆਂ ਪਹੁੰਚਾਉਣ ਦੇ ਦੋਸ਼ ਵੀ ਲੱਗ ਚੁੱਕੇ ਹਨ। ਮਾਦੂਰੋ ਇਸ ਜੇਲ੍ਹ 'ਚ ਬੰਦ ਹੋਣ ਵਾਲੇ ਪਹਿਲੇ ਰਾਸ਼ਟਰਪਤੀ ਨਹੀਂ ਹਨ। ਇਸ ਤੋਂ ਪਹਿਲਾਂ ਹੋਂਡੂਰਾਸ ਦੇ ਸਾਬਕਾ ਰਾਸ਼ਟਰਪਤੀ ਜੁਆਨ ਓਰਲੈਂਡੋ ਹਰਨਾਂਡੇਜ਼ ਨੂੰ ਵੀ ਇੱਥੇ ਰੱਖਿਆ ਗਿਆ ਸੀ। ਇਸ ਤੋਂ ਇਲਾਵਾ, ਇਸ ਜੇਲ੍ਹ ਵਿੱਚ ਹੇਠ ਲਿਖੀਆਂ ਪ੍ਰਮੁੱਖ ਹਸਤੀਆਂ ਵੀ ਰਹਿ ਚੁੱਕੀਆਂ ਹਨ। ਮਿਊਜ਼ਿਕ ਸਟਾਰ ਆਰ ਕੈਲੀ ਅਤੇ ਸੀਨ 'ਡਿਡੀ' ਕੋਮਬਸ। ਮੈਕਸੀਕੋ ਦੇ ਸਿਨਾਲੋਆ ਡਰੱਗ ਕਾਰਟੇਲ ਦਾ ਸਹਿ-ਸੰਸਥਾਪਕ ਇਸਮਾਈਲ 'ਐਲ ਮੇਓ' ਜ਼ੈਂਬਾਡਾ ਗਾਰਸੀਆ। ਸੈਮ ਬੈਂਕਮੈਨ-ਫ੍ਰਾਈਡ ਅਤੇ ਘਿਸਲੇਨ ਮੈਕਸਵੈੱਲ ਵਰਗੇ ਹਾਈ-ਪ੍ਰੋਫਾਈਲ ਕੈਦੀ। ਜਦੋਂ ਮਾਦੂਰੋ ਤੇ ਉਨ੍ਹਾਂ ਦੀ ਪਤਨੀ ਨੂੰ ਜੇਲ੍ਹ ਲਿਆਂਦਾ ਗਿਆ ਤਾਂ ਉੱਥੇ ਮੌਜੂਦ ਵੈਨੇਜ਼ੁਏਲਾ ਦੇ ਪ੍ਰਵਾਸੀਆਂ ਨੇ ਵੈਨੇਜ਼ੁਏਲਾ ਦੇ ਝੰਡੇ ਲਹਿਰਾ ਕੇ ਅਤੇ ਨਾਅਰੇਬਾਜ਼ੀ ਕਰਕੇ ਮਾਦੂਰੋ ਦੀ ਗ੍ਰਿਫ਼ਤਾਰੀ ਦਾ ਜਸ਼ਨ ਮਨਾਇਆ। ਫੈੱਡਰਲ ਬਿਊਰੋ ਆਫ ਪ੍ਰਿਜ਼ਨਜ਼ ਦਾ ਕਹਿਣਾ ਹੈ ਕਿ ਪਿਛਲੇ ਸਾਲਾਂ 'ਚ ਜੇਲ੍ਹ ਦੀਆਂ ਹਾਲਤਾਂ 'ਚ ਸੁਧਾਰ ਹੋਇਆ ਹੈ। ਉਨ੍ਹਾਂ ਅਨੁਸਾਰ, ਜੇਲ੍ਹ 'ਚ ਸਟਾਫ਼ ਵਧਾਇਆ ਗਿਆ ਹੈ ਤੇ ਬਿਜਲੀ, ਪਲੰਬਿੰਗ ਤੇ ਹੀਟਿੰਗ ਪ੍ਰਣਾਲੀਆਂ ਨੂੰ ਅਪਗ੍ਰੇਡ ਕੀਤਾ ਗਿਆ ਹੈ।

## ਅਮਰੀਕਾ ਨੇ ਭਾਊ ਗੈਂਗ ਦੇ ਮੈਂਬਰ ਅਮਨ ਨੂੰ ਕੀਤਾ ਡਿਪੋਰਟ, ਹਰਿਆਣਾ 'ਐਸ. ਟੀ. ਐਫ.' ਨੇ ਹਿਰਾਸਤ 'ਚ ਲਿਆ

**ਨਵੀਂ ਦਿੱਲੀ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਹਰਿਆਣਾ ਪੁਲਿਸ ਦੀ ਸਪੈਸ਼ਲ ਟਾਸਕ ਫੋਰਸ ਨੇ ਬਦਨਾਮ ਗੈਂਗਸਟਰ ਅਮਨ ਭੈਂਸਵਾਲ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਅਮਨ ਭੈਂਸਵਾਲ ਭਾਊ ਗੈਂਗ ਨਾਲ ਜੁੜਿਆ ਹੋਇਆ ਸੀ। ਉਸ 'ਤੇ ਹਰਿਆਣਾ, ਪੰਜਾਬ ਅਤੇ ਦਿੱਲੀ ਵਿੱਚ ਕਈ ਗੰਭੀਰ ਅਪਰਾਧਿਕ ਦੋਸ਼ ਹਨ। ਅਮਨ ਨੂੰ ਉੱਥੇ ਅਮਰੀਕੀ ਏਜੰਸੀਆਂ ਨੇ ਫੜ ਲਿਆ ਅਤੇ ਡਿਪੋਰਟ ਕਰ ਦਿੱਤਾ। ਬੁੱਧਵਾਰ ਸਵੇਰੇ ਉਸਦੀ ਫਲਾਈਟ ਦਿੱਲੀ ਦੇ ਇੰਦਰਾ ਗਾਂਧੀ ਇੰਟਰਨੈਸ਼ਨਲ ਹਵਾਈ ਅੱਡੇ 'ਤੇ ਉਤਰਦੇ ਹੀ ਐਸ.ਟੀ.ਐਫ. ਨੇ ਉਸਨੂੰ ਹਿਰਾਸਤ ਵਿੱਚ ਲੈ ਲਿਆ। ਸੋਨੀਪਤ ਦੇ ਪਿੰਡ ਭੈਂਸਵਾਲ ਕਲਾਂ ਦਾ ਰਹਿਣ ਵਾਲਾ ਅਮਨ ਭੈਂਸਵਾਲ ਵਿਰੁੱਧ ਕਤਲ ਅਤੇ ਜਬਰੀ ਵਸੂਲੀ ਸਮੇਤ 10 ਤੋਂ ਵੱਧ ਗੰਭੀਰ ਅਪਰਾਧਿਕ ਮਾਮਲੇ ਦਰਜ ਹਨ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਅਮਨ ਨੇ ਦਿੱਲੀ ਦੇ ਮਯੂਰ ਵਿਹਾਰ ਖੇਤਰ ਵਿੱਚ ਇੱਕ ਜਾਅਲੀ ਪਤੇ 'ਤੇ "ਅਮਨ ਕੁਮਾਰ" ਦੇ ਨਾਮ 'ਤੇ ਪਾਸਪੋਰਟ ਪ੍ਰਾਪਤ ਕੀਤਾ ਅਤੇ 2025 ਵਿੱਚ ਅਮਰੀਕਾ ਭੱਜ ਗਿਆ। ਸਪੈਸ਼ਲ ਟਾਸਕ ਫੋਰਸ ਨੇ ਗੋਹਾਣਾ ਸਦਰ ਪੁਲਿਸ ਸਟੇਸ਼ਨ ਵਿੱਚ ਧੋਖਾਧੜੀ ਦਾ ਕੇਸ ਦਰਜ ਕੀਤਾ ਅਤੇ ਇੰਟਰਪੋਲ ਨਾਲ ਜਾਣਕਾਰੀ ਸਾਂਝੀ ਕੀਤੀ ਰੋਹਤਕ ਦੇ ਸਾਂਪਲਾ ਵਿੱਚ ਸੀਤਾਰਾਮ ਹਲਵਾਈ ਦੀ ਦੁਕਾਨ 'ਤੇ ਹੋਈ ਗੋਲੀਬਾਰੀ ਦੀ ਘਟਨਾ ਵਿੱਚ ਅਮਨ ਭੈਂਸਵਾਲ ਦਾ ਨਾਮ ਪ੍ਰਮੁੱਖਤਾ ਨਾਲ ਸ਼ਾਮਲ ਸੀ। ਹਮਲੇ ਦੌਰਾਨ, ਅਪਰਾਧੀਆਂ ਨੇ ਫਿਰੌਤੀ ਵਿੱਚ 1 ਕਰੋੜ ਰੁਪਏ ਦੀ ਮੰਗ ਕਰਨ ਵਾਲਾ ਇੱਕ ਨੋਟ ਸੁੱਟਿਆ, ਜਿਸ 'ਤੇ ਅਮਨ ਭੈਂਸਵਾਲ ਸਮੂਹ ਦਾ ਨਾਮ ਸੀ। ਗੋਹਾਣਾ ਵਿੱਚ "ਮਾਤੂਰਾਮ ਹਲਵਾਈ" ਘਟਨਾ ਵਿੱਚ ਉਸਦੀ ਸ਼ਮੂਲੀਅਤ ਦੇ ਸਬੂਤ ਵੀ ਮਿਲੇ ਹਨ। ਉਹ ਬਦਨਾਮ ਹਿਮਾਂਸ਼ੂ ਭਾਊ ਗੈਂਗ ਲਈ ਕੰਮ ਕਰਦਾ ਸੀ। ਹਰਿਆਣਾ ਐਸਟੀਐਫ ਅਧਿਕਾਰੀਆਂ ਦੇ ਅਨੁਸਾਰ, ਅਮਨ ਭੈਂਸਵਾਲ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਉਸਦੇ ਹੋਰ ਸਾਥੀਆਂ ਅਤੇ ਵਿਦੇਸ਼ਾਂ ਵਿੱਚ ਸਥਿਤ ਉਸਦੇ ਮਾਸਟਰਾਂ ਦੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਰਿਮਾਂਡ 'ਤੇ ਲਿਆ ਜਾਵੇਗਾ।



## ਪੰਜਾਬ 'ਚ ਮਾਘੀ ਮੇਲੇ 'ਤੇ 11 ਸਾਲਾਂ ਬਾਅਦ ਸਜੇਗਾ 'ਆਪ ਦਾ ਮੰਚ', ਭਾਜਪਾ ਪਹਿਲੀ ਵਾਰ ਠੋਕੇਗੀ ਤਾਲ

**ਸ੍ਰੀ ਮੁਕਤਸਰ ਸਾਹਿਬ/ਚੰਡੀਗੜ੍ਹ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੀਆਂ ਸਿਆਸੀ ਪਾਰਟੀਆਂ ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਣ ਵਾਲੇ ਮਾਘੀ ਮੇਲੇ 'ਤੇ ਸਿਆਸੀ ਤਾਕਤ ਦਿਖਾਉਣ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸ ਵਾਰ ਜਿੱਥੇ 11 ਸਾਲਾ ਬਾਅਦ ਆਮ ਆਦਮੀ ਪਾਰਟੀ ਆਪਣਾ ਸਿਆਸੀ ਮੰਚ ਸਜਾਵੇਗੀ, ਉੱਥੇ ਹੀ ਭਾਰਤੀ ਜਨਤਾ ਪਾਰਟੀ ਪਹਿਲੀ ਵਾਰ ਸਿਆਸੀ ਕਾਨਫਰੰਸ ਕਰੇਗੀ। ਇਹ ਵੀ ਕਿਹਾ ਜਾ ਰਿਹਾ ਹੈ ਕਿ ਕਾਨਫਰੰਸ ਲਈ ਥਾਂ ਦੀ ਚੋਣ ਕਰਨ ਸਬੰਧੀ ਆਮ ਆਦਮੀ ਪਾਰਟੀ ਦੀ ਖ਼ਾਸ ਟੀਮ ਦਿੱਲੀ ਤੋਂ ਇੱਥੇ ਪੁੱਜੇਗੀ। ਮਾਘੀ ਮੇਲੇ 'ਤੇ ਬਾਦਲਾਂ ਦੇ ਗੜ੍ਹ ਸ੍ਰੀ ਮੁਕਤਸਰ ਸਾਹਿਬ ਵਿਖੇ ਲੱਗਣ ਵਾਲੀਆਂ ਸਿਆਸੀ ਕਾਨਫਰੰਸਾਂ ਦਾ ਵਿਧਾਨ ਸਭਾ ਚੋਣਾਂ-2027 ਨੂੰ ਲੈ ਕੇ ਖ਼ਾਸ ਮਹੱਤਵ ਹੈ। ਭਾਜਪਾ ਦੀ ਕਾਨਫਰੰਸ 'ਚ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਸਣੇ 2 ਕੇਂਦਰੀ ਮੰਤਰੀ ਅਤੇ ਹਰਿਆਣਾ-ਰਾਜਸਥਾਨ ਦੇ ਮੁੱਖ ਮੰਤਰੀ ਸ਼ਾਮਲ ਹੋਣਗੇ।

ਭਾਜਪਾ ਅਜੇ ਤੱਕ ਆਪਣੀ ਗਠਜੋੜ ਪਾਰਟੀ ਅਕਾਲੀ ਦਲ ਨਾਲ ਸਟੇਜ ਸਾਂਝੀ ਕਰਦੀ ਰਹੀ ਹੈ ਪਰ ਇਸ ਵਾਰ ਹਾਲਾਤ ਵੱਖਰੇ ਹਨ। ਉੱਥੇ ਹੀ ਆਮ ਆਦਮੀ ਪਾਰਟੀ ਨੇ 14 ਜਨਵਰੀ, 2016 ਨੂੰ ਮਾਘੀ ਮੇਲੇ 'ਤੇ ਇਤਿਹਾਸਕ ਸਿਆਸੀ ਕਾਨਫਰੰਸ ਕਰਕੇ ਪਾਰਟੀ ਦੀਆਂ ਜੜ੍ਹਾਂ ਮਜ਼ਬੂਤ ਕਰਨ ਦਾ ਕੰਮ ਕੀਤਾ ਸੀ। ਹੁਣ ਵਿਧਾਨ ਸਭਾ ਚੋਣਾਂ ਦੀ ਤਿਆਰੀ ਦੇ ਮੱਦੇਨਜ਼ਰ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਸ੍ਰੀ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਚੋਣ ਬਿਗੁਲ ਫੂਕਣ ਲਈ ਸਥਾਨਕ ਆਗੂਆਂ ਨੂੰ ਅੰਦਰ ਹੀ ਅੰਦਰ ਤਿਆਰੀਆਂ ਕਰਨ ਦੇ ਹੁਕਮ ਦਿੱਤੇ ਹਨ।

ਉੱਥੇ ਹੀ ਅਕਾਲੀ ਦਲ ਵੀ ਹਰ ਸਾਲ ਦੀ ਤਰ੍ਹਾਂ ਆਪਣੀ ਰਵਾਇਤੀ ਥਾਂ ਮਲੋਟ-ਬਠਿੰਡਾ ਬਾਈਪਾਸ 'ਤੇ ਕਾਨਫਰੰਸ ਕਰੇਗਾ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹੋਰ ਆਗੂਆਂ ਨੇ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਿਆ ਹੋਇਆ ਹੈ। ਇਸ ਤੋਂ ਇਲਾਵਾ ਅਕਾਲੀ ਦਲ (ਅ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਡੇਰਾ ਭਾਈ ਮਸਤਾਨ ਸਿੰਘ 'ਚ ਕਾਨਫਰੰਸ ਕਰਨਗੇ। ਇਸ ਤੋਂ ਇਲਾਵਾ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਸਿਆਸੀ ਪਾਰਟੀ 'ਵਾਰਿਸ ਪੰਜਾਬ ਦੇ' ਵਲੋਂ ਵੀ ਕਾਨਫਰੰਸ ਦਾ ਐਲਾਨ ਕੀਤਾ ਗਿਆ ਹੈ।


## ਪੰਜਾਬ ਪੁਲਿਸ ਵੱਲੋਂ ਐਨਕਾਊਂਟਰ ਕਰਨ ਦਾ ਦੌਰ ਲਗਾਤਾਰ ਜਾਰੀ

**ਅੰਮ੍ਰਿਤਸਰ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ 'ਚ ਪੁਲਿਸ ਵੱਲੋਂ ਬਦਮਾਸ਼ ਦਾ ਐਨਕਾਊਂਟਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸ ਦਈਏ ਕਿ ਪੁਲਿਸ ਮੁਲਜ਼ਮ ਨੂੰ ਹਥਿਆਰ ਦੀ ਰਿਕਵਰੀ ਲਈ ਲੈ ਕੇ ਗਈ ਸ ਜਿੱਥੇ ਉਸਨੇ ਪੁਲਿਸ 'ਤੇ ਹਮਲਾ ਕਰ ਦਿੱਤਾ। ਪਰ ਇਸ ਦੌਰਾਨ ਮੁਲਜ਼ਮ ਗੰਭੀਰ ਰੂਪ ਨਾਲ ਜ਼ਖਮੀ ਹੋ ਗਿਆ ਜਿਸ ਕਾਰਨ ਉਸ ਨੂੰ ਹਸਪਤਾਲ ਭਰਤੀ ਕਰਵਾਇਆ ਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਬੀਤੇ ਦਿਨ ਅੰਮ੍ਰਿਤਸਰ ਦੀ ਟਾਇਰਾਂ ਵਾਲੀ ਦੁਕਾਨ 'ਤੇ ਗੋਲੀਆਂ ਚੱਲਣ ਦਾ ਮਾਮਲਾ ਸਾਹਮਣੇ ਆਇਆ ਸੀ ਇਸ ਮਾਮਲੇ 'ਚ ਪੁਲਿਸ ਨੇ ਮੁਲਜ਼ਮ ਗੁਰਪ੍ਰੀਤ ਸਿੰਘ ਨੂੰ ਗ੍ਰਿਫਤਾਰ ਕੀਤਾ ਸੀ। ਉਸਦੇ ਹਥਿਆਰ ਦੀ ਰਿਕਵਰੀ ਲਈ ਪੁਲਿਸ ਹੁਣ ਉਸ ਨੂੰ ਸਨਸਿਟੀ ਬਟਾਲਾ ਰੋਡ ਦੀ ਬੈਕ ਸਾਈਡ ਲੈ ਕੇ ਆਏ ਸੀ। ਪੁਲਿਸ ਜਦੋਂ ਮੁਲਜ਼ਮ ਨੂੰ ਹਥਿਆਰ ਦੀ ਰਿਕਵਰੀ ਲਈ ਲੈ ਕੇ ਗਏ ਤਾਂ ਮੁਲਜ਼ਮ ਨੇ ਮੌਕਾ ਦੇਖਦੇ ਹੀ ਪੁਲਿਸ 'ਤੇ ਫਾਇਰਿੰਗ ਕਰ ਦਿੱਤੀ। ਪਰ ਉਹ ਜਵਾਬੀ ਕਾਰਵਾਈ ਦੌਰਾਨ ਗੋਲੀ ਚੱਲਣ ਕਰਕੇ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ। ਜਿਸ ਕਾਕਨ ਪੁਲਿਸ ਨੇ ਹਥਿਆਰ ਦੀ ਰਿਕਵਰੀ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।



## ਪੰਜਾਬੀ ਗਾਇਕ ਰੰਮੀ ਰੰਧਾਵਾ 'ਤੇ ਪਰਚਾ, ਅਜਨਾਲਾ ਪੁਲਿਸ ਨੇ ਦਰਜ ਕੀਤਾ ਕੇਸ

**ਅੰਮ੍ਰਿਤਸਰ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬੀ ਗਾਇਕ ਰੰਮੀ ਰੰਧਾਵਾ, ਜੋ ਕਿ ਅੰਮ੍ਰਿਤਸਰ ਦੇ ਅਜਨਾਲਾ ਦੇ ਰਹਿਣ ਵਾਲੇ ਹਨ, ਖਿਲਾਫ਼ ਪੁਲਿਸ ਨੇ ਹਥਿਆਰਾਂ ਦੀ ਨੁਮਾਇਸ਼ ਕਰਨ 'ਤੇ ਐਫ.ਆਰ.ਆਈ. ਦਰਜ ਕੀਤੀ ਹੈ। ਇਹ ਕਾਰਵਾਈ ਉਨ੍ਹਾਂ ਦੀ ਇੱਕ ਸੋਸ਼ਲ ਮੀਡੀਆ ਪੋਸਟ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤੀ ਗਈ। ਉਸ ਪੋਸਟ ਵਿੱਚ ਰੰਮੀ ਰੰਧਾਵਾ ਨੇ ਹਥਿਆਰਾਂ ਨਾਲ ਜੁੜੀ ਵੀਡੀਓ ਸਾਂਝੀ ਕੀਤੀ ਸੀ। ਪੋਸਟ ਦੇ ਕੈਪਸ਼ਨ ਵਿੱਚ ਰੰਮੀ ਰੰਧਾਵਾ ਨੇ ਲਿਖਿਆ ਕਿ "ਸਰਦਾਰੀਆਂ ਸਿਰ ਦੇ ਕੇ ਮਿਲਦੀਆਂ ਹਨ, ਸਰਦਾਰ ਕਹਾਉਣਾ ਸੌਖਾ ਨਹੀਂ।" ਇਸ ਮਾਮਲੇ ਵਿੱਚ ਪੁਲਿਸ ਨੇ ਖੁਦ ਸੰਜੀਦਾ ਹੋ ਕੇ ਏ.ਐਸ.ਆਈ. ਕਵਲਜੀਤ ਸਿੰਘ ਦੀ ਸ਼ਿਕਾਇਤ 'ਤੇ ਕੇਸ ਦਰਜ ਕੀਤਾ ਹੈ। ਪੁਲਿਸ ਨੇ ਸ਼ਿਕਾਇਤ ਵਿੱਚ ਕੀ ਲਿਖਿਆ: ਅਜਨਾਲਾ ਪੁਲਿਸ ਥਾਣੇ ਵਿੱਚ BNS ਦੀ ਧਾਰਾ 223 ਅਤੇ ਆਰਮਸ ਐਕਟ ਦੇ ਤਹਿਤ ਇਹ ਕੇਸ ਦਰਜ ਕੀਤਾ ਗਿਆ ਹੈ। ਸ਼ਿਕਾਇਤ ਕਰਨ ਵਾਲੇ ASI ਕਵਲਜੀਤ ਸਿੰਘ ਨੇ ਰਮਨਦੀਪ ਸਿੰਘ ਉਰਫ਼ ਰੰਮੀ ਰੰਧਾਵਾ, ਰਹਿਣ ਵਾਲੇ ਗੁਜ਼ਾਪੀਰ ਨੂੰ ਮੁਲਜ਼ਮ ਬਣਾਇਆ ਹੈ। ਆਪਣੇ ਬਿਆਨ ਵਿੱਚ ASI ਕਵਲਜੀਤ ਨੇ ਕਿਹਾ ਕਿ ਉਨ੍ਹਾਂ ਨੂੰ ਇੱਕ ਮੁਖਬਿਰ ਵੱਲੋਂ ਜਾਣਕਾਰੀ ਮਿਲੀ ਕਿ ਸੋਸ਼ਲ ਮੀਡੀਆ 'ਤੇ ਇੱਕ ਵਿਡੀਓ ਵਾਇਰਲ ਹੋ ਰਹੀ ਹੈ।



## ਸਾਬਕਾ ਡੀ. ਜੀ. ਪੀ. ਸੁਮੇਧ ਸੈਣੀ ਨੂੰ ਰਾਹਤ, ਮਿਲੀ ਕਲੀਨ ਚਿੱਟ

**ਚੰਡੀਗੜ੍ਹ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਸਾਲ 2021 ਵਿੱਚ ਦਰਜ ਆਮਦਨ ਤੋਂ ਵੱਧ ਸੰਪਤੀ ਮਾਮਲੇ ਵਿੱਚ ਪੰਜਾਬ ਦੇ ਸਾਬਕਾ ਡੀਜੀਪੀ ਸੁਮੇਧ ਸਿੰਘ ਸੈਣੀ ਨੂੰ ਵੱਡੀ ਰਾਹਤ ਮਿਲੀ ਹੈ। ਵਿਸ਼ੇਸ਼ ਜਾਂਚ ਟੀਮ (ਐੱਸਆਈਟੀ) ਵੱਲੋਂ ਅਦਾਲਤ ਵਿੱਚ ਦਾਖ਼ਲ ਕੀਤੀ ਗਈ ਚਾਰਜਸ਼ੀਟ ਵਿੱਚ ਸੁਮੇਧ ਸਿੰਘ ਸੈਣੀ ਨੂੰ ਬੇਦੋਸ਼ ਕਰਾਰ ਦਿੰਦਿਆਂ ਕਾਲਮ ਨੰਬਰ-2 ਵਿੱਚ ਰੱਖਿਆ ਗਿਆ ਹੈ। ਲੋਕ ਨਿਰਮਾਣ ਵਿਭਾਗ ਦੇ ਤਤਕਾਲੀਨ ਕਾਰਜਕਾਰੀ ਇੰਜੀਨੀਅਰ ਨਿਮਰਤਦੀਪ ਸਿੰਘ ਸਮੇਤ ਪੰਜ ਆਰੋਪੀਆਂ ਖ਼ਿਲਾਫ਼ ਚਾਰਜਸ਼ੀਟ ਦਾਖ਼ਲ ਕੀਤੀ ਗਈ ਹੈ। ਮਾਮਲੇ ਦੀ ਅਗਲੀ ਸੁਣਵਾਈ 17 ਜਨਵਰੀ ਨੂੰ ਹੋਵੇਗੀ। ਵਿਜੀਲੈਂਸ ਨੇ ਸਾਲ 2021 ਵਿੱਚ ਇਸ ਕੇਸ ਵਿੱਚ ਨਿਮਰਤਦੀਪ ਸਿੰਘ ਦੇ ਨਾਲ-ਨਾਲ ਸਾਬਕਾ ਡੀਜੀਪੀ ਸੁਮੇਧ ਸਿੰਘ ਸੈਣੀ ਨੂੰ ਵੀ ਨਾਮਜ਼ਦ ਕੀਤਾ ਸੀ। ਬਾਅਦ ਵਿੱਚ ਹਾਈਕੋਰਟ ਦੇ ਹੁਕਮਾਂ ਤੋਂ ਬਾਅਦ ਐੱਸ.ਐੱਸ. ਸ੍ਰੀਵਾਸਤਵ ਦੀ ਅਗਵਾਈ ਹੇਠ ਐੱਸਆਈਟੀ ਦਾ ਗਠਨ ਕੀਤਾ ਗਿਆ। ਜਾਂਚ ਪੂਰੀ ਹੋਣ ਤੋਂ ਬਾਅਦ ਐੱਸਆਈਟੀ ਨੇ ਅਦਾਲਤ ਵਿੱਚ ਰਿਪੋਰਟ ਪੇਸ਼ ਕਰਦੇ ਹੋਏ ਸੈਣੀ ਨੂੰ ਆਰੋਪਾਂ ਤੋਂ ਬਰੀ ਕਰ ਦਿੱਤਾ। ਚਾਰਜਸ਼ੀਟ ਅਨੁਸਾਰ ਨਿਮਰਤਦੀਪ ਸਿੰਘ, ਉਸਦੇ ਪਿਤਾ ਸੁਰਿੰਦਰਜੀਤ ਸਿੰਘ ਜਸਪਾਲ, ਅਜੈ ਕੌਸ਼ਲ, ਪ੍ਰਦਿਊਮਨ ਸਿੰਘ ਅਤੇ ਅਮਿਤ ਸਿੰਗਲਾ 'ਤੇ ਆਮਦਨ ਤੋਂ ਵੱਧ ਸੰਪਤੀ ਇਕੱਠੀ ਕਰਨ ਦੇ ਗੰਭੀਰ ਆਰੋਪ ਹਨ। ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਨਿਮਰਤਦੀਪ ਸਿੰਘ ਅਤੇ ਉਸਦੇ ਪਰਿਵਾਰ ਨੇ ਮੋਹਾਲੀ, ਚੰਡੀਗੜ੍ਹ, ਪੰਚਕੂਲਾ, ਮੁੱਲਾਂਪੁਰ, ਕੁਰਾਲੀ ਸਮੇਤ ਵੱਖ-ਵੱਖ ਥਾਵਾਂ 'ਤੇ ਕਰੀਬ 35 ਅਚਲ ਸੰਪਤੀਆਂ ਬਣਾਈਆਂ ਹਨ। ਪਰਿਵਾਰ ਦੇ ਲਗਭਗ 22 ਬੈਂਕ ਖਾਤਿਆਂ ਵਿੱਚ 4.88 ਕਰੋੜ ਰੁਪਏ ਜਮ੍ਹਾਂ ਮਿਲੇ ਹਨ, ਜਦਕਿ 11.18 ਕਰੋੜ ਰੁਪਏ ਦੀਆਂ ਐੱਫਡੀਜ਼ ਅਤੇ 2.12 ਕਰੋੜ ਰੁਪਏ ਦੀ ਵਿਦੇਸ਼ੀ ਮੁਦਰਾ ਖਰੀਦਣ ਦਾ ਵੀ ਖੁਲਾਸਾ ਹੋਇਆ ਹੈ। ਜਾਂਚ ਰਿਪੋਰਟ ਮੁਤਾਬਕ ਪਰਿਵਾਰ ਦੀ ਕੁੱਲ ਆਮਦਨ ਕਰੀਬ 20.57 ਕਰੋੜ ਰੁਪਏ ਦੱਸੀ ਗਈ ਹੈ, ਜਦਕਿ ਖਰਚ 56.16 ਕਰੋੜ ਰੁਪਏ ਤੋਂ ਵੀ ਵੱਧ ਪਾਇਆ ਗਿਆ। ਹੋਰ ਆਰੋਪੀਆਂ 'ਤੇ ਸੰਪਤੀਆਂ ਦੀ ਖਰੀਦ-ਫ਼ਰੋਖ਼ਤ ਵਿੱਚ ਗੜਬੜੀ ਕਰਨ ਅਤੇ ਮਹਿੰਗੀ ਜ਼ਮੀਨ ਨੂੰ ਸਸਤੀ ਦਿਖਾ ਕੇ ਲੈਣ-ਦੇਣ ਕਰਨ ਦੇ ਆਰੋਪ ਲਗੇ ਹਨ। ਸਾਬਕਾ ਡੀਜੀਪੀ ਸੈਣੀ 'ਤੇ ਲਗਾਏ ਗਏ ਆਰੋਪਾਂ ਨੂੰ ਐੱਸਆਈਟੀ ਨੇ ਸਬੂਤਾਂ ਦੀ ਕਮੀ ਕਾਰਨ ਖਾਰਜ ਕਰ ਦਿੱਤਾ। ਸੈਣੀ ਪਹਿਲਾਂ ਹੀ ਇਸ ਐੱਫਆਈਆਰ ਨੂੰ ਰਾਜਨੀਤਿਕ ਬਦਲੇ ਦੀ ਕਾਰਵਾਈ ਦੱਸਦੇ ਹੋਏ ਅਦਾਲਤ ਦਾ ਰੁਖ ਕਰ ਚੁੱਕੇ ਸਨ।






# ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।


ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

## ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ

## ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਸ਼ਹੀਦੀ ਸਬਦੂ ਸਚੀ ਟਕਸਾਲ ॥ ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ | Naam Japo
ਕਿਰਤ ਕਰੋ | Kirat Karo
ਵੰਡ ਛਕੋ | Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।




+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

# ਕੌਮ ਦੇ ਹੀਰੇ



ਸ਼ਹੀਦ ਭਾਈ ਕੇਹਰ ਸਿੰਘ ਜੀ



ਸ਼ਹੀਦ ਭਾਈ ਬੇਅੰਤ ਸਿੰਘ ਜੀ



ਸ਼ਹੀਦ ਭਾਈ ਸਤਵੰਤ ਸਿੰਘ ਜੀ

## ਦੇ ਸ਼ਹੀਦੀ ਸਮਾਗਮ ਨੂੰ ਸਮਰਪਿਤ ਕੀਰਤਨ ਦਰਬਾਰ ਅਤੇ ਢਾਡੀ ਦਰਬਾਰ

ਪਿੰਡ ਮੁਸਤਫ਼ਾਬਾਦ, ਜਿਲ੍ਹਾਂ ਸ਼੍ਰੀ ਫਤਹਿਗੜ੍ਹ ਸਾਹਿਬ ( ਪੰਜਾਬ ) ਵਿਖੇ ਕਰਵਾਇਆ ਜਾ ਰਿਹਾ ਹੈ। ਸੰਗਤਾਂ ਨੂੰ ਬੇਨਤੀ ਹੈ ਕਿ ਇਸ ਕੀਰਤਨ ਸਮਾਗਮ ਵਿਚ ਹੁੰਮਹੁਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਪ੍ਰੋਗਰਾਮ: 11 ਜਨਵਰੀ 2026 ਦਿਨ ਐਤਵਾਰ**

* 10 ਵਜੇ ਪਾਠ ਸ਼੍ਰੀ ਸੁੱਖਮਨੀ ਸਾਹਿਬ ਜੀ
* ਉਪਰੰਤ ਕੀਰਤਨ ਸਮਾਗਮ ਅਤੇ ਢਾਡੀ ਦਰਬਾਰ
* 12 ਤੋਂ 1 ਵਜੇ ਤੱਕ ਸ਼ਹੀਦ ਸਿੰਘਾ ਜੀ ਦੇ ਜੀਵਨ ਅਤੇ ਸੰਘਰਸ਼ ਸਬੰਧੀ ਵਿਸ਼ੇਸ ਵਿਚਾਰਾ ਕੀਤੀਆਂ ਜਾਣਗੀਆਂ
* ਉਪਰੰਤ ਅਰਦਾਸ ਅਤੇ ਸਮਾਪਤੀ
  ਗੁਰੂ ਕਾ ਲੰਗਰ ਅਤੁੱਟ ਵਰਤੇਗਾ। :

ਆਵਾਜ਼ਿ ਕੌਮ AWAZE QAUM International Newspaper & WEB TV



ਬੇਨਤੀ ਕਰਤਾ: ਭਾਈ ਸਤਵੰਤ ਸਿੰਘ ( ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ਜੀ )

ਸਮੂੰਹ ਸ਼ਹੀਦ ਪਰਿਵਾਰ ,ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀ 98103-84682




### ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਚੁਨੌਤੀ ਦੇਣ ’ਤੇ

# ਪਰਮਜੀਤ ਸਿੰਘ ਸਰਨਾ ਨੂੰ ਤਲਬ ਕੀਤਾ ਜਾਵੇ : ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੰਗ ਕੀਤੀ ਹੈ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਅਕਾਲੀ ਦਲ ਬਾਦਲ (ਦਿੱਲੀ ਸਟੇਟ) ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਖੁੱਲ੍ਹੀ ਚੁਨੌਤੀ ਦੇਣ ਦੇ ਦੋਸ਼ਾਂ ਤਹਿਤ ਤੁਰੰਤ ਜਵਾਬਤਲਬੀ ਲਈ ਤਲਬ ਕੀਤਾ ਜਾਵੇ।

ਪ੍ਰੋ. ਖਿਆਲਾ ਨੇ ਕਿਹਾ ਕਿ 11 ਅਪ੍ਰੈਲ 2010 ਨੂੰ ਭਾਈ ਲੱਖੀ ਸ਼ਾਹ ਵਣਜਾਰਾ ਹਾਲ, ਗੁਰਦੁਆਰਾ ਰਕਾਬਗੰਜ ਸਾਹਿਬ, ਨਵੀਂ ਦਿੱਲੀ ਵਿਖੇ ਪਰਮਜੀਤ ਸਿੰਘ ਸਰਨਾ ਦੀ ਅਗਵਾਈ ਹੇਠ “ਵਿਸ਼ਵ ਸਿੱਖ ਕਨਵੈਨਸ਼ਨ” ਦੇ ਨਾਂਅ ’ਤੇ ਪੇਸ਼ ਕੀਤਾ ਗਿਆ ਅਖੌਤੀ “ਐਲਾਨਨਾਮਾ” ਰਾਹੀਂ ਅਸਲ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ’ਤੇ ਸਵਾਲ ਖੜ੍ਹੇ ਕੀਤੇ ਗਏ, ਅਤੇ ਪੰਜ ਤਖ਼ਤਾਂ ਦੀ ਸਿਧਾਂਤਕ ਏਕਤਾ ਨੂੰ ਖੰਡਿਤ ਕਰਨ ਤੋਂ ਇਲਾਵਾ ਹੁਕਮਨਾਮਿਆਂ ਦੀ ਸਥਾਪਿਤ ਪੰਥਕ ਪਰੰਪਰਾ ਨੂੰ ਢਹਿ-ਢੇਰੀ ਕਰ ਕੇ ਪੰਥਕ ਪਰੰਪਰਾ ਮੁਤਾਬਕ ਜਾਰੀ ਕੀਤੇ ਗਏ ਹੁਕਮਨਾਮਿਆਂ ਦੀ ਪ੍ਰਮਾਣਿਕਤਾ ‘ਤੇ ਸੰਦੇਹ ਪੈਦਾ ਕੀਤਾ ਗਿਆ ਅਤੇ ਹੁਕਮਨਾਮਿਆਂ ਪ੍ਰਤੀ ਅ-ਪਾਬੰਦ ਬਣਾਉਣ ਦੀ ਸੁਚੇਤ ਅਤੇ ਯੋਜਨਾਬੱਧ ਸਾਜ਼ਿਸ਼ ਤਹਿਤ ਸੰਗਤ ਨੂੰ ਉਕਸਾਇਆ ਗਿਆ ਸੀ। ਪ੍ਰੋ. ਖਿਆਲਾ ਅਨੁਸਾਰ ਇਹ ਕਹਿ ਕੇ ਕਿ “ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਕਿਸੇ ਹੋਰ ਗ੍ਰੰਥ ਦਾ ਪ੍ਰਕਾਸ਼ ਕਰਨ ਵਾਲੀਆਂ ਸੰਸਥਾਵਾਂ/ਵਿਅਕਤੀ ਗੁਰੂ ਪੰਥ ਦੇ ਫ਼ੈਸਲਿਆਂ ਵਿੱਚ ਸ਼ਾਮਲ ਹੋਣ ਦੇ ਅਧਿਕਾਰੀ ਨਹੀਂ, ਉਨ੍ਹਾਂ ਦੀ ਸ਼ਮੂਲੀਅਤ ਨਾਲ ਕੀਤੇ ਫ਼ੈਸਲੇ/ਹੁਕਮਨਾਮੇ ਦਾ ਖ਼ਾਲਸਾ ਪੰਥ ਪਾਬੰਦ ਨਹੀਂ।”



ਸਪਸ਼ਟ ਤੌਰ ’ਤੇ ਉਨ੍ਹਾਂ ਦਾ ਨਿਸ਼ਾਨਾ ਸੱਚਖੰਡ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਅਤੇ ਅਬਚਲ ਨਗਰ ਸੱਚਖੰਡ ਹਜ਼ੂਰ ਸਾਹਿਬ ਸਨ, ਜਿਨ੍ਹਾਂ ਦੇ ਜਥੇਦਾਰ ਸਿੰਘ ਸਾਹਿਬਾਨ ਦੀ ਸ਼ਮੂਲੀਅਤ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੁਕਮਨਾਮਿਆਂ ਨੂੰ ਗੈਰ-ਪ੍ਰਮਾਣਿਕ ਠਹਿਰਾਇਆ ਜਾਣਾ ਸਿੱਧੇ ਤੌਰ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਚੁਨੌਤੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਖ਼ਾਲਸਾ ਪੰਥ ਦੀ ਆਜ਼ਾਦ ਹਸਤੀ ਅਤੇ ਸਰਬਉੱਚ ਪੰਥਕ ਕੇਂਦਰ ਹੈ, ਜਿੱਥੋਂ ਪੰਜ ਸਿੰਘ ਸਾਹਿਬਾਨ ਵੱਲੋਂ ਗੁਰਮਤ ਦੀ ਰੌਸ਼ਨੀ ਵਿੱਚ ਲਏ ਗਏ ਫ਼ੈਸਲੇ ਨੂੰ ਹਰ ਗੁਰਸਿੱਖ ’ਹੁਕਮ’ ਸਮਝ ਕੇ ਮੰਨਦਾ ਆਇਆ ਹੈ।

ਪ੍ਰੋ. ਖਿਆਲਾ ਅਨੁਸਾਰ, ਪਰਮਜੀਤ ਸਿੰਘ ਸਰਨਾ ਦੀ ਅਗਵਾਈ ਹੇਠ ਲਏ ਗਏ ਉਕਤ ਫ਼ੈਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜਾਂ ਤਖ਼ਤਾਂ ਦੀ ਸਾਂਝੀ ਸ਼ਮੂਲੀਅਤ ਨਾਲ ਜਾਰੀ ਹੋਏ ਹੁਕਮਨਾਮਿਆਂ ਨੂੰ ਪਰੋਖੇ ਤੌਰ ’ਤੇ ਰੱਦ ਕਰਨ ਦਾ ਐਲਾਨ ਹਨ ਅਤੇ ਪੰਥ ਵਿਚੋਂ ਛੇਕੇ ਹੋਇਆਂ ( ਪ੍ਰੋਫੈਸਰ ਦਰਸ਼ਨ ਸਿੰਘ ਰਾਗੀ) ਦਾ ਪੱਖ-ਪੂਰਨ ਦੀ ਕੋਸ਼ਿਸ਼ ਨਜ਼ਰ ਆਉਂਦੀ ਹੈ।

ਉਨ੍ਹਾਂ ਕਿਹਾ ਕਿ ਇਹ ਪੂਰੀ ਕਾਰਵਾਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤ, ਹੁਕਮ ਅਤੇ ਪੰਥਕ ਅਨੁਸ਼ਾਸਨ ਨੂੰ ਕਮਜ਼ੋਰ ਕਰਨ ਦੀ ਗਹਿਰੀ ਸਾਜ਼ਿਸ਼ ਹੈ ਅਤੇ ਪੰਜਾਂ ਤਖ਼ਤਾਂ ਦੇ ਦਰਸ਼ਨ-ਦੀਦਾਰ ਪ੍ਰਤੀ ਅਰਦਾਸ ਦੇ ਸੰਕਲਪ ਦਾ ਨਿਰਾਦਰ ਵੀ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੰਗ ਕੀਤੀ ਕਿ ਇਸ ਗੰਭੀਰ ਮਾਮਲੇ ਵਿੱਚ ਸ. ਪਰਮਜੀਤ ਸਿੰਘ ਸਰਨਾ ਨੂੰ ਤੁਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕਰਕੇ ਜਵਾਬਤਲਬੀ ਕੀਤੀ ਜਾਵੇ ਅਤੇ ਦੋਸ਼ੀ ਪਾਏ ਜਾਣ ’ਤੇ ਪੰਥਕ ਰਵਾਇਤਾਂ ਅਨੁਸਾਰ ਕੜੀ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਕੋਈ ਵੀ ਵਿਅਕਤੀ ਜਾਂ ਸੰਸਥਾ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨਾਲ ਖੇਡਣ ਦੀ ਹਮਾਕਤ ਨਾ ਕਰ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ



ਆਵਾਜ਼ਿ ਕੌਮ AWAZE QAUM International Newspaper & WEB TV

## ਸਵ. ਬੀਬੀ ਕਸ਼ਮੀਰ ਕੌਰ

ਬੀਬੀ ਕਸ਼ਮੀਰ ਕੌਰ (ਸੁਪਤਨੀ- ਸ. ਨਿਰਵੈਰ ਸਿੰਘ ਅਰਸ਼ੀ ਅਤੇ ਮਾਤਾ- ਭਾਈ ਨੌਨਿਹਾਲ ਸਿੰਘ (ਹਜ਼ੂਰੀ ਰਾਗੀ: ਤਖ਼ਤ ਸ੍ਰੀ ਕੇਸਗੜ੍ਹ ਸਾਹਿਬ), ਪ੍ਰੋ. ਮਨਪ੍ਰੀਤ ਸਿੰਘ ਅਤੇ ਸਤਨਾਮ ਕੌਰ ਡੀ. ਪੀ. ਈ. ਮੁਕਤਸਰ, ਜੋ ਪਰਮੇਸ਼ਰ ਵੱਲੋਂ ਬਖਸ਼ੀ ਹੋਈ ਆਯੂ ਨੂੰ ਸ.ਫਲਤਾ ਸਹਿਤ ਭੋਗ ਕੇ, ਮਿਤੀ 1 ਜਨਵਰੀ 2026 ਨੂੰ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਕ ਸ਼ਾਂਤੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦੇ ਸਹਿਜ ਪਾਠ ਦੇ ਭੋਗ ਮਿਤੀ 10 ਜਨਵਰੀ, 2026, ਦਿਨ ਸ਼ਨਿੱਚਰਵਾਰ ਨੂੰ ਸਵੇਰੇ 11 ਤੋਂ 1 ਵਜੇ ਤੀਕ (ਸ੍ਰੀ ਅਨੰਦਪੁਰ ਸਾਹਿਬ - ਸ੍ਰੀ ਕੀਰਤਪੁਰ ਸਾਹਿਬ ਰੋਡ ਉੱਤੇ ਸਥਿਤ) ਸਾਡੇ ਗ੍ਰਹਿ 'ਅਰਸ਼ੀ ਨਿਵਾਸ', ਨਜ਼ਦੀਕ ਕੋਹਲੀ ਹਸਪਤਾਲ ਅਤੇ ਅਨੰਦ ਪੈਲੇਸ, ਨਿੱਕੂਵਾਲ ਮੋੜ ਵਿਖੇ ਪਾਏ ਜਾਣਗੇ। ਅੰਤਮ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।

--★ ਗੁਰੂ ਦੇ ਭਾਣੇ ਵਿੱਚ ★--

ਨਿਰਵੈਰ ਸਿੰਘ ਅਰਸ਼ੀ: 9888636413

ਭਾਈ ਨੌਨਿਹਾਲ ਸਿੰਘ: 9779170001

ਪ੍ਰੋ. ਮਨਪ੍ਰੀਤ ਸਿੰਘ: 9878988375




### ਪਤੰਗਬਾਜ਼ੀ ਦੇ ਸੌਕੀਨ ਲੋਕਾਂ ਦੇ

# ਸ਼ੌਕ ਤੇ ਭਾਰੂ ਹੋਇਆ ਪੰਜਾਬ ਦਾ ਮੌਸਮ




**ਜੰਡਿਆਲਾ ਗੁਰੂ. 7 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਸਮੇਂ ਸਮੇਂ ਸਿਰ ਆਪਣੀ ਆਪਣੀ ਰੁਤੇ ਬਹੁਤ ਸਾਰੇ ਤਿਉਹਾਰ ਆਉਂਦੇ ਹਨ ਅਤੇ ਬੜੇ ਹੀ ਉਤਸ਼ਾਹ ਅਤੇ ਜੋਸ ਖਰੋਸ ਅਤੇ ਧੂਮ ਧੜੱਕੇ ਨਾਲ ਮਨਾਏ ਜਾਂਦੇ ਹਨ ਇਹਨਾਂ ਸਭ ਤਿਉਹਾਰਾਂ ਵਿੱਚੋਂ ਇੱਕ ਲੋਹੜੀ ਦਾ ਤਿਉਹਾਰ ਹੈ ਜੋ ਕਿ ਪੰਜਾਬ ਦਾ ਬਹੁਤ ਹੀ ਮਸ਼ਹੂਰ ਤਿਉਹਾਰ ਹੈ। ਜੇਕਰ ਦੂਸਰੇ ਤਿਉਹਾਰਾਂ ਦੀ ਗੱਲ ਕਰੀਏ ਤਾਂ ਬਾਕੀ ਸਾਰੇ ਤਿਉਹਾਰ ਇੱਕ ਜਾਂ ਦੋ ਦਿਨ ਹੀ ਹੁੰਦੇ ਹਨ ।ਪਰ ਲੋਹੜੀ ਦਾ ਤਿਉਹਾਰ ਇਸ ਤਰਾਂ ਦਾ ਤਿਉਹਾਰ ਹੈ ਘੱਟੋ ਘੱਟ ਦੱਸ ਦਿੱਨ ਪਹਿਲਾਂ ਅਤੇ ਲੋਹੜੀ ਤੋ ਪੰਦਰਾਂ ਵੀਹ ਦਿਨ ਬਾਅਦ ਵਿੱਚ ਵੀ ਮਨਾਇਆ ਜਾਂਦਾ ਹੈ। ਬਾਕੀ ਇਹ ਤਿਉਹਾਰ। ਪਤੰਗਬਾਜ਼ੀ ਦੇ ਸੌਕੀਨ ਹਰ ਉਮਰ ਦੇ ਵਿਅਕਤੀਆਂ ਲਈ ਉਤਸਾਹ ਦਾ ਕੇਂਦਰ ਹੈ। ਪਰ ਇਸ ਤਿਉਹਾਰ ਦੇ ਆਉਣ ਦੀ ਬੱਚਿਆਂ ਨੂੰ ਬੜੀ ਹੀ ਬੇਸਬਰੀ ਨਾਲ ਉਡੀਕ ਰਹਿੰਦੀ ਹੈ। ਕਿਉਂਕਿ ਇਹਨਾਂ ਦਿਨਾਂ ਵਿੱਚ ਬੱਚਿਆਂ ਨੂੰ ਸਕੂਲ ਤੋਂ ਵੀ ਸਰਦੀਆਂ ਦੀਆਂ ਛੁੱਟੀਆਂ ਹੁੰਦੀਆਂ ਹਨ ।ਅਤੇ ਕੰਮ ਕਾਰ ਵੀ ਜ਼ਿਆਦਾ ਠੰਢ ਹੋਣ ਕਰਕੇ ਮੰਦੇ ਹੁੰਦੇ ਹਨ ਜਿਸ ਕਰਕੇ ਜ਼ਿਆਦਾ ਤਰ ਲੋਕ ਇਹਨਾਂ ਦਿਨਾਂ ਵਿੱਚ ਵਿਹਲੇ ਹੁੰਦੇ ਹਨ ਅਤੇ ਪਤੰਗਬਾਜ਼ੀ ਦਾ ਵੱਧ ਤੋਂ ਵੱਧ ਆਨੰਦ ਮਾਣਦੇ ਹਨ। ਜੇਕਰ ਇਸ ਤਿਉਹਾਰ ਵਿੱਚ ਪਤੰਗਬਾਜ਼ੀ ਦੇ ਸੌਕੀਨ ਲੋਕਾਂ ਦੇ ਸ਼ੌਕ ਤੇ ਜੇਕਰ ਕੋਈ ਭਾਰੂ ਹੁੰਦਾ ਹੈ ਤਾਂ ਉਹ ਹੈ ਮੌਸਮ। ਇਹਨਾਂ ਦਿਨਾਂ ਵਿੱਚ ਮੌਸਮ ਵੀ ਆਪਣਾਂ ਕਰਵਟ ਬਦਲਦਾ ਹੈ। ਜੇਕਰ ਇਸ ਵਾਰ ਦੀ ਗੱਲ ਕਰੀਏ ਤਾਂ ਇਸ ਵਾਰ ਮੌਸਮ ਬਹੁਤ ਹੀ ਖਰਾਬ ਚਲ ਰਿਹਾ ਹੈ। ਜਿਸ ਕਰਕੇ ਪਤੰਗਬਾਜ਼ੀ ਦੇ ਸੌਕੀਨ ਲੋਕਾਂ ਦੇ ਦੇ ਚਿਹਰੇ ਤੇ ਮਾਯੂਸੀ ਦਾ ਆਲਮ ਝਲਕ ਰਿਹਾ ਹੈ ।ਇਸ ਵਕਤ ਬੱਚੇ ਤਾ ਤੜਕਸਾਰ ਉਠਕੇ ਸਾਵਧਾਨ ਹੋਕੇ ਸੂਰਜ ਅੱਗੇ ਨੱਕ ਗੋਡਾ ਰਗੜਦੇ ਹਨ ਕਿ ਕਦੋ ਸੂਰਜ ਦੇਵਤਾ ਨਿਕਲੇ ਤੇ ਕਦੋ ਅਸੀ ਛੱਤਾ ਤੇ ਚੜ੍ਹ ਕੇ ਪਤੰਗਬਾਜ਼ੀ ਦਾ ਅਨੰਦ ਮਾਣੀਏ ।ਪਰ ਇਸ ਵਾਰ ਬੱਚੇ ਵਾਰ ਵਾਰ ਮੋਬਾਇਲ ਤੇ ਮੌਸਮ ਦੀ ਭਵਿੱਖਬਾਣੀ ਵੇਖ ਕੇ ਆਪਣੇ ਆਪਣੇ ਦਿਲ ਨੂੰ ਧਰਵਾਸਾ ਦੇ ਰਹੇ ਹਨ ਸੋ ਅਸੀ ਵੀ ਆਸ ਕਰਦੇ ਹਾਂ ਕਿ ਪਰਮਾਤਮਾ ਹਰ ਕਿਸੇ ਲਈ ਇਹ ਤਿਉਹਾਰ ਖੁਸ਼ੀਆਂ ਖੇੜਿਆਂ ਨਾਲ਼ ਭਰਿਆ ਆਵੇ ਅਤੇ ਪਤੰਗਬਾਜ਼ੀ ਦੇ ਸੌਕੀਨ ਲੋਕਾਂ ਦੇ ਸ਼ੌਕ ਤੇ ਭਾਰੂ ਹੋਇਆ ਮੌਸਮ ਵੀ ਆਪਣਾਂ ਕਰਵਟ ਬਦਲੇ ਤਾਂ ਜੋ ਸਭ ਲੋਕ ਇਸ ਤਿਉਹਾਰ ਦਾ ਆਨੰਦ ਮਾਣ ਸਕਣ !

## ਸ੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ 15 ਜਨਵਰੀ ਤੋ ਸ਼ੁਰੂ ਹਰ ਪਰਿਵਾਰ ਨੂੰ ਮਿਲੇਗਾ 10 ਲੱਖ ਰੁਪਏ ਦਾ ਮੁਫ਼ਤ ਇਲਾਜ : ਹਰਜਿੰਦਰ ਸਿੰਘ ਰੰਧਾਵਾ ਉਸ਼ਮਾ, ਬੂਟਾ ਸਿੰਘ ਜਲਾਲ



ਚੌਕ ਮਹਿਤਾ,7 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਅੱਜ ਆਮ ਆਦਮੀ ਪਾਰਟੀ ਹਲਕਾ ਜੰਡਿਆਲਾ ਗੁਰੂ ਦੇ ਟ੍ਰੇਡ ਵਿੰਗ ਦੇ ਪ੍ਰਧਾਨ ਹਰਜਿੰਦਰ ਸਿੰਘ ਰੰਧਾਵਾ ਤੇ ਜ਼ਿਲਾ ਅੰਮ੍ਰਿਤਸਰ ਐਕਸਾਈਜ ਐਂਡ ਟੈਕਸੇਸ਼ਨ ਸਲਾਹਕਾਰ ਕਮੇਟੀ ਮੈਬਰ, ਪੰਜਾਬ ਸਰਕਾਰ ਅਤੇ ਬੂਟਾ ਸਿੰਘ ਮੀਡੀਆ ਇੰਚਾਰਜ ਰਈਆ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆ ਕਿਹਾ ਕੇ ਪੰਜਾਬ ਸਰਕਾਰ ਵੱਲੋ 15 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ ਜਿਸ ਅਧੀਨ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈਸ ਇਲਾਜ ਮਿਲੇਗਾ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਹੀ ਰੱਖੀ ਗਈ ਅਤੇ ਰਾਜ ਦੇ ਸਰਕਾਰੀ ਮੁਲਾਜ਼ਮਾ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ ਹਰਜਿੰਦਰ ਰੰਧਾਵਾ ਨੇ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ 15 ਜਨਵਰੀ ਨੂੰ ਇਸ ਯੋਜਨਾ ਦਾ ਸਰਕਾਰੀ ਤੋਰ ਤੇ ਆਗਾਜ ਕਰਨਗੇ ਉਨ੍ਹਾ ਨੇ ਕਿਹਾ ਕੇ ਪਹਿਲੀਆ ਸਰਕਾਰਾ ਵਲੋ ਚਲਾਈਆ ਸਿਹਤ ਯੋਜਨਾਵਾ ਵਿਚ ਕੇਵਲ 5 ਲੱਖ ਰੁਪਏ ਤੱਕ ਦੀ ਕਵਰੇਜ ਮਿਲਦੀ ਸੀ ਪਰ ਮਾਨ ਸਰਕਾਰ ਨੇ ਇਤਿਹਾਸਕ ਫੈਸ਼ਲਾ ਲੈਦੇ ਹੋਏ ਇਸ ਸੀਮਾ ਨੂੰ ਦੋਗੁਣਾ ਕਰਕੇ 10 ਲੱਖ ਰੁਪਏ ਕਰ ਦਿੱਤਾ ਹੈ ਉਨ੍ਹਾ ਕਿਹਾ ਕੇ ਯੋਜਨਾ ਦਾ ਹੱਕ ਹਰ ਨਿਵਾਸ਼ੀ ਨੂੰ ਹੋਵੇਗਾ ਅਤੇ ਕਿਸੇ ਵੀ ਪਰਿਵਾਰ ਨੂੰ ਇਸਦੇ ਲਾਭ ਤੋ ਬਾਹਰ ਨਹੀ ਰੱਖਿਆ ਜਾਵੇਗਾ ਇਸ ਯੋਜਨਾ ਸਹਿਤ ਸਰਕਾਰੀ ਅਤੇ ਪ੍ਰਾਈਵੇਟ ਦੋਵੇ ਪ੍ਰਕਾਰ ਦੇ ਐਮਪੈਨਲ ਹਸਪਤਾਲਾ ਵਿਚ ਇਲਾਜ ਕਰਵਾਇਆ ਜਾ ਸਕੇਗਾ ਅੰਤ ਵਿੱਚ ਹਰਜਿੰਦਰ ਰੰਧਾਵਾ ਤੇ ਬੂਟਾ ਜਲਾਲ ਨੇ ਕਿਹਾ ਕਿ ਇਹ ਯੋਜਨਾ ਸੂਬੇ ਲਈ ਸਿਹਤ ਖੇਤਰ ਵਿੱਚ ਇੱਕ ਕ੍ਰਾਂਤੀਕਾਰਾਤ ਕਦਮ ਸਾਬਤ ਹੋਵੇਗਾ ਜਿਸ ਨਾਲ ਹਰ ਘਰ ਨੂੰ ਗੁਣਵੱਤਾ ਭਰਭੂਰ ਅਤੇ ਮੁਫ਼ਤ ਇਲਾਜ ਦੀ ਪੂਰੀ ਗਾਰੰਟੀ ਮਿਲੇਗੀ।

### ਮਾਨ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ-ਈ:ਟੀ:ਓ

# ਲੱਤ ਕੱਟੇ ਜਾਣ ਵਾਲੇ ਕਿਸਾਨ ਨੂੰ 48 ਹਜ਼ਾਰ ਰੁਪਏ ਦਾ ਦਿੱਤਾ ਚੈਕ





ਜੰਡਿਆਲਾ ਗੁਰੂ 7 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਕਿਸਾਨਾਂ /ਮਜ਼ਦੂਰਾਂ ਦੇ ਭਲਾਈ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕੀਤਾ ਜਾ ਰਿਹਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ:ਟੀ:ਓ ਨੇ ਅੱਜ ਮਾਰਕੀਟ ਕਮੇਟੀ ਜੰਡਿਆਲਾ ਗੁਰੂ ਵਿਖੇ ਹਰ ਸਾਲ ਦੀ ਤਰ੍ਹਾਂ ਨਵੇਂ ਸਾਲ ਦੇ ਸਬੰਧ ਵਿੱਚ ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਦੇ ਹੋਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਮੌਕੇ ਕੀਤਾ। ਇਸ ਮੌਕੇ ਉਨਾਂ ਨੇ ਸਮੂਹ ਪੰਜਾਬੀਆਂ ਦੀ ਭਲਾਈ ਲਈ ਅਰਦਾਸ ਕਰਦਿਆਂ ਕਿਹਾ ਕਿ ਇਹ ਵਰ੍ਹਾ ਸਾਡੇ ਲਈ ਖੁਸ਼ਹਾਲੀ ਅਤੇ ਵਿਕਾਸ ਲੈ ਕੇ ਆਏ। ਇਸ ਉਪਰੰਤ ਕੈਬਨਿਟ ਮੰਤਰੀ ਸ: ਈ.ਟੀ.ਓ. ਨੇ ਪਿੰਡ ਜਾਣੀਆਂ ਦੇ ਜੈਦੀਪ ਸਿੰਘ ਸਪੁੱਤਰ ਕੈਪਟਨ ਸਿੰਘ ਜੰਡਿਆਲਾ ਗੁਰੂ ਜਿਸਦੀ ਕੀ ਜੁਲਾਈ 2025 ਵਿੱਚ ਆਪਣੇ ਘਰ ਵਿੱਚ ਪੱਠੇ ਕੁਤਰਦੇ ਸਮੇਂ ਲੱਤ ਕੱਟੀ ਗਈ ਸੀ ਨੂੰ ਕਿਸਾਨ ਮਜ਼ਦੂਰ ਹਾਦਸਾ ਭਲਾਈ ਯੋਜਨਾ ਤਹਿਤ 48 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਵੀ ਦਿੱਤਾ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਉਨਾਂ ਕਿਹਾ ਕਿ ਆਉਂਦੀਆਂ ਵਿਧਾਨਸਭਾ ਚੋਣਾਂ ਦੌਰਾਨ ਅਸੀਂ ਵਿਕਾਸ ਦੇ ਆਧਾਰ ਤੇ ਲੋਕਾਂ ਦੀ ਕਚਹਿਰੀ ਵਿੱਚ ਜਾਵਾਂਗੇ ਅਤੇ ਮੁੜ ਜਿੱਤ ਕੇ ਆਪਣੀ ਸਰਕਾਰ ਬਣਾਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਐਸਡੀਐਮ ਤਲਵੰਡੀ ਸਾਬੋ ਵੱਲੋਂ ਭੇਜੇ ਜੈਕਟਾਂ ਅਤੇ ਬੂਟ

# ਐੱਸਐਮਓ ਤਲਵੰਡੀ ਸਾਬੋ ਵੱਲੋਂ ਦਰਜਾ ਚਾਰ ਕਰਮਚਾਰੀਆਂ ਨੂੰ ਵੰਡੇ ਗਏ









**ਤਲਵੰਡੀ ਸਾਬੋ, 07 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਐੱਸਐਮਓ ਡਾ. ਰਵੀ ਕਾਂਤ ਦੀ ਅਗਵਾਈ ਹੇਠ ਜਿੱਥੇ ਵੱਖ-ਵੱਖ ਸਮਾਜਿਕ ਸੰਸਥਾਵਾਂ ਵੱਲੋਂ ਹਸਪਤਾਲ ਦੇ ਵਾਰਡਾਂ ਵਿੱਚ ਦਾਖ਼ਲ ਲੋੜਵੰਦ ਮਰੀਜ਼ਾਂ ਲਈ ਬਲੋਅਰ ਅਤੇ ਕੰਬਲ ਦਾਨ ਕੀਤੇ ਜਾ ਰਹੇ ਹਨ, ਉੱਥੇ ਹੀ ਅੱਜ ਐੱਸਡੀਐਮ ਤਲਵੰਡੀ ਸਾਬੋ ਵੱਲੋਂ ਭੇਜੇ ਗਏ ਜੈਕਟਾਂ ਅਤੇ ਬੂਟ ਸਿਵਲ ਹਸਪਤਾਲ ਦੇ ਦਰਜਾ ਚਾਰ ਕਰਮਚਾਰੀਆਂ ਨੂੰ ਵੰਡੇ ਗਏ। ਇਸ ਮੌਕੇ ਐੱਸਐਮਓ ਡਾ. ਰਵੀ ਕਾਂਤ ਵੱਲੋਂ ਹਸਪਤਾਲ ਦੇ ਸਮੂਹ ਸਟਾਫ ਨਾਲ ਇਕ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ, ਜਿਸ ਦੌਰਾਨ ਹਸਪਤਾਲ ਦੀਆਂ ਸੇਵਾਵਾਂ, ਮਰੀਜ਼ਾਂ ਦੀ ਸੰਭਾਲ ਅਤੇ ਸਟਾਫ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਡਾ. ਰਵੀ ਕਾਂਤ ਨੇ ਸਾਰੇ ਸਟਾਫ ਨਾਲ ਚਾਹ ਦਾ ਕੱਪ ਸਾਂਝਾ ਕਰਦਿਆਂ ਆਪਸੀ ਭਰੋਸੇ ਅਤੇ ਸਹਿਯੋਗ ਦਾ ਸੰਦੇਸ਼ ਦਿੱਤਾ। ਇਸ ਮੌਕੇ ਐੱਸਐਮਓ ਡਾ. ਰਵੀ ਕਾਂਤ ਨੇ ਕਿਹਾ ਕਿ ਸਰਦੀ ਦੇ ਮੌਸਮ ਵਿੱਚ ਮਰੀਜ਼ਾਂ ਅਤੇ ਹਸਪਤਾਲ ਦੇ ਸਟਾਫ਼ ਦੀ ਸਹੂਲਤ ਅਤੇ ਸੁਰੱਖਿਆ ਲਈ ਇਹ ਉਪਰਾਲੇ ਬਹੁਤ ਲਾਭਦਾਇਕ ਸਾਬਤ ਹੋ ਰਹੇ ਹਨ। ਉਨ੍ਹਾਂ ਨੇ ਐੱਸਡੀਐਮ ਤਲਵੰਡੀ ਸਾਬੋ ਅਤੇ ਸਮਾਜਿਕ ਸੰਸਥਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਮਾਜਿਕ ਸਹਿਯੋਗ ਨਾਲ ਹੀ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਇਆ ਜਾ ਸਕਦਾ ਹੈ। ਇਸ ਦੌਰਾਨ ਦਰਜਾ ਚਾਰ ਕਰਮਚਾਰੀਆਂ ਨਾਲ ਖ਼ਾਸ ਤੌਰ 'ਤੇ ਗਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਹਸਪਤਾਲ ਦੀ ਸਾਫ਼-ਸਫ਼ਾਈ ਅਤੇ ਰੋਜ਼ਾਨਾ ਦੇ ਕੰਮਕਾਜ ਵਿੱਚ ਦਰਜਾ ਚਾਰ ਕਰਮਚਾਰੀਆਂ ਦੀ ਭੂਮਿਕਾ ਬਹੁਤ ਅਹਿਮ ਹੈ। ਉਨ੍ਹਾਂ ਨੇ ਕਰਮਚਾਰੀਆਂ ਨੂੰ ਹੌਸਲਾ ਦਿੰਦਿਆਂ ਭਰੋਸਾ ਦਿਵਾਇਆ ਕਿ ਪ੍ਰਬੰਧਨ ਵੱਲੋਂ ਉਨ੍ਹਾਂ ਦੀ ਭਲਾਈ ਲਈ ਹਮੇਸ਼ਾ ਯਤਨ ਕੀਤੇ ਜਾਣਗੇ। ਦਰਜਾ ਚਾਰ ਕਰਮਚਾਰੀਆਂ ਨੇ ਵੀ ਐੱਸਐਮਓ ਡਾ. ਰਵੀ ਕਾਂਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਹਿਲੀ ਵਾਰ ਉਨ੍ਹਾਂ ਨਾਲ ਇਸ ਤਰ੍ਹਾਂ ਸਿੱਧੀ ਗਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਜੈਕਟਾਂ ਅਤੇ ਬੂਟ ਮਿਲਣ ਨਾਲ ਸਰਦੀ ਦੇ ਮੌਸਮ ਵਿੱਚ ਕੰਮ ਕਰਨ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਇਸ ਤਰ੍ਹਾਂ ਦੇ ਉਪਰਾਲੇ ਕਰਮਚਾਰੀਆਂ ਦਾ ਮਨੋਬਲ ਹੋਰ ਮਜ਼ਬੂਤ ਕਰਦੇ ਹਨ। ਜੈਕਟਾਂ ਅਤੇ ਬੂਟ ਮਿਲਣ 'ਤੇ ਪ੍ਰਸ਼ਾਸਨ ਅਤੇ ਹਸਪਤਾਲ ਪ੍ਰਬੰਧਨ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਕਟਰ ਲਵਕੇਸ਼ ਗੁਪਤਾ, ਡਾਕਟਰ ਸ਼ਿਵਾਲੀ ਗੋਇਲ, ਡਾਕਟਰ ਅਮਨਪ੍ਰੀਤ ਸਿੰਘ ਸੇਠੀ, ਡਾਕਟਰ ਤੇਜਿੰਦਰਪਾਲ ਕੌਰ, ਫਾਰਮਾਸਿਸਟ ਜਸਵੀਰ ਸਿੰਘ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਨੇਰਾ ਦੀ ਸੰਗਤ ਨੇ ਰਾਹੀਆ ਵਾਸਤੇ ਲੰਗਰ ਲਗਾਇਆ




**ਪਟਿਆਲਾ (ਰਣਜੀਤ ਸਿੰਘ ਪੇਧਨੀ )**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਨਗਰ ਨਿਵਾਸੀਆਂ ਬਨੇਰਾ ਵੱਲੋਂ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਸੰਗਰੂਰ ਪਟਿਆਲਾ ਰੋਡ ਤੇ ਆਉਣ ਜਾਣ ਵਾਲੀਆਂ ਸੰਗਤਾਂ ਦੇ ਲਈ ਦੋ ਦਿਨਾਂ ਬਰੈਡ ਪਕੌੜੇ ਅਤੇ ਦਾਲ ਰੋਟੀ ਦਾ ਲੰਗਰ ਲਗਾਇਆ ਗਿਆ । ਇਸ ਮੌਕੇ ਮੇਜਰ ਸਿੰਘ, ਰਣਜੀਤ ਸਿੰਘ ਗਿੱਲ ਸੁਖਚੈਨ ਸਿੰਘ ਚੈਨੀ,ਸੇਰ ਸਿੰਘ, ਗੁਰਤੇਜ ਸਿੰਘ,ਸੁਖਚੈਨ ਸਿੰਘ ਸੋਨੀ,ਪਾਲ ਸਿੰਘ ਜਸਵੀਰ ਸਿੰਘ ਸੀਰਾ,ਨਿਰਭੈ ਸਿੰਘ, ਸੁਖਵਿੰਦਰ ਸਿੰਘ ਜਗਦੀਪ ਸਿੰਘ, ਸਿੰਦਾ ਸਿੰਘ, ਹਨੀ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨਾਲ ਹਰ ਪਰਿਵਾਰ ਨੂੰ ਮਿਲੇਗਾ 10 ਲੱਖ ਦਾ ਮੁਫ਼ਤ ਇਲਾਜ : ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ 15 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਅਧੀਨ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈੱਸ ਇਲਾਜ ਮਿਲੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦੇ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਹੀਂ ਰੱਖੀ ਗਈ ਅਤੇ ਰਾਜ ਦੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਵਿੱਚ ਸ਼ਾਮਿਲ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ 15 ਜਨਵਰੀ ਨੂੰ ਇਸ ਯੋਜਨਾ ਦਾ ਸਰਕਾਰੀ ਤੌਰ 'ਤੇ ਆਗਾਜ਼ ਕਰਨਗੇ। ਉਨ੍ਹਾਂ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵੱਲੋਂ ਚਲਾਈਆਂ ਸਿਹਤ ਯੋਜਨਾਵਾਂ ਵਿੱਚ ਕੇਵਲ 5 ਲੱਖ ਰੁਪਏ ਤੱਕ ਦੀ ਕਵਰੇਜ ਮਿਲਦੀ ਸੀ, ਪਰ ਮਾਨ ਸਰਕਾਰ ਨੇ ਇਤਿਹਾਸਕ ਫੈਸਲਾ ਲੈਂਦੇ ਹੋਏ ਇਸ ਸੀਮਾ ਨੂੰ ਦੋਗੁਣਾ ਕਰਕੇ 10 ਲੱਖ ਰੁਪਏ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਯੋਜਨਾ ਦਾ ਹੱਕ ਹਰ ਨਿਵਾਸੀ ਨੂੰ ਹੋਵੇਗਾ ਅਤੇ ਕਿਸੇ ਵੀ ਪਰਿਵਾਰ ਨੂੰ ਇਸਦੇ ਲਾਭ ਤੋਂ ਬਾਹਰ ਨਹੀਂ ਰੱਖਿਆ ਜਾਵੇਗਾ। ਇਸ ਯੋਜਨਾ ਤਹਿਤ ਸਰਕਾਰੀ ਅਤੇ ਪ੍ਰਾਈਵੇਟ ਦੋਵੇਂ ਪ੍ਰਕਾਰ ਦੇ ਐਮਪੈਨਲ ਹਸਪਤਾਲਾਂ ਵਿੱਚ ਇਲਾਜ ਕਰਵਾਇਆ ਜਾ ਸਕੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪੱਤਰਕਾਰ ਜਸਵੀਰ ਸਿੰਘ ਮਾਨ ਲੜਨਗੇ 20 ਨੰਬਰ ਵਾਰਡ ਤੋਂ ਨਗਰ ਕੌਂਸਲਰ ਦੀ ਚੋਣ



**ਸੰਗਾਲਾ/ਧੂਰੀ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਧੂਰੀ ਸ਼ਹਿਰ ਅਤੇ ਇਲਾਕੇ ਵਿੱਚ ਪੱਤਰਕਾਰੀ ਦੇ ਤੌਰ ਤੇ ਇਮਾਨਦਾਰੀ ਨਾਲ ਕੰਮ ਕਰ ਰਹੇਡਾਕਟਰ ਜਸਬੀਰ ਸਿੰਘਮਾਨ ਬੱਲੋ ਵਾਰਡ ਨੰਬਰ 20 ਤੋਂ ਚੋਣ ਲੜਨ ਦਾ ਐਲਾਨ ਕਰ ਦਿੱਤਾ ਗਿਆ ਹੈ। ਡਾਕਟਰ ਪਿਛਲੇ ਲੰਮੇ ਸਮੇਂ ਤੋਂ 20 ਨੰਬਰ ਵਾਰਡ ਦੀਆਂ ਸਮੱਸਿਆਵਾਂ ਮੁਸ਼ਿਕਲਾਂ ਕੰਮਾਂ ਕਾਰਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਵਾਉਣ ਦੇ ਆ ਰਹੇ ਹਨ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਡਾਕਟਰ ਜਸਵੀਰ ਮਾਨ ਨੇ ਕਿਹਾ ਹ ਕਿ ਉਹ 20 ਨੰਬਰ ਵਾਰਡ ਦੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੇ ਹਨ। ਉਹ ਪਹਿਲਾਂ ਵੀ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਆਪਣਾ ਬਣਦਾ ਯੋਗਦਾਨ ਪਾ ਕੇ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਪਰ ਮਹੱਲਾ ਨਿਵਾਸੀਆਂ ਅਤੇ 20 ਨੰਬਰ ਵਾਰਡ ਦੇ ਮੁਹਤਬਰ ਵਿਅਕਤੀਆਂ ਦੇ ਕਹਿਣ ਅਤੇ ਉਹਨਾਂ ਵੱਲੋਂ ਹੱਲਾਸਰੀ ਦੇਣ ਤੇ ਉਹ 20 ਨੰਬਰ ਵਾਰਡ ਤੋਂ ਚੋਣ ਨਗਰ ਕੌਂਸਲਰ ਦੀ ਚੋਣ ਲੜਨ ਦਾ ਐਲਾਨ ਕਰਦੇ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਪਾਵਰਕੌਮ ਐਂਡ ਟਰਾਂਸਕੋ ਪੈਨਸਨ ਯੂਨੀਅਨ ਵੱਲੋਂ ਕੈਲੰਡਰ ਜਾਰੀ ਕੀਤਾ ਗਿਆ

**ਸੰਗਾਲਾ/ਧੂਰੀ (ਰਣਜੀਤ ਸਿੰਘ ਪੇਧਨੀ)**-ਪਾਵਰਕੌਮ ਐਂਡ ਟਰਾਂਸਕੋ ਪੈਨਸਨ ਯੂਨੀਅਨ ਡਵੀਜ਼ਨ ਧੂਰੀ ਦੀ ਮਹੀਨਾ ਵਾਰ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਸਾਥੀ ਗੁਰਮੁਖ ਸਿੰਘ ਨੇ ਕੀਤੀ ਮੀਟਿਗ ਵਿੱਚ ਵਿਸੇਸ ਤੌਰ ਤੇ ਕਾਮਰੈਡ ਸੁਖਦੇਵ ਰਾਮ ਸ਼ਰਮਾ ਅਤੇ ਕਾਮਰੈਡ ਸੁਰਿੰਦਰ ਸ਼ਰਮਾ ਜੀ ਨੇ ਸ਼ਿਰਕਤ ਕੀਤੀ । ਮੀਟਿੰਗ ਵਿੱਚ ਕਈ ਅਹਿਮ ਮੁੱਦਿਆਂ ਉੱਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਨਵੇਂ ਸਾਲ 2026 ਦੇ ਕੈਲੰਡਰ ਸਾਰੇ ਸਾਥੀਆ ਨੂੰ ਦਿੱਤੇ ਗਏ ਅਤੇ ਮਹੀਨਾ ਵਾਰ ਮੀਟਿੰਗ ਹਰੇਕ ਮਹੀਨੇ ਦੀ ਸੱਤ ਤਰੀਕ ਨੂੰ ਕਰਨ ਦਾ ਫ਼ੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸਾਥੀ ਗੁਰਦੀਪ ਸਿੰਘ ਸੱਤਪਾਲ ਜੀ ਮੋਦਨ ਸਿੰਘ ਕੁਲਦੀਪ ਸਿੰਘ ਕਰਨੈਲ ਸਿੰਘ ਗੁਰਧਿਆਨ ਸਿੰਘ ਗਗਨਦੀਪ ਸਿੰਘ ਬੇਅੰਤ ਸਿੰਘ ਜੀ ਨੇ ਵੀ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਪਠਲਾਵਾ ਸੰਸਥਾ ਅਤੇ ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਨਵਾਂ ਸ਼ਹਿਰ ਵਲੋਂ ਪਿੰਡ ਸੂਰਾਪੁਰ ਤੇ ਐਮਾ ਜੱਟਾਂ ਵਿਖੇ

# ਬਾਲੜੀਆਂ ਦੀ ਲੋਹੜੀ ਦਾ ਪਲੇਠਾ ਸਮਾਗਮ ਹੋਇਆ

















ਸਮਾਜ ਦੀ ਬਾਲੜੀਆਂ ਪ੍ਰਤੀ ਸੌੜੀ ਸੋਚ ਨੂੰ ਹਲੂਣਾ ਦੇਣ ਹਿਤ ਪਿੰਡ ਸੂਰਾਪੁਰ ਤੇ ਐਮਾ ਜੱਟਾਂ ਵਿਖੇ ਪਲੇਠਾ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਨਵਾਂ ਸ਼ਹਿਰ ਦੇ ਪ੍ਰਧਾਨ ਸ ਜਸਪਾਲ ਸਿੰਘ ਗਿੱਦਾ ਅਤੇ ਪਿੰਡ ਸੂਰਾਪੁਰ ਦੇ ਨੌਜਵਾਨ ਸਰਪੰਚ ਸ ਅਮਨਦੀਪ ਸਿੰਘ ਵਲੋਂ ਸਾਂਝੇ ਤੌਰ ਤੇ ਕੀਤੀ ਗਈ। ਖਚਾਖਚ ਭਰੇ ਹਾਲ ਕਮਰੇ ਵਿਚ ਪੱਤਵੰਤੇ ਸੱਜਣਾ ਨੂੰ ਸੰਬੋਧਨ ਕਰਦਿਆਂ ਸ ਇੰਦਰਜੀਤ ਸਿੰਘ ਵਾਰੀਆ,ਪ੍ਰਿੰਸੀਪਲ ਸ ਜਸਪਾਲ ਸਿੰਘ ਗਿੱਦਾ,ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ,ਮਾ ਨਰਿੰਦਰ ਸਿੰਘ ਭਾਰਟਾ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਅਮਨਦੀਪ ਸਿੰਘ ਸੂਰਾਪੁਰ,ਮਾਸਟਰ ਰਾਮੇਸ਼ ਕੁਮਾਰ ਪਠਲਾਵਾ,ਮਾਂ ਤਰਲੋਚਨ ਸਿੰਘ ਪਠਲਾਵਾ , ਜਸਵੀਰ ਸਿੰਘ ਪੰਚ ਅਤੇ ਪ੍ਰਮਜੀਤ ਸਿੰਘ ਸੂਰਾਪੁਰ ਬੁਲਾਰਿਆਂ ਨੇ ਇਕ ਸੁਰ ਵਿਚ ਆਖਿਆ ਕਿ ਅਜ਼ਾਦੀ ਦੇ ਅੱਠ ਦਹਾਕਿਆਂ ਬਾਅਦ ਵੀ ਬੇਟੀਆਂ ਨੂੰ ਲੜਕਿਆ ਦੇ ਬਰਾਬਰ ਮਾਣ ਸਤਿਕਾਰ ਦੇਣ ਲਈ ਸਮਾਜ ਸੇਵੀ ਸੰਸਥਾਵਾਂ ਨੂੰ ਹੋਕਾ ਦੇਣਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਪਰਮਾਤਮਾ ਦਾ ਇਕ ਨਿਯਮ ਹੈ ਉਹ ਸ੍ਰਿਸ਼ਟੀ ਦਾ ਸੰਤੁਲਿਤ ਬਨਾਉਣ ਵਿਚ ਕੋਈ ਭਿੰਨ ਭੇਦ ਨਹੀਂ ਕਰਦਾ , ਫਿਰ ਇਨਸਾਨ ਨੂੰ ਕੀ ਹੱਕ ਹੈ ਕਿ ਉਹ ਕੁਦਰਤੀ ਪ੍ਰਬੰਧਨ ਵਿਚ ਆਪਣੇ ਤਕਨੀਕੀ ਸਿਸਟਮ ਅਤੇ ਸੌੜੀ ਸੋਚ ਨਾਲ ਇਸ ਵਿਚ ਵਿਗਾੜ ਪਾਉਣ ਦਾ ਕੋਜਾ ਹੱਥ ਕੰਡਾ ਵਰਤ ਰਿਹਾ ਹੈ। ਬੁਲਾਰਿਆਂ ਨੇ ਬੁਲੰਦ ਅਵਾਜ਼ ਵਿਚ ਲੋਕਾਂ ਨੂੰ ਭਾਵੁਕ ਅਪੀਲ ਕਰਦਿਆਂ ਆਖਿਆ ਕਿ ਇਹਨਾਂ ਬਾਲੜੀਆਂ ਸਦਕਾ ਹੀ ਸ੍ਰਿਸ਼ਟੀ ਦੀ ਹੋਂਦ ਕਾਇਮ ਹੈ। ਸਾਡੇ ਗੁਰੂ ਸਾਹਿਬਾਨ ਨੇ ਵੀ ਇਸ ਨੂੰ ਜਗਤ ਜਨਨੀ ਦਾ ਖਿਤਾਬ ਦੇ ਕੇ ਨਿਵਾਜਿਆ ਹੈ। ਇਹਨਾਂ ਬੇਟੀਆਂ ਨੂੰ ਸਮੇਂ ਦੇ ਹਾਣੀ ਬਨਾਉਣ ਲਈ ਵਿਦਿਆ ਰੂਪੀ ਦਾਨ ਨਾਲ ਪਰਪੱਕ ਬਨਾਉਣ ਤੇ ਜ਼ੋਰ ਦਿਤਾ ਗਿਆ। ਗਰੀਬ ਪਰਿਵਾਰਾਂ ਨੂੰ ਅਪੀਲ ਕਰਦਿਆਂ ਆਖਿਆ ਕਿ ਇਹਨਾਂ ਬੇਟੀਆਂ ਨੂੰ ਸਰਕਾਰੀ ਸਕੂਲਾਂ ਵਿਚ ਜਿਥੇ ਹੁਣ ਹਰ ਪ੍ਰਕਾਰ ਦੀ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ ਪੜਨ ਲਈ ਭੇਜਿਆਂ ਜਾਵੇ। ਇਸ ਅਵਸਰ ਤੇ ਨਵਜੰਮੀਆਂ ਮਹਿਮਾਨ ਬਾਲੜੀਆਂ ਨੂੰ ਪਠਲਾਵਾ ਸੰਸਥਾ ਅਤੇ ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਵੱਲੋਂ ਤੋਹਫ਼ੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ।



ਇਸ ਅਵਸਰ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਉਪ ਚੇਅਰਮੈਨ ਸ ਅਮਰਜੀਤ ਸਿੰਘ ਸੂਰਾਪੁਰ,ਆਤਮਾਂ ਸਿੰਘ ਸੂਰਾਪੁਰ,ਹਰਭਜਨ ਸਿੰਘ ਸੂਰਾਪੁਰ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਪਰਵਿੰਦਰ ਸਿੰਘ ਰਾਣਾ ਜੀ , ਡਾ ਕੁਲਦੀਪ ਰਾਜ ਬੰਗਾ,ਸੰਦੀਪ ਕੁਮਾਰ ਗੌੜ, ਕੁਲਵਿੰਦਰ ਸਿੰਘ ਲਾਲੀ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਨਵਾਂ ਤੋ ਦੇਸ਼ ਰਾਜ ਬਾਲੀ ਡਾ ਅਵਤਾਰ ਸਿੰਘ ਦੇਨੋਵਾਲ ਕਲਾਂ, ਬੀਰਬਲ ਤੱਖੀ, ਚਰਨਜੀਤ ਸਿੰਘ ਭੀਮ,, ਸਾਰਿਕਾ ਸੋਨੀ ਸੁਜੋਂ,ਮੈਡਮ ਰਜਿੰਦਰ ਕੌਰ ਗਿੱਦਾ,ਮੈਡਮ ਜੋਤੀ ਬੱਗਾ,ਮੈਡਮ ਬਲਵਿੰਦਰ ਕੌਰ ਬਾਲੀ,ਮੈਡਮ ਸਮਾਂ ਮੱਲ੍ਹਣ,ਮੈਡਮ ਹਰਬੰਸ ਕੌਰ, ਰਸ਼ਪਾਲ ਕੌਰ ਸਰੋਆ, ਕਮਲਜੀਤ ਕੌਰ, ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ,,ਅਵਤਾਰ ਸਿੰਘ ਸੂਰਾਪੁਰ, ਮਹਿੰਦਰ ਸਿੰਘ ਬੰਗਾ ਕਰਨੈਲ ਸਿੰਘ,ਜਸਵੀਰ ਸਿੰਘ ਪੰਚ ਹਰਮਿੰਦਰ ਕੌਰ ਸਾਬਕਾ ਪੰਚ, ਇੰਦਰਜੀਤ ਕੌਰ ਪੰਚ ਬਲਵੀਰ ਕੌਰ ਸਿਲਾਈ ਟੀਚਰ, ਸੰਸਥਾ ਪਠਲਾਵਾ ਵਲੋਂ ਚਲਾਏ ਜਾ ਰਹੇ ਸਿਲਾਈ ਸੈਂਟਰ ਦੀਆਂ ਸਮੂਹ ਸਿਖਿਆਰਥਣਾਂ, ਕਾਕਾ ਸਰਬਜੋਤ ਸਿੰਘ ਸੂਰਾਪੁਰ ਪ੍ਰਭਜੋਤ ਸਿੰਘ ਪਠਲਾਵਾ,ਬਲਜੀਤ ਸਿੰਘ ਪਠਲਾਵਾ ਹਾਜਿਰ ਸਨ ਸਮਾਗਮ ਦੇ ਆਖ਼ਿਰ ਵਿਚ ਢੋਲ ਦੇ ਡਗੇ ਤੇ ਦੇਸਰਾਜ ਬਾਲੀ ਦੁਆਰ ਤਿਆਰ ਬੇਟੀਆਂ ਦੇ ਗੀਤ, ਸਮੂਹਿਕ ਵਿਚ ਗੁਣਗਾਨ ਕਰਦਿਆਂ ਪੂਰੇ ਸੂਰਾਪੁਰ ਪਿੰਡ ਦਾ ਚੱਕਰ ਲਗਾ ਕੇ ਧੀਆਂ ਦੇ ਹੱਕ ਵਿੱਚ ਇਕ ਨਿਵੇਕਲਾ ਸੁਨੇਹਾ ਦਿਤਾ ਗਿਆ।

**ਵਿਸ਼ੇਸ਼ ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਆਵਾਜ਼ਿ ਕੌਮ AWAZE QAUM International Newspaper & WEB TV

# ਕਮਲ ਧਾਲੀਵਾਲ ਨੇ ਲਾਂਗੜੀਆਂ ਤੋਂ ਢੀਂਡਸਾ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



ਸੰਗਾਲਾ (ਰਣਜੀਤ ਸਿੰਘ ਪੇਧਨੀ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੇ ਅਤੀ ਨਜ਼ਦੀਕੀਆਂ ਵਿੱਚੋਂ ਜਾਣੇ ਜਾਂਦੇ ਹਲਕਾ ਅਮਰਗੜ੍ਹ ਤੋਂ ਕਾਂਗਰਸ ਪਾਰਟੀ ਦੇ ਪ੍ਰਮੁੱਖ ਆਗੂ, ਉੱਘੇ ਸਮਾਜ ਸੇਵੀ ਕਮਲ ਧਾਲੀਵਾਲ ਨੇ ਹਲਕੇ ਵਿੱਚ ਪੈਂਦੇ ਪਿੰਡ ਲਾਂਗੜੀਆਂ ਤੋਂ ਸ.ਅਵਤਾਰ ਸਿੰਘ ਢੀਂਡਸਾ ਤੇ ਸ: ਭੁਪਿੰਦਰ ਸਿੰਘ ਢੀਂਡਸਾ ਦੇ ਸਤਿਕਾਰਯੋਗ ਸਵ. ਮਾਤਾ ਤੇਜ ਕੌਰ ਜੀ ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਅੱਜ ਉਨ੍ਹਾ ਦੇ ਗ੍ਰਹਿ ਪਹੁੰਚਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਕਮਲ ਧਾਲੀਵਾਲ ਨੇ ਕਿਹਾ ਹੈ ਕਿ ਜਿੱਥੇ ਉਹ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਦੇ ਹਨ ਉੱਥੇ ਹੀ ਉਹ ਪਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ । ਇਸ ਮੌਕੇ ਚੇਅਰਮੈਨ ਹਰਜਿੰਦਰ ਸਿੰਘ ਜੀ ਕਾਕਾ ਨੱਥੂ ਮਾਜਰਾ , ਜਿਲ੍ਹਾ ਪ੍ਰੀਸ਼ਦ ਮੈਂਬਰ ਨਿਰਮਲਜੀਤ ਸਿੰਘ ਸੰਗਾਲੀ, ਪ੍ਰਧਾਨ ਵਿਕਾਸ ਟੰਡਨ ,ਹਰਪ੍ਰੀਤ ਸਿੰਘ ਬਾਗੜੀਆ, ਪ੍ਰਧਾਨ ਪ੍ਰਿੰਸ ਜੋਸ਼ੀ , ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਚੱਠਾ ਨੇ ਕੀਤਾ ਵਾਰਡ ਨੰਬਰ 10 ਤੋਂ ਕੌਂਸਲਰ ਦੀ ਚੋਣ ਲੜਨ ਦਾ ਐਲਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਵੇਂ ਕਿ ਅਜੇ ਨਗਰ ਕੌਂਸਲ ਦੀਆਂ ਚੋਣਾਂ ਦਾ ਐਲਾਨ ਨਹੀਂ ਹੋਇਆ ਪਰ ਚੋਣਾਂ ਲੜਨ ਵਾਲੇ ਚਾਹਵਾਨਾਂ ਵੱਲੋਂ ਆਪੋ ਆਪਣੇ ਵਾਰਡਾਂ ਵਿੱਚ ਆਪਣੀਆਂ ਸਰਗਰਮੀਆਂ ਤੇਜ਼ ਕੀਤੀਆਂ ਗਈਆਂ ਹਨ । ਇਸੇ ਹੀ ਤਹਿਤ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਅਤੀ ਨਜ਼ਦੀਕੀਆਂ ਵਿੱਚੋਂ ਐਫਸੀਆਈ ਟਰੇਡ ਯੂਨੀਅਨ ਦੇ ਕੌਮੀ ਪ੍ਰਧਾਨ ਸਰਦਾਰ ਸਤਿੰਦਰ ਸਿੰਘ ਚੱਠਾ ਦੇ ਫਰਜੰਦ ਵਿਕਰਾਂਤ ਚਿੱਠਾ ਵੱਲੋਂ ਵਾਰਡ ਨੰਬਰ 10 ਤੋਂ ਨਗਰ ਕੌਂਸਲਰ ਦੀ ਚੋਣ ਲੜਨ ਦਾ ਰਸਮੀ ਐਲਾਨ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਕਮੇਟੀ ਵਫਦ ਵਲੋਂ ਆਪ ਆਗੂ ਆਤਿਸ਼ੀ ਵਿਰੁੱਧ ਕਾਰਵਾਈ ਲਈ ਮੁੱਖਮੰਤਰੀ ਨਾਲ ਮੁਲਾਕਾਤ

## ਆਤਿਸ਼ੀ ਦੇ ਗੁਰੂ ਤੇਗ ਬਹਾਦਰ ਜੀ ਉਪਰ ਦਿੱਤੇ ਬਿਆਨ ਤੇ ਵਿਧਾਨ ਸਭਾ ਵਿਚ ਭਾਜਪਾਈਆਂ ਨੇ ਕੀਤਾ ਹੰਗਾਮਾ



ਨਵੀਂ ਦਿੱਲੀ 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਦੀ ਅਗਵਾਈ ਹੇਠ ਇੱਕ ਵਫ਼ਦ ਨੇ ਦਿੱਲੀ ਵਿਧਾਨ ਸਭਾ ਵਿੱਚ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨਾਲ ਮੁਲਾਕਾਤ ਕੀਤੀ। ਇਹ ਮੁਲਾਕਾਤ ਸਿੱਖ ਭਾਈਚਾਰੇ, ਗੁਰਦੁਆਰਾ ਪ੍ਰਸ਼ਾਸਨ ਅਤੇ ਜਨਤਕ ਅਤੇ ਭਾਈਚਾਰਕ ਮਾਮਲਿਆਂ 'ਤੇ ਦਿੱਲੀ ਸਰਕਾਰ ਨਾਲ ਤਾਲਮੇਲ ਨਾਲ ਸਬੰਧਤ ਮੁੱਖ ਮੁੱਦਿਆਂ 'ਤੇ ਕੇਂਦਰਿਤ ਸੀ ਤੇ ਉਨ੍ਹਾਂ ਵਲੋਂ ਆਪ ਆਗੂ ਆਤਿਸ਼ੀ ਵਿਰੁੱਧ ਗੁਰੂ ਤੇਗ ਬਹਾਦਰ ਜੀ ਦਾ ਅਪਮਾਨ ਕਰਨ ਦਾ ਦੋਸ਼ ਲਗਾਇਆ ਗਿਆ ਸੀ । ਇਸ ਮੁਲਾਕਾਤ ਵਿਚ ਵਫਦ ਵਲੋਂ ਆਤਿਸ਼ੀ ਵਿਰੁੱਧ ਕਾਰਵਾਈ ਕਰਣ ਲਈ ਇਕ ਮੰਗ ਪੱਤਰ ਦਿੱਤਾ ਗਿਆ । ਦਿੱਲੀ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੀ ਨੇਤਾ ਆਤਿਸ਼ੀ ਦੇ ਬਿਆਨ ਨੂੰ ਲੈ ਕੇ ਹੰਗਾਮਾ ਸ਼ੁਰੂ ਹੋ ਗਿਆ ਹੈ। ਭਾਜਪਾ ਵਿਧਾਇਕਾਂ ਨੇ ਆਤਿਸ਼ੀ 'ਤੇ ਸਿੱਖ ਗੁਰੂਆਂ ਦਾ ਅਪਮਾਨ ਕਰਨ ਦਾ ਦੋਸ਼ ਲਗਾ ਕੇ ਹੰਗਾਮਾ ਕੀਤਾ। ਮੈਂਬਰਾਂ ਨੇ ਇਸ ਤੇ ਕਾਰਵਾਈ ਦੀ ਮੰਗ ਨੂੰ ਲੈ ਕੇ ਵਿਧਾਨ ਸਭਾ ਵਿੱਚ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ, ਜਿਸ ਕਾਰਨ ਕਾਰਵਾਈ ਮੁਲਤਵੀ ਕਰਨੀ ਪਈ। ਵਿਧਾਨ ਸਭਾ ਸਪੀਕਰ ਨੇ ਆਤਿਸ਼ੀ ਨੂੰ ਇੱਕ ਘੰਟੇ ਦੇ ਅੰਦਰ ਸਦਨ ਵਿੱਚ ਵਾਪਸ ਆਉਣ ਅਤੇ ਆਪਣਾ ਪੱਖ ਪੇਸ਼ ਕਰਨ ਲਈ ਕਿਹਾ। ਬਾਅਦ ਵਿੱਚ, ਜਿਵੇਂ ਹੀ ਹੰਗਾਮਾ ਜਾਰੀ ਰਿਹਾ, ਕਾਰਵਾਈ ਵੀਰਵਾਰ ਤੱਕ ਮੁਲਤਵੀ ਕਰ ਦਿੱਤੀ ਗਈ। ਵਿਧਾਨ ਸਭਾ ਵਿੱਚ, ਮੰਤਰੀ ਮਨਜਿੰਦਰ ਸਿੰਘ ਸਿਰਸਾ, ਵਿਧਾਇਕ ਅਰਵਿੰਦਰ ਸਿੰਘ ਲਵਲੀ ਅਤੇ ਵਿਧਾਇਕ ਤਰਵਿੰਦਰ ਸਿੰਘ ਮਾਰਵਾਹ ਨੇ ਆਤਿਸ਼ੀ 'ਤੇ ਗੁਰੂ ਤੇਗ ਬਹਾਦਰ ਜੀ ਦਾ ਅਪਮਾਨ ਕਰਨ ਦਾ ਦੋਸ਼ ਲਗਾਇਆ। ਕਪਿਲ ਮਿਸ਼ਰਾ ਨੇ ਕਿਹਾ ਕਿ ਆਤਿਸ਼ੀ ਨੇ ਜੋ ਕੀਤਾ ਹੈ ਉਹ ਸ਼ਰਮਨਾਕ ਹੈ ਅਤੇ ਉਸਨੂੰ ਮੁਆਫੀ ਮੰਗਣੀ ਚਾਹੀਦੀ ਹੈ। ਵਿਧਾਇਕਾਂ ਨੇ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ। ਉਨ੍ਹਾਂ ਨੇ ਪੋਸਟਰ ਫੜੇ ਹੋਏ ਸਨ ਜਿਨ੍ਹਾਂ 'ਤੇ ਲਿਖਿਆ ਸੀ, "ਅਸੀਂ ਗੁਰੂਆਂ ਦਾ ਅਪਮਾਨ ਬਰਦਾਸ਼ਤ ਨਹੀਂ ਕਰਾਂਗੇ।" ਵਿਧਾਨ ਸਭਾ ਵਿੱਚ ਕੇਜਰੀਵਾਲ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਸਦਨ ਨੂੰ ਅੱਧੇ ਘੰਟੇ ਲਈ ਮੁਲਤਵੀ ਕਰਦਿਆਂ ਸਪੀਕਰ ਵਿਜੇਂਦਰ ਗੁਪਤਾ ਨੇ ਕਿਹਾ ਕਿ ਆਤਿਸ਼ੀ ਨੂੰ ਇੱਕ ਘੰਟੇ ਦੇ ਅੰਦਰ ਸਦਨ ਦੇ ਅੰਦਰ ਆ ਕੇ ਆਪਣਾ ਪੱਖ ਪੇਸ਼ ਕਰਨਾ ਪਵੇਗਾ। ਇਸ ਮਾਮਲੇ 'ਤੇ ਫੈਸਲਾ ਉਸ ਤੋਂ ਬਾਅਦ ਲਿਆ ਜਾਵੇਗਾ। ਬਾਅਦ ਵਿੱਚ ਜਦੋਂ ਕਾਰਵਾਈ ਸ਼ੁਰੂ ਹੋਈ ਤਾਂ ਵਿਜੇਂਦਰ ਗੁਪਤਾ ਨੇ ਕਿਹਾ ਕਿ ਮੌਕਾ ਦਿੱਤੇ ਜਾਣ ਦੇ ਬਾਵਜੂਦ ਆਤਿਸ਼ੀ ਨੇ ਕੋਈ ਜਾਣਕਾਰੀ ਨਹੀਂ ਦਿੱਤੀ। ਵਿਧਾਇਕ ਮੁਕੇਸ਼ ਅਹਲਾਵਤ ਨੇ ਕਿਹਾ ਕਿ ਉਹ ਗੋਆ ਗਈ ਹੈ। ਕੱਲ੍ਹ ਉਹ ਪ੍ਰਦੂਸ਼ਣ 'ਤੇ ਚਰਚਾ ਦੀ ਮੰਗ ਕਰ ਰਹੀ ਸੀ ਅਤੇ ਅੱਜ ਉਹ ਗੋਆ ਗਈ ਹੈ। ਸੱਤਾਧਾਰੀ ਧਿਰ ਦੇ ਮੈਂਬਰ ਫਿਰ ਤੋਂ ਵੈੱਲ 'ਤੇ ਆ ਗਏ। ਹੰਗਾਮਾ ਜਾਰੀ ਰਹਿਣ ਕਾਰਨ ਕਾਰਵਾਈ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

### ਝੂਠੇ ਪਰਚਿਆਂ ਖ਼ਿਲਾਫ਼ ਰੋਸ ਰੈਲੀ ਅਤੇ ਮੁਜਾਹਰੇ ਦਾ ਐਲਾਨ

# ਲੋਕਤੰਤਰਕ ਤਾਕਤਾਂ ਇਕਜੁੱਟ



**ਬਠਿੰਡਾ, 07 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸੱਚ ਬੋਲਣ ਵਾਲੀ ਪੱਤਰਕਾਰਤਾ ਅਤੇ ਲੋਕਪੱਖੀ ਅਵਾਜ਼ਾਂ ਨੂੰ ਦਬਾਉਣ ਦੀ ਨੀਅਤ ਨਾਲ ਪੱਤਰਕਾਰ ਮਨਿੰਦਰਜੀਤ ਸਿੱਧੂ, ਮਿੰਟੂ ਗੁਰੂਸਰੀਆ, ਮਨਦੀਪ ਸਿੰਘ ਮੱਕੜ ਅਤੇ ਆਰ.ਟੀ.ਆਈ. ਐਕਟਿਵਿਸਟ ਮਾਨਿਕ ਗੋਇਲ ਸਮੇਤ 10 ਲੋਕਾਂ ਉੱਤੇ ਦਰਜ ਕੀਤੇ ਗਏ ਝੂਠੇ ਪਰਚਿਆਂ ਦੇ ਵਿਰੋਧ ਵਿੱਚ ਲੋਕਤੰਤਰਕ ਤਾਕਤਾਂ ਵੱਲੋਂ ਰੋਸ ਰੈਲੀ ਅਤੇ ਮੁਜਾਹਰੇ ਦਾ ਐਲਾਨ ਕੀਤਾ ਗਿਆ ਹੈ। ਇਨ੍ਹਾਂ ਪਰਚਿਆਂ ਨੂੰ ਲੋਕਤੰਤਰਕ ਅਧਿਕਾਰਾਂ ਉੱਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਇਨ੍ਹਾਂ ਦੀ ਤੁਰੰਤ ਰੱਦਗੀ ਦੀ ਮੰਗ ਕੀਤੀ ਗਈ। ਇਨ੍ਹਾਂ ਝੂਠੇ ਪਰਚਿਆਂ ਨੂੰ ਰੱਦ ਕਰਵਾਉਣ ਅਤੇ ਸੰਵਿਧਾਨ ਪ੍ਰਦੱਤ ਬੋਲਣ 'ਤੇ ਪ੍ਰਗਟਾਵੇ ਦੀ ਆਜ਼ਾਦੀ ਦੀ ਰਾਖੀ ਲਈ ਬਣੀ ਕੋਰ ਕਮੇਟੀ ਦੀ ਅਗਵਾਈ ਹੇਠ ਟੀਚਰਜ਼ ਹੋਮ, ਬਠਿੰਡਾ ਵਿਖੇ ਕਿਸਾਨ, ਮਜ਼ਦੂਰ, ਨੌਜਵਾਨ, ਵਿਦਿਆਰਥੀ, ਮੁਲਾਜ਼ਮ ਅਤੇ ਪੱਤਰਕਾਰ ਜਥੇਬੰਦੀਆਂ ਦੀ ਇਕ ਵਿਸ਼ਾਲ ਸਾਂਝੀ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਜਨਤਕ ਜਥੇਬੰਦੀਆਂ ਦੇ ਆਗੂਆਂ ਅਤੇ ਪੱਤਰਕਾਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਬੋਲਣ ਵਾਲਿਆਂ ਨੇ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਸੱਚ ਉਘਾੜਨ ਵਾਲੇ ਪੱਤਰਕਾਰਾਂ ਅਤੇ ਲੋਕਪੱਖੀ ਕਾਰਕੁਨਾਂ ਖ਼ਿਲਾਫ਼ ਝੂਠੇ ਪਰਚੇ ਦਰਜ ਕਰਨਾ ਇਕ ਬਹੁਤ ਹੀ ਖ਼ਤਰਨਾਕ ਰੁਝਾਨ ਹੈ, ਜੋ ਲੋਕਤੰਤਰ ਦੇ ਮੂਲ ਅਸੂਲਾਂ ਨੂੰ ਖੋਖਲਾ ਕਰਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਅੱਜ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਤਾਂ ਕੱਲ੍ਹ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਵਿਦਿਆਰਥੀਆਂ ਦੀਆਂ ਸੰਘਰਸ਼ੀ ਲਹਿਰਾਂ ਨੂੰ ਵੀ ਦਬਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਹਾਜ਼ਰ ਜਥੇਬੰਦੀਆਂ ਨੇ ਇਕਸੁਰ ਹੋ ਕੇ ਐਲਾਨ ਕੀਤਾ ਕਿ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਹਰ ਕੋਸ਼ਿਸ਼ ਦਾ ਸੜਕਾਂ 'ਤੇ ਉਤਰ ਕੇ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ ਅਤੇ ਇਹ ਮਸਲਾ ਕੇਵਲ ਕੁਝ ਵਿਅਕਤੀਆਂ ਦਾ ਨਹੀਂ, ਸਗੋਂ ਸਮੂਹ ਲੋਕਤੰਤਰਕ ਤਾਕਤਾਂ ਦਾ ਸਾਂਝਾ ਸੰਘਰਸ਼ ਹੈ। ਮੀਟਿੰਗ ਵਿੱਚ ਸਹਿਮਤੀ ਨਾਲ ਇੱਕ ਵਿਸ਼ਾਲ ਐਕਸ਼ਨ ਕਮੇਟੀ ਦਾ ਗਠਨ ਵੀ ਕੀਤਾ ਗਿਆ, ਜਿਸ ਵਿੱਚ ਹਰੇਕ ਜਨਤਕ ਜਥੇਬੰਦੀ ਵੱਲੋਂ ਇੱਕ-ਇੱਕ ਅਹੁਦੇਦਾਰ ਨੂੰ ਸ਼ਾਮਲ ਕੀਤਾ ਗਿਆ ਹੈ, ਤਾਂ ਜੋ ਸੰਘਰਸ਼ ਨੂੰ ਸੁਚੱਜੇ ਅਤੇ ਸੰਗਠਿਤ ਢੰਗ ਨਾਲ ਰਾਜ ਪੱਧਰ 'ਤੇ ਅੱਗੇ ਵਧਾਇਆ ਜਾ ਸਕੇ। ਇਸ ਮੌਕੇ ਇਹ ਵੀ ਫੈਸਲਾ ਕੀਤਾ ਗਿਆ ਕਿ ਪੰਜਾਬ ਦੇ ਮਾਲਵਾ, ਮਾਝਾ ਅਤੇ ਦੁਆਬਾ ਖੇਤਰਾਂ ਵਿੱਚ ਕਦਮਬੱਧ ਤਰੀਕੇ ਨਾਲ ਵੱਡੇ ਲੋਕਪੱਖੀ ਐਕਸ਼ਨ ਕੀਤੇ ਜਾਣਗੇ। ਇਸ ਸੰਘਰਸ਼ ਦੀ ਸ਼ੁਰੂਆਤ ਮਾਲਵਾ ਖੇਤਰ ਤੋਂ ਕੀਤੀ ਜਾਵੇਗੀ, ਜਿਸ ਤੋਂ ਬਾਅਦ ਮਾਝਾ ਅਤੇ ਦੁਆਬਾ ਵਿੱਚ ਵੀ ਵਿਸ਼ਾਲ ਜਨਤਕ ਇਕੱਠ ਕਰਕੇ ਲੋਕਤੰਤਰਕ ਅਵਾਜ਼ਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਮੀਟਿੰਗ ਦੌਰਾਨ ਇਹ ਐਲਾਨ ਵੀ ਕੀਤਾ ਗਿਆ ਕਿ 24 ਜਨਵਰੀ 2026, ਦਿਨ ਸ਼ਨੀਵਾਰ, ਨੂੰ ਬਠਿੰਡਾ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਝੂਠੇ ਪਰਚਿਆਂ ਦੇ ਵਿਰੋਧ ਅਤੇ ਬੋਲਣ ਦੀ ਆਜ਼ਾਦੀ ਦੀ ਰਾਖੀ ਲਈ ਇੱਕ ਵਿਸ਼ਾਲ ਰੋਸ ਰੈਲੀ ਅਤੇ ਮੁਜਾਹਰਾ ਕੀਤਾ ਜਾਵੇਗਾ। ਮੀਟਿੰਗ ਵਿੱਚ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਪ੍ਰੈਸ ਕਲੱਬ ਬਠਿੰਡਾ, ਦਮਦਮਾ ਸਾਹਿਬ ਪ੍ਰੈਸ ਕਲੱਬ ਤਲਵੰਡੀ ਸਾਬੋ, ਪੱਤਰਕਾਰ ਏਕਤਾ ਫਰੰਟ, ਪ੍ਰੈਸ ਕਲੱਬ ਘੱਗਾ, ਪ੍ਰੈਸ ਕਲੱਬ ਰਾਮਪੁਰਾ ਫੂਲ, ਕਿਰਤੀ ਕਿਸਾਨ ਯੂਨੀਅਨ, ਪੰਜਾਬ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ), ਨੌਜਵਾਨ ਭਾਰਤ ਸਭਾ, ਪੀਐੱਸਯੂ ਲਲਕਾਰ, ਪੀਐੱਸਯੂ ਸ਼ਹੀਦ ਰੰਧਾਵਾ, ਕ੍ਰਾਂਤੀਕਾਰੀ ਬੀਕੇਯੂ, ਕੁੱਲ ਹਿੰਦ ਕਿਸਾਨ ਸਭਾ (ਪੰਜਾਬ), ਦਿਹਾਤੀ ਮਜ਼ਦੂਰ ਸਭਾ, ਮਜ਼ਦੂਰ ਮੁਕਤੀ ਮੋਰਚਾ (ਅਜ਼ਾਦ), ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ, ਬੇਰੁਜ਼ਗਾਰ ਸਾਂਝਾ ਮੋਰਚਾ, ਡੀਟੀਐੱਫ ਦਿਗਵਿਜੇ, ਟੈਕਨੀਕਲ ਸਰਵਿਸ ਯੂਨੀਅਨ, ਕੰਪਿਊਟਰ ਅਧਿਆਪਕ ਸੰਘਰਸ਼ ਕਮੇਟੀ, ਅਧਿਆਪਕ ਦਲ, ਮੈਰਿਟੋਰੀਅਸ ਟੀਚਰ ਯੂਨੀਅਨ ਪੰਜਾਬ, ਪ੍ਰੋਫੈਸਰ ਲਾਇਬ੍ਰੇਰੀਅਨ ਫਰੰਟ, ਪੰਜਾਬ ਸਟੂਡੈਂਟ ਯੂਨੀਅਨ, ਜਮਹੂਰੀ ਅਧਿਕਾਰ ਸਭਾ, ਲੋਕ ਅਧਿਕਾਰ ਲਹਿਰ, ਪੰਜਾਬ ਰੋਡਵੇਜ਼ ਕੋਟਕਪੂਰਾ ਵਰਕਰ ਯੂਨੀਅਨ, ਮੈਡੀਕਲ ਪੀਸੀਐਮਐੱਸਆਰਯੂ, ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ, ਪੰਜਾਬ ਗਵਰਨਮੈਂਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ, ਪੱਤਰਕਾਰ ਏਕਤਾ ਫਰੰਟ, ਭਾਰਤੀ ਸਾਹਿਤ ਅਕੈਡਮੀ ਸਮੇਤ ਹੋਰ ਅਨੇਕਾਂ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ। ਕੋਰ ਕਮੇਟੀ ਦੀ ਅਗਵਾਈ ਹੇਠ 4 ਜਨਵਰੀ ਨੂੰ ਚੰਡੀਗੜ੍ਹ ਦੇ ਸੈਕਟਰ-17 ਵਿਖੇ ਪੱਤਰਕਾਰਾਂ ਅਤੇ ਜਨਤਕ ਜਥੇਬੰਦੀਆਂ ਵੱਲੋਂ ਕੀਤਾ ਗਿਆ ਇਤਿਹਾਸਕ ਪ੍ਰਦਰਸ਼ਨ ਇਸ ਲੋਕ ਅੰਦੋਲਨ ਦੀ ਮਜ਼ਬੂਤ ਸ਼ੁਰੂਆਤ ਸਾਬਤ ਹੋਇਆ ਹੈ। ਕੋਰ ਕਮੇਟੀ ਨੇ ਸਮੂਹ ਪੰਜਾਬ ਦੀ ਜਨਤਾ, ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਿਦਿਆਰਥੀਆਂ, ਬੁੱਧੀਜੀਵੀਆਂ ਅਤੇ ਪੱਤਰਕਾਰ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਲੋਕਤੰਤਰ, ਸੱਚੀ ਪੱਤਰਕਾਰਤਾ ਅਤੇ ਸੰਵਿਧਾਨੀ ਅਧਿਕਾਰਾਂ ਦੀ ਰਾਖੀ ਲਈ ਇਸ ਲੋਕ ਅੰਦੋਲਨ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇ।

### ਜਥੇਦਾਰ ਤੇ ਪ੍ਰਧਾਨ ਸਾਹਬ ਮੁੱਖ ਮੰਤਰੀ ਨੂੰ ਪਤਿਤ ਦੱਸ ਗੋਲਕ ਦੀ ਗੱਲ ਨਾਂ ਕਰਨ ਸਬੰਧੀ ਸਪੱਸ਼ਟ ਕਰਨ ਕਿ ਗੁਰੂ ਕੀ ਗੋਲਕ ਦੇ ਖਜ਼ਾਨਿਆਂ ਦਾ ਮਾਲਕ ਸਤਿੰਦਰ ਕੋਹਲੀ ਪਤਿਤ ਤੋਂ ਘੱਟ ਹੈ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 7 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਸਰਕਾਰ ਸ੍ਰ ਭਗਵੰਤ ਸਿੰਘ ਮਾਨ ਸਾਹਬ ਨੇ ਪਿਛਲੇ ਦਿਨੀਂ ਗੁਰੂ ਕੀਆਂ ਗੋਲਕਾਂ ਦਾ ਗ਼ਲਤ ਇਸਤੇਮਾਲ ਕਰਨ ਦਾ ਬਿਆਨ ਦਿੱਤਾ ਜਿਸ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਅਤੇ ਜਥੇਦਾਰ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਕਈ ਬਾਦਲਾਂ ਦੇ ਚਮਚਿਆਂ ਨੂੰ ਬੜੀਆਂ ਮਿਰਚਾਂ ਲੱਗੀਆਂ ਅਤੇ ਜਥੇਦਾਰ ਸਾਹਿਬ ਨੇ ਮੁੱਖ ਮੰਤਰੀ ਨੂੰ ਤਲਬ ਕਰਨਾ ਸੀ ਪਰ ਉਹਨਾਂ ਨੂੰ ਪਤਿਤ ਸਮਝਕੇ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਤੇ ਸਪੱਸ਼ਟੀਕਰਨ ਦੇਣ ਲਈ ਤਲਬ ਕੀਤਾ ਗਿਆ ਹੈ ਜਿਸ ਦੀ ਬਹੁਤ ਸਾਰੇ ਸਿੱਖ ਵਿਦਵਾਨਾਂ ਤੇ ਹੋਰਾਂ ਨੇ ਤਿਖੀ ਅਲੋਚਨਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਅਤੇ ਜਥੇਦਾਰ ਅਕਾਲ ਤਖ਼ਤ ਸਾਹਿਬ ਨੂੰ ਪੁੱਛਿਆ ਕਿ ਅਗਰ ਪਤਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਗੋਲਕ ਦੇ ਪੈਸੇ ਦੀ ਕੀਤੀ ਜਾ ਦੁਰਵਰਤੋਂ ਸਬੰਧੀ ਪੁੱਛਣ ਦਾ ਹੱਕ ਨਹੀਂ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਖਜ਼ਾਨੇ ਦਾ ਮਾਲਕ ਇੱਕ ਕਰੋੜ ਦੀ ਸੈਲਰੀ ਲੈਣ ਵਾਲਾ ਸੁਖਬੀਰ ਬਾਦਲ ਦਾ ਖਾਸਮਖਾਸ 328 ਪਾਵਨ ਸਰੂਪ ਲਾਪਤਾ ਕਰਨ ਵਾਲੇ ਮਾਮਲੇ 'ਚ ਮੁੱਖ ਦੋਸ਼ੀ ਸਾਬਕਾ ਸੀਏ ਸਤਿੰਦਰ ਕੋਹਲੀ ਪਤਿਤ ਤੋਂ ਘੱਟ ਹੈ ਜਿਸ ਨੂੰ ਬਚਾਉਣ ਲਈ ਪੰਜਾਬ ਸਰਕਾਰ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਜਥੇਦਾਰ ਅਕਾਲ ਤਖ਼ਤ ਸਾਹਿਬ ਬੇਲੋੜਾ ਵਿਵਾਦ ਪੈਦਾ ਕਰ ਰਹੇ ਹਨ ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਮੁੱਖ ਮੰਤਰੀ ਨੂੰ ਪਤਿਤ ਦੱਸ ਕੇ ਗੋਲਕ ਦੀ ਮਾਇਆ ਦਾ ਸਵਾਲ ਨਾ ਪੁੱਛਣ ਵਾਲੇ ਬਿਆਨ ਦਾ ਸਖ਼ਤ ਨੋਟਿਸ ਲੈਂਦਿਆਂ ਜਥੇਦਾਰ ਤੇ ਕਮੇਟੀ ਪ੍ਰਧਾਨ ਨੂੰ ਪੁੱਛਣਾ ਚਾਹੁੰਦੀ ਹੈ ਕਿ ਸਾਬਕਾ ਚਾਰਟਡ ਸਤਿੰਦਰ ਕੋਹਲੀ ਗੁਰੂ ਕੇ ਖ਼ਜ਼ਾਨੇ ਦਾ ਮਾਲਕ ਬਣਿਆ ਪਤਿਤ ਤੋਂ ਘੱਟ ਹੈ ਜਿਸ ਨੂੰ ਬਚਾਉਣ ਲਈ ਬਾਦਲ ਦੇ ਕਹਿਣ ਤੇ ਬਾਦਲ ਲਾਣਾ ਅੱਡੀ ਚੋਟੀ ਦਾ ਜ਼ੋਰ ਲਾ ਰਿਹਾ ਹੈ, ਭਾਈ ਖਾਲਸਾ ਨੇ ਕਿਹਾ ਅਗਰ ਪਤਿਤ ਲੱਖਾਂ ਦਾ ਦਾਨ ਦੇ ਸਕਦਾ ਹੈ ਤਾਂ ਉਸ ਨੂੰ ਇਸ ਪੈਸੇ ਦੁਰਵਰਤੋਂ ਕਰਨ ਵਾਲਿਆਂ ਨੂੰ ਪੁੱਛਣ ਦਾ ਪੂਰਾ ਅਧਿਕਾਰ ਹੈ ਜਾ ਫਿਰ ਪਤਿਤ ਆਦਮੀਆਂ ਦਾ ਪੈਸਾ ਨਾ ਲਿਆ ਕਰੋ, ਭਾਈ ਖਾਲਸਾ ਨੇ ਦੱਸਿਆ ਅਗਰ ਸ਼੍ਰੋਮਣੀ ਕਮੇਟੀ ਕੁਝ ਗ਼ਲਤ ਕਰਦੀ ਹੈ ਤਾਂ ਸਰਕਾਰ ਦੀ ਕਾਰਵਾਈ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਾਰਮਿਕ ਮਾਮਲਿਆਂ ਵਿੱਚ ਦਖਲ ਅੰਦਾਜੀ ਦੱਸ ਕੇ ਲੋਕਾਂ ਨੂੰ ਗੁੰਮਰਾਹ ਨਹੀਂ ਕੀਤਾ ਜਾ ਸਕਦਾ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਬਰਨਾਲਾ ਦੀ ਅਕਾਲੀ ਸਰਕਾਰ ਨੇ ਵੀ ਦਰਬਾਰ ਸਾਹਿਬ ਤੇ ਹਮਲਾ ਕੀਤਾ ਸੀ ਪਰ ਮੁੱਖ ਮੰਤਰੀ ਤਾਂ 328 ਪਾਵਨ ਪਵਿੱਤਰ ਸਰੂਪ ਲਾਪਤਾ ਹੋਏ ਮਾਮਲੇ 'ਚ ਹਾਈਕੋਰਟ ਦੇ ਦਿਸ਼ਾ ਨਿਰਦੇਸ਼ਾਂ ਤੇ ਪੰਥਕ ਜਥੇਬੰਦੀਆਂ ਦੀ ਮੰਗ ਨੂੰ ਮੁੱਖ ਰੱਖਦਿਆਂ ਸਾਬਕਾ ਸੀਏ ਸਤਿੰਦਰ ਕੋਹਲੀ ਤੇ 16 ਹੋਰ ਕਮੇਟੀ ਮੁਲਾਜ਼ਮਾਂ ਨੂੰ ਅਕਾਲ ਤਖ਼ਤ ਸਾਹਿਬ ਤੋਂ ਹੋਈ ਜਾਂਚ ਪੜਤਾਲ'ਚ ਦੋਸ਼ੀ ਪਾਇਆ ਗਿਆ ਉਹਨਾਂ ਤੇ ਪਰਚਾ ਦਰਜ ਕੀਤਾ ਹੈ ਅਤੇ ਤੁਸੀਂ ਸਤਿੰਦਰ ਕੋਹਲੀ ਨੂੰ ਦੋਸ਼ੀ ਹੋਣ ਦੇ ਬਾਵਜੂਦ ਬਚਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਾ ਰਹੇਂ ਹੋ ਜੋ ਅਤਨਿੰਦਣਯੋਗ ਕਾਰਵਾਈ ਹੈ ਇਸ ਕਰਕੇ ਅਸੀਂ ਸਰਕਾਰ ਦੀ ਕਾਰਵਾਈ ਨੂੰ ਜਾਇਜ਼ ਸਮਝਦੇ ਹਾਂ ਭਾਈ ਖਾਲਸਾ ਨੇ ਕਿਹਾ ਬਾਦਲਾਂ ਦੇ ਹੱਥਠੋਕੇ ਪ੍ਰਧਾਨ ਧਾਮੀ ਅਤੇ ਜਥੇਦਾਰ ਸਾਹਿਬ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਪਿਛਲੇ ਦਿਨੀਂ ਕਮੇਟੀ ਪ੍ਰਧਾਨ ਧਾਮੀ ਨੇ ਬਿਆਨ 'ਚ ਕਿਹਾ ਸੀ ਅਜਿਹੇ ਘੋਟਾਲੇ ਤਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਚ ਰੋਜ਼ ਹੁੰਦੇ ਰਹਿੰਦੇ ਹਨ, ਭਾਈ ਖਾਲਸਾ ਨੇ ਕਿਹਾ ਅਗਰ ਤੁਸੀਂ ਗੁਰੂ ਕੇ ਗੋਲਕ ਦੇ ਘੁਟਾਲੇ ਕਰੋਗਾ, ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਲਾਪਤਾ ਕਰੋਗੇ ਤਾਂ ਲੋਕਾਂ ਦੇ ਕਹਿਣ ਤੇ ਸਰਕਾਰ ਨੂੰ ਕਾਰਵਾਈ ਕਰਨ ਦਾ ਪੂਰਾ ਅਧਿਕਾਰ ਹੈ ਇਸ ਕਰਕੇ ਧਾਮੀ ਸਾਹਿਬ ਜੀ ਸਰਕਾਰ ਵੱਲੋਂ ਬਣਾਈ ਸਿੱਟ ਨੂੰ ਸੰਯੋਗ ਕੀਤਾ ਜਾਵੇ ਅਤੇ ਇਸ ਸਬੰਧੀ ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਾਰਮਿਕ ਮਾਮਲਿਆਂ 'ਚ ਦਖਲ ਅੰਦਾਜੀ ਦੱਸ ਕੇ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕੀਤਾ ਜਾਵੇ ।।

### ਪ੍ਰਸ਼ਾਸਨ ਦਿਵਿਆਂਗ ਵਿਅਕਤੀਆਂ ਦੀ

# ਹਰ ਸੰਭਵ ਮਦਦ ਕਰਨ ਲਈ ਹਮੇਸ਼ਾ ਤਿਆਰ - ਡਿਪਟੀ ਕਮਿਸ਼ਨਰ

ਜੰਡਿਆਲਾ ਗੁਰੂ 7 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਜਿਲ੍ਹਾ ਪ੍ਰਸ਼ਾਸਨ ਦਿਵਿਆਂਗ ਵਿਅਕਤੀਆਂ ਦੀ ਮਦਦ ਕਰਨ ਲਈ ਹਰ ਸਮੇਂ ਤਿਆਰ ਹੈ ਅਤੇ ਦਿਵਿਆਂਗ ਵਿਅਕਤੀਆਂ ਨੂੰ ਅਲਿਮਕੋ ਰਾਹੀਂ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਲਈ ਜਿਲ੍ਹੇ ਭਰ ਚ ਵਿਸ਼ੇਸ਼ ਕੈਂਪ ਲਗਾ ਕੇ ਉਨਾਂ ਦੀ ਮਦਦ ਕਰ ਰਿਹਾ ਹੈ।



ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਅਲਿਮਕੋ ਵਲੋਂ ਦਿਵਿਆਂਗ ਵਿਅਕਤੀਆਂ ਦੀਆਂ ਲੋੜਾਂ ਦਾ ਪਤਾ ਲਗਾਉਣ ਲਈ ਵਿਸ਼ੇਸ਼ ਕੈਂਪ ਲਗਾਏ ਗਏ ਸਨ, ਨੂੰ ਅੱਜ ਮਜੀਠਾ ਵਿਖੇ ਕੈਂਪ ਲਗਾ ਕੇ ਲੋੜਵੰਦ ਵਿਅਕਤੀਆ ਦੇ ਸਹਾਇਕ ਉਪਕਰਣ ਦਿੱਤੇ ਗਏ। ਉਨਾਂ ਦੱਸਿਆ ਕਿ ਇਸ ਤਰ੍ਹਾਂ ਦੇ ਕੈਂਪ ਹਰ ਹਲਕੇ ਵਿੱਚ ਲਗਾ ਕੇ ਦਿਵਿਆਂਗ ਵਿਅਕਤੀਆਂ ਨੂੰ ਸਹਾਇਕ ਉਪਰਕਨ ਮੁਹੱਈਆ ਕਰਵਾਏ ਜਾਣਗੇ। ਉਨਾਂ ਕਿਹਾ ਕਿ ਦਿਵਿਆਂਗ ਵਿਅਕਤੀ ਸਾਡੇ ਸਮਾਜ ਦਾ ਅਹਿਮ ਹਿੱਸਾ ਹੈ ਅਤੇ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਇਨਾਂ ਦੀ ਮਦਦ ਲਈ ਅੱਗੇ ਆਈਏ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 8 ਜਨਵਰੀ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅਜਨਾਲਾ ਵਿਖੇ ਦਿਵਿਆਂਗ ਵਿਅਕਤੀਆਂ ਸਹਾਇਕ ਉਪਰਕਨ ਮੁਹੱਈਆ ਕਰਵਾਉਣ ਲਈ ਕੈਂਪ ਲਗਾਇਆ ਜਾਵੇਗਾ।

**76 ਦਿਵਿਆਂਗ ਵਿਅਕਤੀਆਂ ਨੂੰ ਕਰੀਬ 14 ਲੱਖ ਰੁਪਏ ਦੇ ਵੰਡੇ ਸਹਾਇਕ ਉਪਕਰਣ 8 ਜਨਵਰੀ ਨੂੰ ਅਜਨਾਲਾ ਵਿਖੇ ਲੱਗੇਗਾ ਕੈਂਪ**

ਸੀ.ਡੀ.ਪੀ.ਓ. ਸ੍ਰੀ ਗਗਨਦੀਪ ਸਿੰਘ ਨੇ ਦੱਸਿਆ ਕਿ ਮਜੀਠਾ ਵਿਖੇ ਲੱਗੇ ਕੈਂਪ ਵਿੱਚ 76 ਵਿਅਕਤੀਆਂ ਨੂੰ ਅਲਿਮਕੋ ਦੀ ਸਹਾਇਤਾ ਨਾਲ ਲਗਾਏ ਗਏ ਵਿਸ਼ੇਸ਼ ਕੈਂਪ ਦੌਰਾਨ ਕਰੀਬ 13 ਲੱਖ 56 ਹਜ਼ਾਰ ਰੁਪਏ ਦੇ 151 ਸਹਾਇਕ ਉਪਰਕਣ ਵੰਡੇ ਗਏ ਹਨ। ਉਨਾਂ ਦੱਸਿਆ ਕਿ ਜਿਨਾਂ ਦਿਵਿਆਂਗਾਂ ਨੂੰ ਟਰਾਈ ਸਾਈਕਲ ਦਿੱਤੇ ਗਏ ਹਨ । ਉਨਾਂ ਦੱਸਿਆ ਹਰੇਕ ਵਿਅਕਤੀ ਦੀ ਲੋੜ ਅਨੁਸਾਰ ਸਾਇਜ ਲੈ ਕੇ ਉਪਕਰਣ ਤਿਆਰ ਕਰਵਾਏ ਗਏ ਅਤੇ ਹੁਣ ਉਨਾਂ ਦੇ ਨਜ਼ਦੀਕੀ ਸਥਾਨਾਂ 'ਤੇ ਜਾ ਕੇ ਕੈਂਪ ਲਗਾ ਕੇ ਇਹ ਵੰਡ ਕੀਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਇਹ ਸਾਰੇ ਉਪਕਰਣ ਅਲਿਮਕੋ ਵਲੋਂ ਬਹੁਤ ਵਧੀਆ ਤਕਨੀਕ ਅਤੇ ਕੁਆਲਿਟੀ ਨਾਲ ਤਿਆਰ ਕੀਤੇ ਗਏ ਹਨ। ਇਸ ਮੌਕੇ 16 ਮੋਟੋਰਾਈਜਡ ਟਰਾਈਸਾਈਕਲ, 216ਟਰਾਈ ਸਾਈਕਲ, 12 ਵੀਲ ਚੇਅਰ, 2 ਸੀ.ਪੀ. ਚੇਅਰ, 8 ਟੀ:ਐਲ:ਐਮ ਕਿੱਟ, 12 ਸੁਣਨ ਵਾਲੀਆਂ ਮਸ਼ੀਨਾਂ, 28 ਬੇਸਾਖੀਆਂ, 1 ਵਿਜੂਐਲ ਕਿੱਟ, 17 ਵਾਲਕਿੰਗ ਸਟਿੱਕ, 4 ਵਾਕਰ, 19 ਰੋਲੇਟਰ, 7 ਕੁਸ਼ਨਜ਼ ਅਤੇ 9 ਬਨਾਉਟੀ ਅੰਗ ਵੰਡੇ ਗਏ ਹਨ। ਇਸ ਮੌਕੇ ਨੋਡਲ ਇੰਚਾਰਜ ਧਰਮਿੰਦਰ ਸਿੰਘ ਗਿੱਲ, ਸੁਪਰਵਾਈਜ਼ਰ ਰਣਜੀਤ ਕੌਰ, ਮੈਡਮ ਪੂਜਾ, ਸ੍ਰੀ ਅਮਿਤ ਕੁਮਾਰ, ਮੈਡਮ ਮੀਨਾਕਸ਼ੀ, ਸ: ਗੁਰਪ੍ਰੀਤ ਸਿੰਘ, ਡਾ. ਭੁਪਿੰਦਰ ਸਿੰਘ, ਫਾਰਮੇਸੀ ਅਫ਼ਸਰ ਸ: ਗੁਰਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।




ਜਨਮ ਦਿਨ ਮੁਬਾਰਕ

ਪੱਤਰਕਾਰ ਗੁਰਦੇਵ ਸਿੰਘ ਮੱਲ੍ਹੀ ਜੰਡਿਆਲਾ ਗੁਰੂ
ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼੍ਰੀ ਮਾਨ ਬਾਬਾ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਜਿੰਨਾ ਦੇ ਯਤਨਾਂ ਸਦਕਾ ਕਾਰਜ ਹੋ ਰਹੇ ਹਨ



1 ਬਾਬਿਆਂ ਨੇ ਆਪਣੀ ਕੋਈ ਰਿਹਾਇਸ਼ ਗਾਹ ਨਹੀ ਬਣਾਈ

2 ਕੋਈ ਚੰਗਾ ਕਹੇ ਜਾਂ ਮਾੜਾ ਬਕਵਾਸ ਜਿੰਨਾ ਮਰਜ਼ੀ ਕਰੋ

ਪਰ ਸੰਤ ਜਰਨੈਲ ਸਿੰਘ ਜੀ ਖਾਲਸਾ ਨੂੰ ਸ਼ਹੀਦ ਐਲਾਨਣਾ ਸੌਖਾ ਨਹੀ ਸੀ ਇਸ ਦੇ ਨਾਲ ਦਰਬਾਰ ਸਾਹਿਬ ਪ੍ਰਕਮਾ ਵਿੱਚ ਸ਼ਹੀਦੀ ਯਾਦਗਾਰ ਬਣਾਉਣੀ ਵੀ ਇਤਿਹਾਸਕ ਫੈਸਲਾ ਸੀ

ਸ਼ਹੀਦ ਪਰਿਵਾਰਾਂ ਦੇ ਮੁੜ ਵਸੇਬੇ ਵਾਸਤੇ ਮਾਇਆ ਇਕੱਤਰ ਕਰਕੇ ਦੇਣੀ ਇਹ ਵੀ ਕੰਮ ਔਖਾ

ਮੈਂ ਨਿੱਜੀ ਤੌਰ ਤੇ ਸਾਰੀ ਹੱਕ ਅਤੇ ਵਿਰੋਧੀ ਜਨਤਾ ਨੂੰ ਜਾਣਦਾ ਹਾਂ ਮਸਲਾ ਸਾਰਾ ਚੌਧਰ ਦਾ ਹੈ ਬਾਬਿਆਂ ਨੇ ਅਜੇ ਤੱਕ ਪੂਰਾ ਹੋਲਡ ਕੀਤਾ ਹੋਇਆ ਵਿਦੇਸ਼ੀ ਦੌਰੇ ਵੀ ਪੂਰੇ ਕਾਮਯਾਬ ਰਹੇ ਬਾਬਾ ਹਰਨਾਮ ਸਿੰਘ ਜੀ ਕੋਲ ਗੱਲਬਾਤ ਕਰਨ ਦਾ ਸਾਰਥਿਕ ਤਰੀਕਾ ਹੈ ਦੁਨਿਆਵੀ ਤੋਰ ਤੇ ਬੌਧਿਕ ਗਿਆਨ ਰੱਖਦੇ ਰਾਜਨੀਤੀ ਵੀ ਜਾਣਦੇ ਹਨ ਮੰਗਤਿਆਂ ਵਾਂਗ ਲਿਫ਼ਾਫ਼ੇ ਇਕੱਠੇ ਨਹੀਂ ਕਰਦੇ ਸਾਡੇ ਗੁਰੂਘਰ ਦੋ ਵਾਰ ਆਏ ਸਾਰੇ ਪੌਂਡ ਚੱਕ ਸੇਵਾ ਵਿੱਚ ਪਾ ਦਿੱਤੇ ਕਹਿੰਦੇ ਬਿਲਡਿੰਗ ਦਾ ਕੰਮ ਚੱਲਦਾ ਲਾਲਚੀ ਨਹੀਂ ਹਨ ਸੋ ਗੁਰਬਾਣੀ ਵਿਆਕਰਨ ਅਤੇ ਪਾਠਬੋਧ ਦਾ ਪੂਰਾ ਧਿਆਨ ਨਾਲ ਵਿਆਖਿਆ ਵਿਚਾਰ ਕਰਦੇ ਹਨ ਇਹ ਕਈ ਗੁਣ ਬਾਬਾ ਜੀ ਦੇ ਵਿਰੋਧੀਆਂ ਉੱਤੇ ਭਾਰੂ ਹਨ ਸਰਬ-ਕਲਾ ਸੰਪੂਰਨ ਇੱਥੇ ਕੋਈ ਨਹੀ। ਪਰ ਝੂਠ ਦੇ ਸਹਾਰੇ ਨਾਲ ਰਣ ਨਹੀਂ ਜਿੱਤੇ ਜਾਣੇ, ਅਜੇਤਕ ਬਾਬਾ ਜੀ ਦੀ ਪੂਰੀ ਚੜਦੀਕਲਾ ਹੈ ,,

-ਰਾਜਾ ਸਿੰਘ ਕੰਗ ਲੈਸਟਰ ਤੋਂ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਰਿਆਣਾ ਕਮੇਟੀ ਦਾ ਕੋਰਮ ਪੂਰਾ ਨਾ ਹੋਣ ਕਾਰਨ

# ਬਜਟ ਇਜਲਾਸ ਹੋਇਆ ਫੇਲ ਝੀਂਡਾ ਦੇਵੇ ਤੁਰੰਤ ਅਸਤੀਫਾ - ਸਰਦਾਰ ਨਲਵੀ

**ਪੰਚਕੂਲਾ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵੱਲੋਂ ਬਕਾਇਦਾ ਅੱਜ 7 ਜਨਵਰੀ 2026 ਦਾ ਬਜ਼ਟ ਇਜਲਾਸ ਰੱਖਿਆ ਹੋਇਆ ਸੀ ਜਿਸ ਵਿੱਚ ਸਿਰਫ 28 ਮੈਂਬਰ ਪੁੱਜੇ ਸਨ ਪਰ ਕੋਰਮ 33 ਮੈਂਬਰ ਸਾਹਿਬਾਨ ਦੀ ਹਾਜ਼ਰੀ ਨਾਲ ਪੂਰਾ ਹੁੰਦਾ ਹੈ ਕੋਰਮ ਪੂਰਾ ਨਾ ਹੋਣ ਦੇ ਕਾਰਨ ਅੱਜ ਦਾ ਬਜ਼ਟ ਇਜਲਾਸ ਫੇਲ ਹੋ ਗਿਆ ਹਰਿਆਣਾ ਕਮੇਟੀ ਦੇ ਸੀਨੀਅਰ ਮੈਂਬਰ ਸਰਦਾਰ ਦੀਦਾਰ ਸਿੰਘ ਨਲਵੀ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਦੱਸਿਆ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਦੀ ਇੱਕ ਹੰਗਾਮੀ ਮੀਟਿੰਗ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾਂ ਵਿਖੇ ਹੋਈ ਜਿਸ ਵਿੱਚ ਸਮੂੰਹ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਦੀਆਂ ਬੇਨਿਯਮੀਆਂ ਤੇ ਆਪਹੁਦਰੀਆਂ ਦੇ ਕਾਰਨ ਝੀਂਡਾ ਆਪਣਾ ਮੈਂਬਰ ਸਾਹਿਬਾਨਾਂ ਵਿਚੋਂ ਬਹੁਮੱਤ ਗਵਾ ਚੁੱਕਾ ਹੈ ਜਿਸ ਕਰਕੇ ਉਸਦੀਆਂ ਤਿੰਨ ਐਗਜ਼ੈਕਟਿਵ ਮੀਟਿੰਗਾਂ ਅਤੇ ਤਿੰਨ ਜਰਨਲ ਇਜਲਾਸ ਫੇਲ ਹੋ ਚੁੱਕੇ ਹਨ ਅੱਜ ਦਾ ਰੱਖਿਆ ਹੋਇਆ ਜਰਨਲ ਹਾਊਸ ਵੀ ਕੋਰਮ ਪੂਰਾ ਨਾ ਹੋਣ ਕਾਰਨ ਫੇਲ ਹੋ ਚੁੱਕਾ ਹੈ ਝੀਂਡਾਂ ਨੇ ਬਜ਼ਟ ਇਜਲਾਸ ਇਹ ਕਹਿ ਕੇ ਪਾਸ ਕਰਦਿਆਂ ਕਿਹਾ ਕੇ ਬਾਕੀ ਮੈਂਬਰ ਸਾਹਿਬਾਨਾਂ ਦੇ ਘਰਾਂ ਵਿੱਚ ਜਾ ਕੇ ਸਾਈਨ ਕਰਵਾਏ ਲਏ ਜਾਣਗੇ ਅਤੇ ਸਾਈਨਾਂ ਦੀ ਆਸਪੁਰ ਬਜ਼ਟ ਪਾਸ ਕਰਨ ਦਾ ਐਲਾਨ ਕਰ ਦਿੱਤਾ ਜਦੋਂ ਕੇ ਗੁਰਦੁਆਰਾ ਐਕਟ 2014 ਅਨੁਸਾਰ ਐਸੀ ਕੋਈ ਵੀ ਮਦ ਨਹੀਂ ਹੈ ਕੇ ਜਰਨਲ ਇਜਲਾਸ ਵਿੱਚ ਪੁੱਜੇ ਮੈਂਬਰਾਂ ਤੋਂ ਬਿਨਾਂ ਘਰਾਂ ਵਿੱਚ ਜਾ ਕੇ ਸਾਈਨ ਕਰਾ ਕੇ ਮੈਂਬਰਾਂ ਦਾ ਕੋਰਮ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇ ਨਾਢਾ ਸਾਹਿਬ ਵਿਖੇ ਹੋਈ ਹਰਿਆਣਾ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਦੀ ਮੀਟਿੰਗ ਨੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕੇ ਬਜ਼ਟ ਇਜਲਾਸ ਫੇਲ ਹੋਣ ਕਾਰਨ ਜਗਦੀਸ਼ ਸਿੰਘ ਝੀਂਡਾ ਨੈਤਿਕਤਾ ਦੇ ਆਧਾਰ ਪੁਰ ਤੁਰੰਤ ਅਸਤੀਫਾ ਦੇਵੇ ਅੱਜ ਦੀ ਮੀਟਿੰਗ ਵਿੱਚ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ,ਜਗਤਾਰ ਸਿੰਘ ਮਾਨ ਅੰਤ੍ਰਿੰਗ ਮੈਂਬਰ,ਤਜਿੰਦਰਪਾਲ ਸਿੰਘ ਨਾਰਨੌਲ ਅੰਤ੍ਰਿੰਗ ਮੈਂਬਰ, ਦੀਦਾਰ ਸਿੰਘ ਨਲਵੀ,ਜੋਗਾ ਸਿੰਘ ਯਮੁਨਾਨਗਰ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ,ਬੀਬੀ ਕਪੂਰ ਸਿੰਘ ਸੌਂਕੜਾ,ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਗੁਰਪਾਲ ਸਿੰਘ ਗੋਰਾ ਐਲਨਾਬਾਦ,ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ,ਮੇਅਰ ਭੁਪਿੰਦਰ ਸਿੰਘ ਪਾਨੀਪੱਤ,ਰਜਿੰਦਰ ਸਿੰਘ ਬਰਾੜਾ,ਗੁਰਤੇਜ ਸਿੰਘ ਅੰਬਾਲਾ,ਜਥੇਦਾਰ ਬਲਦੇਵ ਸਿੰਘ ਹਾਬੜੀ,ਬੀਬੀ ਅਮਨਦੀਪ ਕੌਰ ਟੋਹਾਣਾ,ਸਵਰਨ ਸਿੰਘ ਬੁੰਗਾਟਿੱਬੀ ਪੰਚਕੂਲਾ ਸਾਰੇ ਮੈਂਬਰ ਸਾਹਿਬਾਨ ਹਾਜ਼ਰ ਸਨ

### 328 ਪਾਵਨ ਸਰੂਪ ਲਾਪਤਾ ਮਾਮਲੇ 'ਚ ਸਤਿੰਦਰ ਕੋਹਲੀ ਦੀ ਗ੍ਰਿਫਤਾਰੀ ਤੋਂ ਘਬਰਾਏ ਪ੍ਰਧਾਨ ਧਾਮੀ ਨੇ ਸਰਕਾਰ ਦੀ ਸਿੱਟ ਨੂੰ

# ਕੋਈ ਸਹਿਯੋਗ ਨਾ ਦੇਣਾ ਬਿਆਨ ਗੈਰ-ਜ਼ਿਮੇਵਾਰਾਨਾ ਤੇ ਨਿੰਦਣਯੋਗ : ਭਾਈ ਵਿਰਸਾ ਸਿੰਘ ਖਾਲਸਾ

ਜੰਡਿਆਲਾ ਗੁਰੂ 7 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨੀਂ ਪੰਜਾਬ ਸਰਕਾਰ ਨੇ ਪੰਜਾਬ ਹਰਿਆਣਾ ਹਾਈਕੋਰਟ ਦੇ ਦਿਸ਼ਾ ਨਿਰਦੇਸ਼ਾਂ ਤੇ ਲੰਮੇ ਸਮੇਂ ਤੋਂ 328 ਸਰੂਪ ਮਾਮਲੇ ਸਬੰਧੀ ਦਰਬਾਰ ਸਾਹਿਬ ਦੇ ਸਹਾਮਣੇ ਧਰਨਾ ਲਾਉਣ ਵਾਲੇ ਰਾਗੀ ਬਲਦੇਵ ਸਿੰਘ ਤੇ ਹੋਰ ਪੰਥਕ ਜਥੇਬੰਦੀਆਂ ਦੀ ਮੰਗ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸੀ ਏ ਸਤਿੰਦਰ ਕੋਹਲੀ ਸਮੇਤ 16 ਉਹਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾਂ ਤੇ ਅੰਮ੍ਰਿਤਸਰ ਪੁਲਿਸ ਨੇ ਪਰਚਾ ਦਰਜ਼ ਕਰ ਲਿਆ ਹੈ ਅਤੇ ਇਸ ਦੀ ਪਹਿਲੀ ਗ੍ਰਿਫ਼ਤਾਰੀ ਸਾਬਕਾ ਸੀਏ ਸਤਿੰਦਰ ਕੋਹਲੀ ਸੁਖਬੀਰ ਬਾਦਲ ਦੇ ਖਾਸਮਖਾਸ ਦੀ ਗਿਰਫਤਾਰੀ ਹੋਣ ਤੋ ਬਾਦ ਸਰਕਾਰ ਵੱਲੋਂ ਬਣਾਈ ਸਿੱਟ ਨੇ ਜਾਂਚ ਪੜਤਾਲ 'ਚ ਤੇਜ਼ੀ ਲਿਆਂਦੀ ਹੈ ਅਤੇ ਅਗਲੇ ਦਿਨਾ 'ਚ ਹੋਰ ਗ੍ਰਿਫਤਾਰੀਆਂ ਹੋਣ ਦੀ ਸੰਭਾਵਨਾ ਨੂੰ ਰੱਦ ਨਹੀਂ ਕੀਤਾ ਜਾ ਸਕਦਾ, ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਸਾਹਿਬ ਨੇ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਕਰਕੇ ਐਲਾਨ ਕੀਤਾ ਹੈ ਕਿ ਉਹ ਸਰਕਾਰ ਦੀ ਬਣਾਈ ਸਿੱਟ ਨੂੰ ਕੋਈ ਸੰਯੋਗ ਨਹੀਂ ਕਰਨਗੇ,ਧਾਮੀ ਵੱਲੋਂ ਦਿੱਤਾ ਇਹ ਬਿਆਨ ਗੈਰ ਜੁਮੇਵਾਰਾਨਾ ਤੇ ਨਿੰਦਣਯੋਗ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਧਾਮੀ ਸਾਹਿਬ ਨੂੰ ਬੇਨਤੀ ਕਰਦੀ ਹੈ ਕਿ 328 ਪਾਵਨ ਸਰੂਪ ਲਾਪਤਾ ਮਾਮਲੇ 'ਚ ਹਾਈ ਕੋਰਟ ਦੇ ਦਿਸ਼ਾ ਨਿਰਦੇਸ਼ਾਂ ਅਤੇ ਧਰਨਾ ਕਾਰੀਆਂ ਦੀ ਮੰਗ ਅਨੁਸਾਰ ਹੀ ਸਰਕਾਰ ਨੇ 16 ਕਮੇਟੀ ਮੁਲਾਜ਼ਮਾਂ ਪਰਚਾ ਦਰਜ ਕਰਕੇ ਸਿੱਟ ਬਣਾਈ ਹੈ ਜਿਸ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਹ ਮੁਲਾਜ਼ਮ ਜਿਨ੍ਹਾਂ ਦੋਸ਼ੀਆਂ ਨੂੰ ਪਰਚੇ 'ਚ ਨਾਮਜ਼ਦ ਕੀਤਾ ਗਿਆ ਹੈ, ਉਨ੍ਹਾਂ ਨੂੰ ਸਿੱਟ ਸਹਾਮਣੇ ਆਉਣ ਤੋਂ ਰੋਕਣਾ ਪ੍ਰਧਾਨ ਧਾਮੀ ਦਾ ਨਿੰਦਣਯੋਗ ਬਿਆਨ ਹੈ, ਕਿਉਂਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਲਾਪਤਾ ਹੋਣ ਮਾਮਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਮਜ਼ਦ ਦੋਸ਼ੀ ਮੁਲਾਜ਼ਮਾਂ ਨੂੰ ਸਿੱਟ ਦੇ ਸਹਾਮਣੇ ਪੇਸ ਹੋ ਕੇ ਸਿਟ ਨੂੰ ਸੰਯੋਗ ਦੇਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਤਾਂ ਕਿ 328 ਸਰੂਪ ਲਾਪਤਾ ਮਾਮਲੇ ਦੀ ਅਸਲ ਸਚਾਈ ਲੋਕਾਂ ਸਾਹਮਣੇ ਲਿਆਂਦੀ ਜਾ ਸਕੇ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਵੱਲੋਂ ਸਰਕਾਰ ਦੀ ਬਣਾਈ ਸਿੱਟ ਨੂੰ ਕੋਈ ਸੰਯੋਗ ਨਾ ਦੇਣ ਵਾਲੇ ਗੈਰ ਜੁਮੇਵਾਰਾਨਾ ਬਿਆਨ ਦੀ ਨਿੰਦਾ ਅਤੇ ਸਿੱਟ ਨੂੰ ਸੰਯੋਗ ਦੇਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਬਹੁਤ ਮੰਦਭਾਗੀ ਗੱਲ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ 328 ਸਰੂਪ ਲਾਪਤਾ ਮਾਮਲੇ ਵਿੱਚ ਇਹ ਕਹੇ ਕਿ ਲੋਕਾਂ ਨੂੰ ਸਰਕਾਰ ਵਿਰੁੱਧ ਗੁਮਰਾਹ ਕਰ ਰਹੀ ਹੈ ਕਿ ਸਰਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਾਰਮਿਕ ਮਾਮਲਿਆਂ ਦਖ਼ਲ ਅੰਦਾਜ਼ੀ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਜੋ ਬਹੁਤ ਹੀ ਨਿੰਦਣਯੋਗ ਨੀਤੀ ਕਹੀਂ ਜਾ ਸਕਦੀ ਹੈ, ਭਾਈ ਖਾਲਸਾ ਨੇ ਕਿਹਾ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ 328 ਪਾਵਨ ਸਰੂਪ ਲਾਪਤਾ ਮਾਮਲੇ ਵਿੱਚ ਸਰਕਾਰ ਵੱਲੋਂ ਬਣਾਈ ਸਿੱਟ ਦਾ ਸਵਾਗਤ ਕਰਦੀ ਹੋਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਕਰਦੀ ਹੈ ਕਿ ਸਰਕਾਰ ਵੱਲੋਂ ਬਣਾਈ ਸਿੱਟ ਦਾ ਪੂਰਾ ਪੂਰਾ ਸਹਿਯੋਗ ਦਿੱਤਾ ਜਾਵੇ ਤਾਂ ਕਿ ਸਚਾਈ ਸਿੱਖ ਸੰਗਤਾਂ ਸਹਾਮਣੇ ਲਿਆਂਦੀ ਜਾ ਸਕੇ, ਇਸ ਮੌਕੇ ਤੇ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ, ਭਾਈ ਦਿਲਬਾਗ ਸਿੰਘ ਬਾਗੀ, ਭਾਈ ਸੁਖਦੇਵ ਸਿੰਘ ਜਗਰਾਓਂ ਆਦਿ ਆਗੂ ਹਾਜਰ ਸਨ।



### ਪੰਜਾਬ ਦੇ ਮੁੱਖ ਮੰਤਰੀ ਦੀ ਵੀਡੀਓ ਜੇ ਸਹੀ ਪਾਈ ਗਈ ਤਾਂ

# ਸਿੱਖ ਇਹਨਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ: ਰਘਬੀਰ ਸਿੰਘ, ਰਾਜਿੰਦਰ ਸਿੰਘ ਪੁਰੇਵਾਲ

ਨਵੀਂ ਦਿੱਲੀ 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): - ਜਿਹੜਾ ਵਿਅਕਤੀ ਸਿੱਖ ਧਰਮ ਅਤੇ ਗੁਰਦੁਆਰਿਆਂ ਬਾਰੇ ਝੂਠੇ ਤੇ ਨੀਵੇਂ ਪੱਧਰ ਦੇ ਬਿਆਨ ਮੀਡੀਆ ਵਿੱਚ ਦਿੰਦਾ ਹੈ, ਉਸ ਵਿਅਕਤੀ ਨੂੰ ਅਕਾਲ ਤਖ਼ਤ ਤੇ ਸੱਦਿਆ ਜਾਣਾ ਚਾਹੀਦਾ ਹੈ, ਚਾਹੇ ਉਹ ਸਿੱਖ ਜਾਂ ਗ਼ੈਰ ਸਿੱਖ ਕਿਉਂ ਨਾ ਹੋਵੇ ।ਕਈ ਸਿਆਸੀ ਪਾਰਟੀਆਂ ਦੇ ਆਗੂ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਰਨ ਲਈ ਜਾਣ ਬੁੱਝ ਕੇ ਸਿੱਖ ਗੁਰੂ ਘਰਾਂ ਸਬੰਧੀ ਝੂਠ ਫੈਲਾਉਂਦੇ ਹਨ, ਉਹਨਾਂ ਵਿਰੁੱਧ ਕਾਰਵਾਈ ਹੋਣੀ ਚਾਹੀਦੀ ਹੈ । ਉਕਤ ਬਿਆਨ ਦਿੰਦਿਆਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਡਰਬੀ ਦੇ ਪ੍ਰਧਾਨ ਸ: ਰਘਬੀਰ ਸਿੰਘ ਅਤੇ ਸ: ਰਾਜਿੰਦਰ ਸਿੰਘ ਪੁਰੇਵਾਲ ਨੇ ਕਿਹਾ ਕਿ ਕੁੱਝ ਸਿਆਸੀ ਪਾਰਟੀਆਂ ਤੇ ਸਰਕਾਰੀ ਏਜੰਸੀਆਂ ਤੇ ਸਿੱਖ ਵਿਰੋਧੀ ਲੋਕ ਜਾਣ ਬੁੱਝ ਕੇ ਇਹੋ ਜਿਹੀ ਬਿਆਨ ਬਾਜ਼ੀ ਕਰਕੇ ਲੋਕਾਂ ਵਿੱਚ ਸਿੱਖ ਧਰਮ ਅਤੇ ਗੁਰਦੁਆਰਿਆਂ ਦਾ ਅਕਸ ਖਰਾਬ ਕਰਨ ਦੀ ਕੋਸ਼ਿਸ਼ ਕਰਦੇ ਹਨ । ਪੰਜਾਬ ਦੇ ਮੁੱਖ ਮੰਤਰੀ ਵੱਲੋਂ ਜੋ ਬਿਆਨ ਜਾਣ ਬੁੱਝ ਕੇ ਦਿੱਤੇ ਗਏ ਹਨ, ਉਹ ਬਖਸ਼ਣ ਯੋਗ ਨਹੀਂ ਹਨ ।ਸਦਾ ਹੀ ਸ਼ਰਾਬੀ ਰਹਿਣ ਵਾਲੇ ਨੂੰ ਮੁੱਖ ਮੰਤਰੀ ਦੇ ਪਦ ਤੋਂ ਤੁਰੰਤ ਲਾਹੁਣਾ ਚਾਹੀਦਾ ਹੈ । ਆਮ ਆਦਮੀ ਪਾਰਟੀ ਦੇ ਕੋਲ ਬਹੁਤ ਚੰਗੇ ਆਗੂ ਵੀ ਹਨ, ਜਿਹਨਾਂ ਨੂੰ ਇਹ ਸੇਵਾ ਦਿੱਤੀ ਜਾ ਸਕਦੀ ਹੈ ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਲੋਕ ਇਹਨਾਂ ਨੂੰ ਮੂੰਹ ਨਹੀਂ ਲਾਉਣਗੇ ।

ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਵੀ ਪੰਜਾਬ ਵਿੱਚ ਰਿਸ਼ਵਤ, ਜੁਰਮ ਅਤੇ ਭ੍ਰਿਸ਼ਟਾਚਾਰ ਖਤਮ ਨਹੀਂ ਹੋਇਆ ਤੇ ਇਹ ਲੋਕ ਸਿੱਖ ਅਦਾਰਿਆਂ ਦੀ ਨਿੰਦਾ ਕਰਦੇ ਰਹਿੰਦੇ ਹਨ । ਇਹੀ ਮੁੱਖ ਮੰਤਰੀ ਪੰਜਾਬ ਦੇ ਲੋਕਾਂ ਦੇ ਖਰਚ ਨਾਲ ਗੱਡੀਆਂ ਲੈ ਕੇ ਬਾਹਰ ਜਾਂਦਾ ਹੈ ਤੇ ਉਹ ਪੰਜਾਬ ਵਿੱਚ ਆਪ ਏਨੀ ਸੁਰੱਖਿਆ ਵਿਚ ਰਹਿੰਦਾ ਹੈ ਇਸ ਤੋਂ ਪਤਾ ਲਗਦਾ ਹੈ ਕਿ ਉਥੇ ਆਮ ਪੰਜਾਬੀ ਕਿੰਨੇ ਕੁ ਸੁਰੱਖਿਅਤ ਹੋਣਗੇ। ਹਰ ਰੋਜ਼ ਫਿਰੌਤੀਆਂ ਨਾ ਮਿਲਣ ਕਰਕੇ ਲੋਕਾਂ ਨੂੰ ਮਾਰਿਆ ਜਾ ਰਿਹਾ ਹੈ । ਪੰਜਾਬ ਸਰਕਾਰ ਆਪਣੀਆਂ ਡਿਊਟੀਆਂ ਨਿਭਾਅ ਨਹੀਂ ਸਕੀ । ਉਹਨਾਂ ਅੱਗੇ ਕਿਹਾ, ਕਿ ਇਹੋ ਜਿਹੀਆਂ ਪਾਰਟੀਆਂ ਤੋਂ ਲੋਕਾਂ ਨੂੰ ਦੂਰ ਹੀ ਰਹਿਣਾ ਚਾਹੀਦਾ ਹੈ ।ਮੁੱਖ ਮੰਤਰੀ ਦੀ ਜੋ ਵੀਡੀਓ ਦੀ ਚਰਚਾ ਹੋ ਰਹੀ ਹੈ, ਜੇ ਇਹ ਸੱਚੀ ਸਾਬਤ ਹੋ ਜਾਂਦੀ ਹੈ ਅਤੇ ਜੇ ਪਾਰਟੀ ਨੇ ਉਹਨਾਂ ਦੇ ਸਿੱਖ ਵਿਰੋਧੀ ਬਿਆਨ ਵਾਪਸ ਨਾ ਲਏ ਤਾਂ ਪੰਜਾਬ ਦੇ ਲੋਕਾਂ ਨੇ ਇਸ ਮੁੱਖ ਮੰਤਰੀ ਅਤੇ 'ਆਪ' ਪਾਰਟੀ ਨੂੰ ਕਦੇ ਮੂੰਹ ਨਹੀਂ ਲਾਉਣਾ।



**ਸਿੱਖ ਅਦਾਰਿਆਂ ਤੇ ਗੁਰਦੁਆਰਿਆਂ ਬਾਰੇ 'ਆਪ' ਸਰਕਾਰ ਝੂਠ ਫੈਲਾਉਣਾ ਬੰਦ ਕਰੇ**

# ਬਲਾਕ ਕਾਂਗਰਸ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨਾਲ ਕੀਤੀ ਮੁਲਾਕਾਤ



**ਤਲਵੰਡੀ ਸਾਬੋ, 07 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਹਲਕਾ ਤਲਵੰਡੀ ਸਾਬੋ ਅੰਦਰ ਪਿਛਲੇ ਕੁਝ ਸਮੇਂ ਤੋਂ ਰਾਜਸੀ ਤੌਰ 'ਤੇ ਸਰਗਰਮ ਨਜ਼ਰ ਆ ਰਹੇ ਬਲਾਕ ਕਾਂਗਰਸ ਤਲਵੰਡੀ ਸਾਬੋ ਦੇ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਅੱਜ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕਰਦਿਆਂ ਰਾਜਸੀ ਗਤੀਵਿਧੀਆਂ ਬਾਰੇ ਵੀਚਾਰ ਚਰਚਾ ਕੀਤੀ। ਕ੍ਰਿਸ਼ਨ ਸਿੰਘ ਦੀ ਟੀਮ ਵੱਲੋਂ ਮੁਹੱਈਆ ਕਰਵਾਈ ਜਾਣਕਾਰੀ ਅਨੁਸਾਰ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਬੜੇ ਸੁਖਾਂਵੇ ਮਾਹੌਲ ਚ ਕੀਤੀ ਉਕਤ ਰਸਮੀ ਮੁਲਾਕਾਤ ਦੌਰਾਨ ਜਿੱਥੇ ਹਲਕੇ ਅੰਦਰ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਤੋਂ ਉਨਾਂ ਨੂੰ ਜਾਣੂੰ ਕਰਵਾਇਆ ਉੱਥੇ ਭਵਿੱਖੀ ਸਰਗਰਮੀਆਂ ਬਾਰੇ ਵੀ ਵੀਚਾਰ ਵਟਾਂਦਰਾ ਕੀਤਾ ।ਟੀਮ ਵੱਲੋਂ ਮੁਹੱਈਆ ਜਾਣਕਾਰੀ ਅਨੁਸਾਰ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀਆਂ ਸਰਗਰਮੀਆਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਉਸਨੂੰ ਥਾਪੀ ਦਿੱਤੀ ਤਾਂਕਿ ਉਹ ਗਤੀਵਿਧੀਆਂ ਨੂੰ ਹੋਰ ਤੇਜ਼ੀ ਦਿੰਦਿਆਂ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਜਿੱਥੇ ਲੋਕਾਂ ਨੂੰ ਜਾਣੂੰ ਕਰਵਾਵੇ ਉੱਥੇ ਮੌਜੂਦਾ ਸਰਕਾਰ ਦੀਆਂ ਲੋਕ ਵਿਰੋਧੀ ਕਾਰਿਆਂ ਬਾਰੇ ਵੀ ਦੱਸੇ ਤਾਂਕਿ ਲੋਕ ਵੱਡੀ ਗਿਣਤੀ 'ਚ ਕਾਂਗਰਸ ਪਾਰਟੀ ਨਾਲ ਜੁੜ ਸਕਣ ।ਮੁਲਾਕਾਤ ਉਪਰੰਤ ਬਲਾਕ ਕਾਂਗਰਸ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਚ ਹਲਕੇ ਅੰਦਰ ਇੱਕ ਵਿਸ਼ੇਸ ਮੁਹਿੰਮ ਚਲਾ ਕੇ ਆਮ ਲੋਕਾਂ ਨੂੰ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਕਾਂਗਰਸ ਵੱਲੋਂ ਬਣਾਈਆਂ ਭਵਿੱਖੀ ਯੋਜਨਾਵਾਂ ਤੋਂ ਜਾਣੂੰ ਕਰਵਾਇਆ ਜਾਵੇਗਾ ।ਇਸ ਮੁਲਾਕਾਤ ਦੌਰਾਨ ਟਕਸਾਲੀ ਕਾਂਗਰਸੀ ਆਗੂ ਬੇਅੰਤ ਸਿੰਘ ਬੰਗੀ ਸਾਬਕਾ ਚੇਅਰਮੈਨ ਬਲਾਕ ਸੰਮਤੀ, ਰਮੇਸ਼ ਕੁਮਾਰ ਰਾਮਾਂ ਵੀ ਹਾਜ਼ਰ ਸਨ।

# ਰਾਮ ਰਹੀਮ ਨੂੰ ਅਦਾਲਤ ਵੱਲੋ ਪੈਰੋਲ ਦੇਣਾ ਮਤਲਬ ਕਿ ਸਰਕਾਰ ਤੇ ਨਿਆਪਾਲਿਕਾਂ ਦੇ ਆਪਸ ਵਿਚ ਮਿਲੀਭੁਗਤ ਹੋਣ ਦਾ ਤਾਨਾਸਾਹੀ ਅਮਲ : ਮਾਨ

ਨਵੀਂ ਦਿੱਲੀ, 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਇੰਡੀਆਂ ਦੀ ਮੋਦੀ ਦੀ ਬੀਜੇਪੀ- ਆਰ.ਐਸ.ਐਸ ਹਕੂਮਤ ਥੱਲ੍ਹੇ ਜੋ ਕਤਲਾਂ ਅਤੇ ਜ਼ਬਰ ਜਨਾਹ ਦੇ ਵੱਡੇ ਦੋਸ਼ੀ ਸਿਰਸੇਵਾਲੇ ਰਾਮ ਰਹੀਮ ਸਾਧ ਨੂੰ ਕੋਰਟ ਵੱਲੋ ਪੈਰੋਲ ਦਿੱਤੀ ਗਈ ਹੈ, ਇਹ ਤਾਂ ਸਰਕਾਰ ਤੇ ਨਿਆਪਾਲਿਕਾਂ ਦੇ ਆਪਸ ਵਿਚ ਮਿਲੀਭੁਗਤ ਹੋਣ ਦਾ ਤਾਨਾਸਾਹੀ ਅਮਲ ਹੋਇਆ ਹੈ ।ਜਿਸ ਨਾਲ ਮੁਲਕ ਦੀ ਅਰਾਜਕਤਾ ਵੱਲ ਵੱਧਣ ਦੀ ਕਾਰਵਾਈ ਦਾ ਵੱਡਾ ਨੁਕਸਾਨ ਹੋਣ ਤੋ ਇਨਕਾਰ ਨਹੀ ਕੀਤਾ ਜਾ ਸਕਦਾ। ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਿਰਸੇਵਾਲੇ ਕਾਤਲ ਅਤੇ ਬਲਾਤਕਾਰੀ ਸਾਧ ਨੂੰ ਵਾਰ-ਵਾਰ ਪੈਰੋਲ ਦੇਣ ਅਤੇ ਹੁਣ ਫਿਰ 40 ਦਿਨਾਂ ਦੀ ਪੈਰੋਲ ਦੇਣ ਦੇ ਪੱਖਪਾਤੀ ਨਿਆ ਵਿਰੋਧੀ ਕਾਰਵਾਈਆ ਉਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਅਤੇ ਦੂਸਰੇ ਪਾਸੇ 2020 ਵਿਚ ਦਿੱਲੀ ਜਾਮੀਆ ਯੂਨੀਵਰਸਿਟੀ ਵਿਖੇ ਹੋਏ ਦੰਗਿਆ ਸਮੇ 2 ਨਿਰਦੋਸ਼ ਮੁਸਲਮਾਨਾਂ ਮਿਸਟਰ ਖਾਲਿਦ ਅਤੇ ਸਰਜੀਲ ਨੂੰ ਸੁਪਰੀਮ ਕੋਰਟ ਵੱਲੋ ਕਿਸੇ ਤਰ੍ਹਾਂ ਦੀ ਜ਼ਮਾਨਤ ਜਾਂ ਪੈਰੋਲ ਨਾ ਦੇਣ ਦੇ ਅਮਲਾਂ ਨੂੰ ਵਿਤਕਰੇ ਭਰਿਆ ਅਤੇ ਵਿਧਾਨ ਦੀ ਧਾਰਾ 14 ਜੋ ਸਭਨਾਂ ਨੂੰ ਬਰਾਬਰਤਾ ਦੇ ਹੱਕ ਤੇ ਅਧਿਕਾਰ ਪ੍ਰਦਾਨ ਕਰਦੀ ਹੈ, ਦਾ ਘਾਣ ਕਰਨ ਦੀਆਂ ਕਾਰਵਾਈਆ ਕਰਾਰ ਦਿੰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਇਹ ਹੋਰ ਵੀ ਵੱਡੀ ਬੇਇਨਸਾਫ਼ੀ ਵਾਲੀ ਗੱਲ ਹੈ ਕਿ ਜਿਨ੍ਹਾਂ ਉਪਰੋਕਤ 2 ਮੁਸਲਿਮ ਜੰਮੂ ਕਸਮੀਰ ਦੇ ਨੌਜਵਾਨਾਂ ਨੂੰ ਦਿੱਲੀ ਦੰਗਿਆ ਦੇ ਦੋਸ਼ੀ ਹੋਣ ਦਾ ਨਿਰਆਧਾਰ ਦੋਸ਼ ਲਗਾਕੇ ਨਿਸਾਨਾਂ ਬਣਾਇਆ ਗਿਆ ਹੈ, ਉਹ ਤਾਂ ਉਸ ਸਮੇ ਉਸ ਹਾਲਾਤਾਂ ਵਿਚ ਦਿੱਲੀ ਵਿਖੇ ਹੀ ਨਹੀ ਸਨ । ਫਿਰ ਉਨ੍ਹਾਂ ਨੂੰ 5 ਸਾਲ ਦੇ ਲੰਮੇ ਸਮੇ ਤੋ ਬਿਨ੍ਹਾਂ ਟਰਾਇਲ ਤੋ ਕਿਵੇ ਜੇਲ੍ਹਾਂ ਵਿਚ ਰੱਖਿਆ ਗਿਆ ਹੈ ? ਉਨ੍ਹਾਂ ਨੂੰ ਵਿਧਾਨਿਕ ਅਧਿਕਾਰ ਸਪੀਡੀ ਟਰਾਇਲ ਰਾਹੀ ਸੁਣਵਾਈ ਕਰਕੇ ਫੈਸਲਾ ਕਿਉ ਨਹੀ ਕੀਤਾ ਗਿਆ ? ਫਿਰ ਇਕ ਸਾਲ ਵਿਚ ਫੈਸਲਾ ਹੋਣ ਦੀ ਗੱਲ ਤੇ ਕਿਵੇ ਵਿਸਵਾਸ ਕੀਤਾ ਜਾ ਸਕਦਾ ਹੈ ? ਇਹ ਤਾਂ ਜਮਹੂਰੀਅਤ ਕਦਰਾਂ ਕੀਮਤਾਂ ਦਾ ਘਾਣ ਕਰਨ ਦੇ ਤੁੱਲ ਕਾਰਵਾਈਆ ਹਨ। ਇਸ ਸਰਕਾਰੀ ਅਤੇ ਨਿਆਪਾਲਿਕਾ ਦੇ ਸਾਂਝੇ ਵਰਤਾਰੇ ਤੋ ਪ੍ਰਤੱਖ ਹੋ ਰਿਹਾ ਹੈ ਕਿ ਜੋ ਬੰਗਲਾਦੇਸ ਵਿਚ ਬੀਤੇ ਸਮੇ ਵਿਚ ਕੁਝ ਹਿੰਦੂ ਮਾਰੇ ਗਏ ਹਨ, ਉਸਦੇ ਬਦਲੇ ਦੀ ਭਾਵਨਾ ਅਧੀਨ ਹੀ ਮੁਸਲਿਮ ਕੌਮ ਅਤੇ ਮੁਸਲਿਮ ਨੌਜਵਾਨਾਂ ਨੂੰ ਇਹ ਮੁਤੱਸਵੀ ਹਿੰਦੂਤਵ ਹੁਕਮਰਾਨ ਝੂਠੇ ਕੇਸਾਂ ਵਿਚ ਉਲਝਾਕੇ ਨਿਸਾਨਾ ਬਣਾ ਰਹੇ ਹਨ । ਹੁਕਮਰਾਨਾਂ ਵੱਲੋ ਇਹ ਤਾਂ ਟਰਾਸਨੈਸਨਲ ਅਪਰਾਧ ਕੀਤਾ ਜਾ ਰਿਹਾ ਹੈ ।ਜਿਸ ਨਿਆਪਾਲਿਕਾ ਨੇ ਨਿਰਪੱਖਤਾ ਨਾਲ ਆਪਣੇ ਨਾਗਰਿਕਾਂ ਨੂੰ ਇਨਸਾਫ਼ ਦੇਣਾ ਹੁੰਦਾ ਹੈ ਉਹ ਇਸ ਮਨੁੱਖਤਾ ਵਿਰੋਧੀ ਗੈਰ ਕਾਨੂੰਨੀ ਅਮਲ ਵਿਚ ਸਰਕਾਰ ਨਾਲ ਮਿਲ ਜਾਣਾ ਹੋਰ ਵੀ ਅਤਿ ਸ਼ਰਮਨਾਕ ਹੋਣ ਦੇ ਨਾਲ-ਨਾਲ ਮੁਲਕ ਨੂੰ ਅਰਾਜਕਤਾ ਵੱਲ ਧਕੇਲਣ ਦੀ ਕਾਰਵਾਈ ਹੈ । ਇਸੇ ਸਰਕਾਰ ਅਤੇ ਨਿਆਪਾਲਿਕਾ ਦੇ ਸਾਂਝੇ ਅਮਲਾਂ ਦੀ ਬਦੌਲਤ ਬੀਤੇ 15 ਸਾਲਾਂ ਤੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਜਰਨਲ ਚੋਣਾਂ ਹੀ ਨਹੀਂ ਕਰਵਾਈਆ ਜਾ ਰਹੀਆ । ਇਸੇ ਤਰ੍ਹਾਂ ਕੌਮਾਂਤਰੀ ਰੀਪੇਰੀਅਨ ਕਾਨੂੰਨ ਅਨੁਸਾਰ ਜਿਨ੍ਹਾਂ ਦਰਿਆਵਾ ਦੇ ਪਾਣੀਆ ਉਤੇ ਪੰਜਾਬ ਸੂਬੇ ਦਾ ਕਾਨੂੰਨੀ ਅਧਿਕਾਰ ਬਣਦਾ ਹੈ, ਉਹ ਵੀ ਦਿੱਲੀ ਦੀ ਮੋਦੀ ਹਕੂਮਤ ਵੱਲੋ ਗੈਰ ਕਾਨੂੰਨੀ ਢੰਗ ਨਾਲ ਜਬਰੀ ਖੋਹੇ ਜਾ ਰਹੇ ਹਨ । ਜੋ ਵੱਡੀਆ ਬੇਇਨਸਾਫ਼ੀਆ ਹਨ । ਉਨ੍ਹਾਂ ਕਿਹਾ ਕਿ ਜਿਹੜੇ ਹੁਣ ਸ੍ਰੀ ਟਰੰਪ ਨਿਊ ਵਰਲਡ ਆਰਡਰ ਕਰਨ ਜਾ ਰਹੇ ਹਨ, ਉਹ ਇੰਡੀਆ ਦੇ ਗੈਰ ਜਮਹੂਰੀਅਤ ਅਤੇ ਮਨੁੱਖਤਾ ਵਿਰੋਧੀ ਅਮਲਾਂ ਤੇ ਕੜੀ ਨਜਰ ਰੱਖਣ ਅਤੇ ਜਿਵੇ ਮਿਸਟਰ ਵੁਡਰੋ ਵਿਲਸਨ ਨੇ ਪਹਿਲੀ ਸੰਸਾਰ ਜੰਗ ਉਪਰੰਤ ਮਨੁੱਖਤਾ ਪੱਖੀ ਉਦਮ ਕਰਕੇ ਵੱਖ-ਵੱਖ ਕੌਮਾਂ ਨੂੰ ਕੌਮਾਂਤਰੀ ਨਿਯਮਾਂ ਅਧੀਨ ਆਜਾਦ ਕਰਕੇ ਉਨ੍ਹਾਂ ਦੇ ਨਵੇ ਮੁਲਕ ਬਣਾਕੇ ਆਜਾਦੀ ਪ੍ਰਦਾਨ ਕੀਤੀ ਸੀ, ਉਸੇ ਤਰ੍ਹਾਂ ਇੰਡੀਆ ਵਿਚ ਸਿੱਖ ਕੌਮ ਨਾਲ ਹੋ ਰਹੇ ਜ਼ਬਰ ਜੁਲਮਾਂ ਤੇ ਬੇਇਨਸਾਫ਼ੀਆ ਨੂੰ ਮੁੱਖ ਰੱਖਕੇ ਅਮਲ ਕਰਨ । ਇਸੇ ਤਰ੍ਹਾਂ ਕੁਰਦਾ, ਬਾਸਕਿਓ (ਸਪੇਨ) ਆਦਿ ਕੌਮਾਂ ਵੱਲੋ ਕੀਤੀ ਜਾ ਰਹੀ ਆਜਾਦੀ ਦੀ ਜੰਗ ਦਾ ਨਿਰਣਾ ਕਰਦੇ ਹੋਏ ਇਨ੍ਹਾਂ ਨੂੰ ਵੀ ਆਜਾਦ ਕਰਵਾਉਣ ਵਿਚ ਭੂਮਿਕਾ ਨਿਭਾਉਣ।



ਅਕਾਲੀ ਦਲ ਵਾਰਿਸ ਪੰਜਾਬ ਦੇ ਮਾਝਾ ਜੋਨ ਦੇ ਆਗੂਆਂ ਦੀ ਮਾਘੀ ਦੀ ਕਾਨਫਰੰਸ ਸਬੰਧੀ ਹੋਈ ਅਹਿਮ ਮੀਟਿੰਗ

# ਵੱਡੇ ਕਾਫਲਿਆਂ ਵਿੱਚ ਸ੍ਰੀ ਮੁਕਤਸਰ ਸਾਹਿਬ ਪਹੁੰਚੇਗੀ ਸੰਗਤ





**ਅੰਮ੍ਰਿਤਸਰ**, 7 ਜਨਵਰੀ (**ਆਵਾਜ਼ਿ ਕੌਮ ਬਿਊਰੋ**)-ਅੱਜ ਗੁਰਦੁਆਰਾ ਬਾਬਾ ਕਾਲੇ ਮਹਿਰ, ਪਿੰਡ ਜੱਲੂਪੁਰ ਖੈੜੇ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਮਾਝਾ ਜੋਨ ਦੇ ਸਰਗਰਮ ਆਗੂਆਂ ਅਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਬਾਪੂ ਤਰਸੇਮ ਸਿੰਘ ਤੋਂ ਇਲਾਵਾ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਚਾਚਾ ਸੁਖਚੈਨ ਸਿੰਘ ਜੀ, ਚਾਚਾ ਪ੍ਰਗਟ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਅਜੇਪਾਲ ਸਿੰਘ ਢਿਲੋਂ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਬਾਬਾ ਬਿਬੇਕ ਸਿੰਘ, ਭਾਈ ਚਮਕੌਰ ਸਿੰਘ ਧੁੰਨ, ਭਾਈ ਜਤਿੰਦਰ ਸਿੰਘ ਮਹਿਤਾ, ਬਾਬਾ ਜਰਮਨਜੀਤ ਸਿੰਘ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਮਨਜਿੰਦਰ ਸਿੰਘ ਕਲੇਰ, ਭਾਈ ਨਵਤੇਜ ਸਿੰਘ ਛੱਜਲਵੱਡੀ, ਭਾਈ ਦਇਆ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਜਸਕਰਨ ਸਿੰਘ ਰਿਆੜ, ਭਾਈ ਨਰਿੰਦਰ ਸਿੰਘ ਕਲਸੀਆਂ, ਬਾਬਾ ਹਰਪ੍ਰੀਤ ਸਿੰਘ, ਭਾਈ ਦਲੀਪ ਸਿੰਘ ਏਕਰਗੱਡਾ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਸਵਰਨ ਸਿੰਘ ਗੋਲਡਨ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ, ਭਾਈ ਪ੍ਰਿਤਪਾਲ ਸਿੰਘ ਮੀਰਾਂਕੋਟ, ਐਡਵੋਕੇਟ ਗੁਰਜੀਤ ਸਿੰਘ, ਹਰਕਮਲਪ੍ਰੀਤ ਸਿੰਘ ਅਤੇ ਭਾਈ ਸਿਕੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ। ਇਹ ਮੀਟਿੰਗ 14 ਜਨਵਰੀ ਨੂੰ ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਹੋਣ ਜਾ ਰਹੀ ਪੰਥਕ ਕਾਨਫਰੰਸ ਦੇ ਸਬੰਧ ਵਿੱਚ ਕੀਤੀ ਗਈ। ਮੀਟਿੰਗ ਦੌਰਾਨ ਮਾਝਾ ਖੇਤਰ ਦੇ ਵੱਖ-ਵੱਖ ਹਲਕਿਆਂ ਤੋਂ ਪਹੁੰਚੇ ਆਗੂਆਂ ਨੇ ਕਾਨਫਰੰਸ ਦੀ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਇਹ ਫੈਸਲਾ ਕੀਤਾ ਕਿ ਮਾਝਾ ਜੋਨ ਵੱਲੋਂ ਵੱਡੀ ਗਿਣਤੀ ਵਿੱਚ, ਵੱਡੇ-ਵੱਡੇ ਕਾਫਲਿਆਂ ਦੇ ਰੂਪ ਵਿੱਚ ਮਾਘੀ ਦੀ ਪੰਥਕ ਕਾਨਫਰੰਸ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਕਿ ਇਹ ਪੰਥਕ ਕਾਨਫਰੰਸ ਪੰਜਾਬ, ਪੰਥ ਅਤੇ ਸਿੱਖ ਨੌਜਵਾਨੀ ਨਾਲ ਜੁੜੇ ਮੁੱਦਿਆਂ ਉੱਤੇ ਇਕ ਮਜ਼ਬੂਤ ਆਵਾਜ਼ ਬਣ ਕੇ ਉਭਰੇਗੀ, ਅਤੇ ਇਸ ਰਾਹੀਂ ਸਿੱਖ ਕੌਮ ਦੀ ਇਕਜੁੱਟਤਾ ਅਤੇ ਹੱਕਾਂ ਲਈ ਸੰਘਰਸ਼ ਨੂੰ ਹੋਰ ਮਜ਼ਬੂਤੀ ਮਿਲੇਗੀ। ਅਖੀਰ ਵਿੱਚ ਪਾਰਟੀ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਸਮੂਹ ਆਗੂ ਅਤੇ ਵਰਕਰ ਸਾਹਿਬਾਨ ਦਾ ਮੀਟਿੰਗ ਵਿੱਚ ਪਹੁੰਚਣ ਤੇ ਧੰਨਵਾਦ ਕੀਤਾ ਅਤੇ ਮਾਘੀ ਦੀ ਇਸ ਪੰਥਕ ਕਾਨਫਰੰਸ ਤੇ ਇਕ ਵੱਡਾ ਇਕੱਠ ਕਰਕੇ ਮਿਸਾਲ ਕਾਇਮ ਕਰਨ ਲਈ ਕਿਹਾ।

# ਗੁਰਚਰਨ ਸਿੰਘ ਚੱਕ ਸਾਬਕਾ ਵਣ ਰੇਂਜ ਅਫਸਰ ਨਮਿਤ ਅੰਤਿਮ ਅਰਦਾਸ

ਫ਼ਿਰੋਜ਼ਪੁਰ, 07 ਜਨਵਰੀ (ਮਨੋਹਰ ਲਾਲ) :— ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਸੀਨੀਅਰ ਆਗੂ ਅਤੇ ਮੰਡਲ ਕਮੇਟੀ ਲੁਧਿਆਨਾ ਦੇ ਮੈਂਬਰ ਸ਼੍ਰੀ ਗੁਰਚਰਨ ਸਿੰਘ ਚੱਕ ਸਾਬਕਾ ਵਣ ਰੇਂਜ ਅਫ਼ਸਰ ਨਮਿਤ ਅੰਤਿਮ ਅਰਦਾਸ ਦਾ ਭੋਗ ਪਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਨੇ ਦੱਸਿਆ ਕਿ ਸ੍ਰੀ ਗੁਰਚਰਨ ਸਿੰਘ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਜਿਨ੍ਹਾਂ ਨਮਿਤ ਅੰਤਿਮ ਅਰਦਾਸ ਦੌਰਾਨ ਵੱਡੀ ਗਿਣਤੀ ਰਿਸ਼ਤੇਦਾਰ, ਮਿੱਤਰ ਅਤੇ ਵਿਭਾਗ ਦੇ ਸੇਵਾ ਮੁਕਤ ਵਣ ਪੈਨਸ਼ਨਰ ਸ਼ਾਮਲ ਹੋਏ। ਇਸ ਮੌਕੇ ਬੁਲਾਰਿਆਂ ਨੇ ਜਿਥੇ ਸ਼੍ਰੀ ਗੁਰਚਰਨ ਸਿੰਘ ਦੇ ਵਿਭਾਗੀ ਕਮਾਂ, ਜਥੇਬੰਧਕ ਕਾਰਗੁਜਾਰੀ ਬਾਰੇ ਚਾਨਣਾ ਪਾਇਆ। ਇਸ ਸਮੇਂ ਜਗਦੀਪ ਸਿੰਘ ਢਿੱਲੋਂ ਸਰਪਰਸਤ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਕਰਮਜੀਤ ਸਿੰਘ ਲੁਧਿਆਣਾ, ਬਚਿਤਰ ਸਿੰਘ ਮੋਗਾ, ਰਵੀ ਵਣ ਗਾਰਡ, ਮਨਮਿੰਦਰ ਸਿੰਘ ਫੋਰੇਸਟਰ, ਪ੍ਰੀਤਮ ਸਿੰਘ ਫਾਰੇਸਟਰ ਆਦਿ ਨੇ ਪਰਿਵਾਰ ਨਾਲ ਅਫਸੋਸ ਕੀਤਾ।

ਹੜ੍ਹਾਂ ਦੇ ਮੁਆਵਜੇ ਲਈ ਲੱਗੇ ਧਰਨੇ ਵਿਚ

# ਮਿਸਲ ਸਤਲੁਜ ਨੇ ਕੀਤੀ ਸ਼ਿਰਕਤ





ਫ਼ਿਰੋਜ਼ਪੁਰ, 07 ਜਨਵਰੀ (ਮਨੋਹਰ ਲਾਲ) :— ਹੜ੍ਹਾਂ ਦੇ ਮੁਆਵਜ਼ੇ ਨੂੰ ਲੈ ਕੇ ਹਰੀਕੇ ਹੈਡ ਵਰਕਸ ਵਿਖੇ ਭੁੱਖ ਹੜਤਾਲ ਤੇ ਬੈਠੇ ਕਿਸਾਨਾਂ ਵੱਲੋਂ ਚੱਲ ਰਹੇ ਧਰਨੇ ਵਿੱਚ ਮਿਸਲ ਸਤਲੁਜ ਵਲੋਂ ਸ਼ਿਰਕਤ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਆਪ ਸਰਕਾਰ ਦਾ ਵਰਤਾਰਾ ਮਤਰੇਈਆਂ ਮਾਵਾਂ ਨੂੰ ਵੀ ਮਾਤ ਪਾ ਰਿਹਾ ਹੈ। ਉਨ੍ਹਾਂ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕੀਤੀ ਕਿ ਸਰਕਾਰ ਜਲਦ ਮੁਆਵਜ਼ਾ ਜਾਰੀ ਕਰੇ। ਉਨ੍ਹਾਂ ਹੜ੍ਹ ਪੀੜਤ ਜਥੇਬੰਦੀ ਦੇ ਆਗੂਆਂ ਜਸਬੀਰ ਸਿੰਘ ਨੂੰ ਮਿਸਲ ਸਤਲੁਜ ਵੱਲੋਂ ਸਾਥ ਦਾ ਭਰੋਸਾ ਦਿੱਤਾ। ਇਸ ਮੌਕੇ ਰੋਮਨ ਬਰਾੜ ਨੇ ਕਿਹਾ ਕਿ ਅਗਰ ਕਿਸੇ ਬਜ਼ੁਰਗ ਨਾਲ ਕੋਈ ਮਾੜਾ ਭਾਣਾ ਵਰਤਦਾ ਹੈ ਤਾਂ ਸਰਕਾਰ ਤੋਂ ਲੋਕ ਰੋਹ ਝੱਲਿਆ ਨਹੀਂ ਜਾਣਾ। ਇਸ ਮੌਕੇ ਤੇ ਸਰਬਜੀਤ ਸਿੰਘ, ਗੁਰਮਨ ਸਿੰਘ, ਰਣਬੀਰ ਸਿੰਘ, ਸੁਖਵੰਤ ਸਿੰਘ ਆਦਿ ਹਾਜਰ ਸਨ।

# ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ 27 ਜਨਵਰੀ ਨੂੰ ਅਤਲਾ ਖੁਰਦ ਵਿਖੇ ਮਨਾਇਆ ਜਾਵੇਗਾ: ਅਤਲਾ



ਨਵੀਂ ਦਿੱਲੀ, 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਅਨੌਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਹਰ ਸਾਲ ਦੀ ਤਰ੍ਹਾਂ 27 ਜਨਵਰੀ ਨੂੰ ਸਵੇਰੇ 8 ਵਜੇ ਤੋਂ 11 ਵਜੇ ਤੱਕ ਪਿੰਡ ਅਤਲਾ ਖੁਰਦ ਵੱਡਾ ਗੁਰੂਦਵਾਰਾ ਸਾਹਿਬ ਵਿਖੇ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ (ਪੰਜਾਬ) ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮਿਤੀ 27 ਜਨਵਰੀ ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਸ਼੍ਰੀ ਸਹਿਜ ਪਾਠ ਜੀ ਭੋਗ ਪੈਣ ਉਪਰੰਤ ਬਾਬਾ ਅੰਮ੍ਰਿਤਪਾਲ ਸਿੰਘ ਭੀਖੀ ਵਾਲੇ ਧਾਰਮਿਕ ਦੀਵਾਨ ਸਜਾਉਣਗੇ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਜੀ, ਬਾਬਾ ਬਲਵੀਰ ਸਿੰਘ ਜੀ ਮੁਖੀ ਬੁੱਢਾ ਦਲ, ਬਾਬਾ ਹਰਬੰਸ ਦਾਸ ਜੀ ਭੀਖੀ ਵਿਸ਼ੇਸ਼ ਤੌਰ ਤੇ ਪਹੁੰਚਣਗੇ ਅਤੇ ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤੇਗਾ। ਸੰਗਤਾਂ ਨੂੰ ਬੇਨਤੀ ਹੈ ਕਿ ਵਡੀ ਗਿਣਤੀ ਅੰਦਰ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ।

# ਫਰੀਡਮ ਫਾਈਟਰ ਉਤਰਾਅਧਿਕਾਰੀ ਸੰਸਥਾ ਦੇ ਆਗੂਆਂ ਨੇ ਆਪਣੀਆਂ ਮੰਗਾਂ ਨੂੰ ਦਰਸਾਉਂਦਾ ਦਿੱਤਾ ਮੰਗ ਪੱਤਰ



ਫ਼ਿਰੋਜ਼ਪੁਰ, 07 ਜਨਵਰੀ (ਮਨੋਹਰ ਲਾਲ) :— ਆਪਣੀਆਂ ਮੰਗਾਂ ਨੂੰ ਦਰਸਾਉਂਦਾ ਇਕ ਮੰਗ ਪੱਤਰ ਫਰੀਡਮ ਫਾਈਟਰ ਉਤਰਾਅਧਿਕਾਰੀ ਸੰਸਥਾ ਪੰਜਾਬ ਵੱਲੋਂ ਜੀ.ਏ ਫ਼ਿਰੋਜ਼ਪੁਰ ਰਾਜਵੀਰ ਸਿੰਘ ਭੰਗੂ ਨੂੰ ਦਿੱਤਾ ਗਿਆ, ਜਿਸ ਦੀ ਅਗਵਾਈ ਜ਼ੋਨ ਇਨਚਾਰਜ ਰਾਮ ਸਿੰਘ ਮਿੰਡਾ ਵੱਲੋਂ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਸਕੱਤਰ ਸਤਨਾਮ ਸਿੰਘ ਲਹਿਰਾ ਨੇ ਦੱਸਿਆ ਕਿ ਫਰੀਡਮ ਫਾਈਟਰ ਪਰਿਵਾਰਾਂ ਨੂੰ ਮੀਟਿੰਗ ਲਈ ਹਰ ਮਹੀਨੇ ਮੀਟਿੰਗ ਹਾਲ ਦਿੱਤਾ ਜਾਵੇ, ਸਕੂਲਾਂ/ਕਾਲਜਾਂ ਦੇ ਨਾਮ ਫਰੀਡਮ ਫਾਈਟਰਾਂ ਦੇ ਨਾਮ ਪਰ ਰੱਖੇ ਜਾਣ। ਆਗੂਆਂ ਨੇ ਕਿਹਾ ਕਿ ਸਾਰੇ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਫਰੀਡਮ ਫਾਈਟਰ ਪਰਿਵਾਰਾਂ ਦੇ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣ ਅਤੇ ਪੂਰਾ ਮਾਨ ਸਨਮਾਨ ਦਿੱਤਾ ਜਾਵੇ, ਦੇਸ਼ ਭਗਤ ਭਵਨ ਬਨਾਉਣ ਲਈ ਜਗ੍ਹਾ ਮੁਹਇਆ ਕਰਵਾਈ ਜਾਵੇ, ਜਿਨ੍ਹੀ ਦੇਰ ਤੱਕ ਭਵਨ ਨਹੀਂ ਦਿੱਤਾ ਜਾਂਦਾ, ਉਨ੍ਹੀ ਦੇਰ ਤੱਕ ਡੀ.ਸੀ ਕੰਪਲੈਕਸ ਵਿਚ ਇਕ ਕਮਰਾ ਜਾਰੀ ਕੀਤਾ ਜਾਵੇ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਫਰੀਡਮ ਫਾਈਟਰ ਪਰਿਵਾਰਾਂ ਨੂੰ ਆ ਰਹੀਆਂ ਮੁਸ਼ਿਕਲਾਂ ਦੇ ਹੱਲ ਲਈ ਇਕ ਉੱਚ ਅਫਸਰ ਦੀ ਡਿਊਟੀ ਲਗਾਈ ਜਾਵੇ, 26 ਜਨਵਰੀ ਤੇ 15 ਅਗਸਤ ਵਾਲੇ ਦਿਨ ਫਰੀਡਮ ਫਾਈਟਰ ਦੇ ਪਰਿਵਾਰਾਂ ਲਈ ਅਲੱਗ ਤੋਂ ਕੁਰਸੀਆਂ ਲਗਾਈਆਂ ਜਾਣ ਅਤੇ ਚਾਹ—ਪਾਣੀ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਫਰੀਡਮ ਫਾਈਟਰ ਦੇ ਪਰਿਵਾਰਾਂ ਵੱਲੋਂ ਦੇਸ਼ ਦੀ ਤਰੱਕੀ, ਉਨਤੀ ਲਈ ਅਹਿਮ ਰੋਲ ਅਦਾ ਕੀਤਾ ਗਿਆ ਹੈ ਅਤੇ ਸੰਸਥਾ ਦੀ ਮੰਗ ਹੈ ਕਿ ਫਰੀਡਮ ਫਾਈਟਰ ਪਰਿਵਾਰਾਂ ਨੂੰ ਟੋਲ ਪਲਾਜੇ ਦੀ ਛੋਟ ਲਈ ਸਾਰੇ ਟੋਲ ਪਲਾਜਾ ਨੂੰ ਲਿਖਤੀ ਹਦਾਇਤ ਕੀਤੀ ਜਾਵੇ, ਮੁੱਖ ਮੰਤਰੀ ਨਾਲ ਸਾਡੀ ਨਰਾਜਗੀ ਹੈ, ਕਿਉਂਕਿ ਕਈ ਵਾਰ ਲਿਖਤੀ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਹੀਂ ਕੀਤੀ ਗਈ, 26 ਜਨਵਰੀ ਨੂੰ ਸਮਾਗਮ ਵਿਚ ਹਾਜ਼ਰ ਹੋ ਕੇ ਤਿਰੰਗੇ ਝੰਡੇ ਨੂੰ ਸਲਾਮੀ ਜ਼ਰੂਰਤ ਦਿੱਤੀ ਜਾਵੇਗੀ, ਪਰ ਸਨਮਾਨ ਨਹੀਂ ਲਿਆ ਜਾਵੇਗਾ, ਦੇਸ਼ ਭਗਤ ਪਰਿਵਾਰਾਂ ਨੂੰ ਸਮਾਨ ਦੀ ਜ਼ਰੂਰਤ ਨਹੀਂ ਸਨਮਾਨ ਦੀ ਜ਼ਰੂਰਤ ਹੈ, ਸਰਕਾਰ ਨਾਲ ਸਮਝੌਤਾ ਹੁੰਦਾ ਹੈ ਤਾਂ ਸਨਮਾਨ ਲੈਣ ਦੀ ਵਿਚਾਰ ਬਾਅਦ ਵਿਚ ਕੀਤੀ ਜਾਵੇ। ਆਗੂਆਂ ਨੇ ਦੱਸਿਆ ਕਿ ਆਪਣੀਆਂ ਮੰਗਾਂ ਦੇ ਸਬੰਧ ਵਿਚ ਜਥੇਬੰਦੀ ਵੱਲੋਂ 15 ਜਨਵਰੀ ਤੋਂ ਸੰਗਰੂਰ ਵਿਖੇ ਸਰਕਾਰ ਵਿਰੁੱਧ ਧਰਨਾ ਜਾਰੀ ਹੈ। ਇਸ ਮੌਕੇ ਪ੍ਰਧਾਨ ਪ੍ਰਵੀਨ ਕੁਮਰਾ ਫ਼ਿਰੋਜ਼ਪੁਰ, ਸੀਨੀਅਰ ਮੀਤ ਪ੍ਰਧਾਨ ਇਕਬਾਲ ਸਿੰਘ ਸੰਧੂ, ਸੂਰਜ ਬੇਦੀ, ਗੁਰਨਾਮ ਸਿੰਘ ਲਹਿਰਾ, ਕੁਲਦੀਪ ਸਿੰਘ ਸੱਦਰਵਾਲਾ, ਕਾਰਜ ਸਿੰਘ ਆਸਲ, ਲਖਵੀਰ ਸਿੰਘ ਸ਼ਾਹਵਾਲਾ, ਸੁਖਦੇਵ ਸਿੰਘ ਸੰਧੂ, ਦਰਸ਼ਨ ਸਿੰਘ ਸੋਢੇਵਾਲਾ ਤੇ ਹਰੀ ਸਿੰਘ ਹਾਜ਼ਰ ਸਨ।

# ਬੋਰਡ ਇਮਤਿਹਾਨਾਂ ਨੂੰ ਮੱਦੇਨਜ਼ਰ ਰੱਖਦਿਆਂ ਬੋਰਡ ਕਲਾਸ ਦੇ ਵਿਦਿਆਰਥੀਆਂ ਲਈ ਸਕੂਲ ਖੋਲ੍ਹਣ ਦੀ ਇਜਾਜ਼ਤ ਦਿੱਤੀ ਜਾਵੇ—ਨਰਿੰਦਰ ਸਿੰਘ ਕੇਸਰ



ਫ਼ਿਰੋਜ਼ਪੁਰ, 07 ਜਨਵਰੀ (ਮਨੋਹਰ ਲਾਲ) :— ਠੰਢ ਦੇ ਮੱਦੇਨਜ਼ਰ ਜੋ ਪੰਜਾਬ ਸਰਕਾਰ ਵੱਲੋਂ ਸਰਕਾਰੀ ਗੈਰ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਛੁੱਟੀਆਂ ਕੀਤੀਆਂ ਗਈਆਂ ਸਨ ਉਨ੍ਹਾਂ ਦੇ ਲਗਾਤਰ ਵਾਧੇ ਨਾਲ ਬੱਚਿਆਂ ਦੀ ਪੜ੍ਹਾਈ ਉਪਰ ਬਹੁਤ ਬੁਰਾ ਪ੍ਰਭਾਵ ਪੈ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਨਰਿੰਦਰ ਸਿੰਘ ਕੇਸਰ ਨੇ ਕਿਹਾ ਕਿ ਮੌਸਮ ਵਿਭਾਗ ਅਨੁਸਾਰ ਇਸ ਵੇਲੇ ਪੰਜਾਬ ਵਿੱਚ ਕੜਾਕੇ ਦੀ ਠੰਢ ਪੈ ਰਹੀ ਹੈ ਜਿਸ ਕਰਕੇ ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਸਕੂਲਾਂ ਨੂੰ 13 ਜਨਵਰੀ ਤੱਕ ਬੰਦ ਰੱਖਣ ਦੇ ਹੁਕਮ ਦਿੱਤੇ ਗਏ ਹਨ, ਪਰ ਬੋਰਡ ਦੀਆ ਪ੍ਰੀਖਿਆਵਾਂ ਅਗਲੇ ਮਹੀਨੇ ਸ਼ੁਰੂ ਹੋਣ ਜਾ ਰਹੀਆਂ ਹਨ ਜਿਸ ਕਰਕੇ ਬੱਚਿਆਂ ਦੀ ਪੜ੍ਹਾਈ ਤੇ ਬੁਰਾ ਪ੍ਰਭਾਵ ਪਵੇਗਾ ਇਸ ਕਰਕੇ ਬੋਰਡ ਦੀਆਂ ਕਲਾਸਾਂ ਲਈ ਸਕੂਲ ਖੋਲ੍ਹਣ ਦੀ ਇਜਾਜ਼ਤ ਦਿੱਤੀ ਜਾਵੇ। ਸਰਕਾਰ ਨੂੰ ਇਸ ਮਸਲੇ ਨੂੰ ਵਿਚਾਰਨ ਦੀ ਮੰਗ ਕਰਦਿਆਂ ਨਰਿੰਦਰ ਸਿੰਘ ਕੇਸਰ ਜ਼ਿਲਾ ਪ੍ਰਧਾਨ ਰੀਕੋਗਨਾਈਜ਼ਡ ਐਂਡ ਐਫਲਿਏਟਿਡ ਸਕੂਲ ਐਸੋਸੀਏਸ਼ਨ (ਰਾਸਾ) ਨੇ ਅਪੀਲ ਕੀਤੀ ਕਿ 8ਵੀ ਤੋਂ 12ਵੀ ਕਲਾਸਾਂ ਤੱਕ ਸਕੂਲ ਖੋਲੇ ਜਾਣ ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਸਹੀ ਢੰਗ ਨਾਲ਼ ਕੀਤੀ ਜਾ ਸਕੇ। ਗੱਲਬਾਤ ਕਰਦਿਆਂ ਕੇਸਰ ਨੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਬੱਚਿਆਂ ਦੀ ਸਿਹਤ ਦੇ ਨਾਲ—ਨਾਲ ਉਨ੍ਹਾਂ ਦੀ ਪੜ੍ਹਾਈ ਦਾ ਖਿਆਲ ਵੀ ਰੱਖਿਆ ਜਾਵੇ। ਇਥੇ ਇਹ ਜ਼ਿਕਰਯੋਗ ਹੈ ਕਿ ਵਿਦਿਆਰਥੀ ਜਿਸ ਤਰੀਕੇ ਨਾਲ ਸਕੂਲ ਵਿੱਚ ਪੇਪਰਾਂ ਦੀ ਤਿਆਰੀ ਕਰ ਸਕਦੇ ਹਨ ਘਰੇ ਰਹਿ ਕੇ ਉਹ ਚੰਗੀ ਤਰ੍ਹਾਂ ਨਹੀਂ ਪੜ੍ਹ ਸਕਦੇ। ਉਨ੍ਹਾਂ ਕਿਹਾ ਕੇ ਬਹੁਤੇ ਵਿਦਿਆਰਥੀਆਂ ਦੇ ਮਾਪੇ ਵੀ ਸਕੂਲ ਖੋਲ੍ਹਣ ਦੇ ਹੱਕ ਵਿੱਚ ਹਨ।

ਗੱਲਬਾਤ ਕਰਦਿਆਂ ਨਰਿੰਦਰ ਕੇਸਰ ਨੇ ਕਿਹਾ ਕਿ ਮੌਸਮ ਨੂੰ ਦੇਖਦਿਆਂ ਪ੍ਰਾਇਮਰੀ ਤੱਕ ਦੇ ਬੱਚਿਆ ਨੂੰ ਛੁੱਟੀਆਂ ਕੀਤੀਆਂ ਜਾਣ, ਕਿਉਕਿ ਛੋਟੇ ਬੱਚਿਆਂ ਤੇ ਸਰਦੀ ਦਾ ਅਸਰ ਜ਼ਿਆਦਾ ਹੋਣ ਦਾ ਡਰ ਰਹਿੰਦਾ ਹੈ। ਇਸ ਤੋਂ ਇਲਾਵਾ ਹਾਈ ਤੇ ਸਕੈਂਡਰੀ ਸਕੂਲਾਂ ਦੇ ਸਮੇਂ ਵਿੱਚ ਤਬਦੀਲੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਉਮੀਦ ਹੈ ਕੇ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਣਗੇ। ਇਸ ਮੌਕੇ ਹੋਰਨਾਂ ਤੋ ਇਲਾਵਾ ਰਵਿੰਦਰ ਸ਼ਰਮਾ ਜਨਰਲ ਸਕੱਤਰ ਪੰਜਾਬ, ਜਸਮਿੰਦਰ ਸਿੰਘ ਸੰਧੂ ਪ੍ਰਧਾਨ (ਆਹਰਾਸ) ਸੁਨੀਰ ਮੋਗਾ, ਹਰਚਰਨ ਸਿੰਘ ਸਾਮਾ, ਰਾਕੇਸ਼ ਅਰੋੜਾ, ਮਨਜੀਤ ਸਿੰਘ ਵਿਰਕ, ਇੰਦਰਪਾਲ ਸਿੰਘ, ਜਗਤਾਰ ਸਿੰਘ ਸ਼ੇਰਖਾ, ਜੀਵਨ ਲਾਲ ਧੀਰ, ਰਾਜੇਸ਼ ਗਾਬਾ, ਪ੍ਰਤਾਪ ਸਿੰਘ ਵਿਰਕ, ਕਮਲਜੀਤ ਸਿੰਘ ਕੱਸੋਆਣਾ, ਲਖਵਿੰਦਰ ਸਿੰਘ ਢਿੱਲੋਂ, ਹਰਜੀਤ ਸਿੰਘ ਬਰਾੜ, ਜਸਵੀਰ ਸਿੰਘ ਕਟਾਰੀਆ ਆਦਿ ਸਕੂਲ ਮੁਖੀ ਹਾਜ਼ਰ ਸਨ।

# ਏਅਰ ਕੰਡੀਸ਼ਨਰਾਂ ਦੇ ਵਾਤਾਵਰਨ ਅਤੇ ਮਨੁੱਖੀ ਸਿਹਤ ’ਤੇ ਪ੍ਰਭਾਵ



**ਗਲੋਬਲ** ਵਾਰਮਿੰਗ ਨੇ ਧਰਤੀ ਦੇ ਤਾਪਮਾਨ ਵਿੱਚ ਵਾਧਾ ਕੀਤਾ ਹੈ। ਇਸ ਤਾਪਮਾਨ ਦੇ ਤੇਜ਼ੀ ਨਾਲ ਉੱਪਰ ਚੜ੍ਹਨ ਦੇ ਪ੍ਰਭਾਵ ਨੇ ਏਅਰ ਕੰਡੀਸ਼ਿਨੰਗ ਪ੍ਰਣਾਲੀਆਂ ਨੂੰ ਘਰਾਂ, ਦਫਤਰਾਂ ਅਤੇ ਜਨਤਕ ਸਥਾਨਾਂ ਨੂੰ ਆਰਾਮਦਾਇਕ ਬਣਾਉਣ ਦੀ ਦਰ ਵਿੱਚ ਬੇਤਹਾਸ਼ਾ ਵਾਧਾ ਕੀਤਾ ਹੈ। ਹਾਲਾਂਕਿ ਇਹ ਠੰਡੇ ਕਰਨ ਵਾਲੀਆਂ ਪ੍ਰਣਾਲੀਆਂ ਤਾਪਮਾਨ ਦੇ ਵਾਧੇ ਤੋਂ ਰਾਹਤ ਪ੍ਰਦਾਨ ਕਰਨ ਵਿੱਚ ਕਾਫੀ ਸਫ਼ਲ ਹਨ ਪਰ ਇਸ ਦੇ ਨਾਲ ਹੀ ਵਾਤਾਵਰਨ ’ਤੇ ਮਹੱਤਵਪੂਰਣ ਮਾਰੂ ਪ੍ਰਭਾਵ ਵੀ ਪਾਉਦੀਆਂ ਹਨ। ਏਅਰ ਕੰਡੀਸ਼ਨਰਾਂ ਦੇ ਵਾਤਾਵਰਨ ਅਤੇ ਮਨੁੱਖੀ ਸਿਹਤ ’ਤੇ ਦੂਹਰੇ ਪ੍ਰਭਾਵਾਂ ਦੀ ਚਰਚਾ ਹੁਣ ਵਿਗਿਆਨੀਆਂ ਅਤੇ ਵਾਤਾਵਰਨ ਪ੍ਰੇਮੀਆਂ ਦਾ ਧਿਆਨ ਖਿੱਚ ਰਹੀ ਹੈ।

**ਏਅਰ ਕੰਡੀਸ਼ਨਰਾਂ ਦਾ ਵਾਤਾਵਰਨ ’ਤੇ ਪ੍ਰਭਾਵ**

ਏਅਰ ਕੰਡੀਸ਼ਨਰ ਦੁਨੀਆ ਭਰ ਵਿੱਚ ਬਹੁਤ ਸਾਰੀ ਊਰਜਾ ਦੀ ਖ਼ਪਤ ਕਰ ਰਹੇ ਹਨ ਅਤੇ ਊਰਜਾ ਦੀ ਮੰਗ ਹਰ ਰੋਜ਼ ਵੱਧ ਰਹੀ ਹੈ। ਇਸ ਵੱਧਦੀ ਮੰਗ ਕਾਰਨ ਬਿਜਲੀ ਦੀ ਉਤਪਾਦਨ ਵਿੱਚ ਵਾਧਾ ਆਮ ਤੌਰ ’ਤੇ ਵੱਧ ਗ੍ਰੀਨਹਾਊਸ ਗੈਸਾਂ ਦੇ ਉਤਸਰਜਨ ਦਾ ਕਾਰਨ ਬਣਦਾ ਹੈ, ਖਾਸ ਕਰਕੇ ਉਹਨਾਂ ਖੇਤਰਾਂ ਵਿੱਚ ਜਿੱਥੇ ਫੋਸਿਲ ਫਿਊਲ ਮੁੱਖ ਊਰਜਾ ਸਰੋਤ ਹਨ।

ਐਸਪੀ ਸਿੰਘ, ਵਿਗਿਆਨ ਅਧਿਆਪਕ ਅਤੇ ਖੋਜਕਰਤਾਂ ਦੇ ਅਨੁਸਾਰ ਏਅਰ ਕੰਡੀਸ਼ਿਨੰਗ ਪ੍ਰਣਾਲੀਆਂ ਨੂੰ ਚਾਲੂ ਕਰਨ ਲਈ ਲੋੜੀਂਦੀ ਬਿਜਲੀ ਕਾਰਬਨ ਡਾਈਆਕਸਾਈਡ ਅਤੇ ਹੋਰ ਨੁਕਸਾਨਦਾਇਕ ਗੈਸਾਂ ਦੇ ਉਤਸਰਜਨ ਵਿੱਚ ਵੱਡਾ ਯੋਗਦਾਨ ਪਾਉਂਦੀ ਹੈ ਜੋ ਗਲੋਬਲ ਵਾਰਮਿੰਗ ਵਿੱਚ ਯੋਗਦਾਨ ਪਾਉਂਦੀ ਹੈ। ਜਿਵੇਂ ਜਿਵੇਂ ਬਹੁਤ ਸਾਰੇ ਲੋਕ ਉੱਚ ਤਾਪਮਾਨ ਨਾਲ ਨਜਿੱਠਣ ਲਈ ਏਅਰ ਕੰਡੀਸ਼ਨਰਾਂ ਦੀ ਵਰਤੋਂ ਕਰਨ ਲੱਗੇ ਹਨ ਇਹ ਉਮੀਦ ਕੀਤੀ ਜਾ ਰਹੀ ਹੈ ਕਿ ਏਅਰ ਕੰਡੀਸ਼ਨਰਾਂ ਦੀ ਵੱਧਦੀ ਸੰਖਿਆ ਨਾਲ ਗ੍ਰੀਨਹਾਉਸ ਗੈਸਾਂ ਦੇ ਉਤਸਰਜਨ ਵਿੱਚ ਵੀ ਵਾਧਾ ਹੋਵੇਗਾ, ਜੋ ਕਿ ਜਲਵਾਯੂ ਬਦਲਾਅ ਨੂੰ ਹੋਰ ਮਾੜਾ ਬਣਾਏਗਾ।

ਉਨ੍ਹਾਂ ਦੀ ਊਰਜਾ ਖਪਤ ਦੇ ਇਲਾਵਾ ਏਅਰ ਕੰਡੀਸ਼ਨਰ ਸਿੱਧੇ ਤੌਰ ’ਤੇ ਹਵਾ ਵਿੱਚ ਹਾਈਡ੍ਰੋ ਫਲੋਰੋ ਕਾਰਬਨ ਦੇ ਛੱਡਣ ਨਾਲ ਵਾਤਾਵਰਨ ’ਤੇ ਮਾਰੂ ਪ੍ਰਭਾਵ ਪਾਉਂਦੇ ਹਨ। ਇਹ ਰਸਾਇਣ ਜੋ ਠੰਡਕ ਪ੍ਰਣਾਲੀਆਂ ਵਿੱਚ ਰੈਫ੍ਰਿਜਰੇਟੈਂਟ ਵਜੋਂ ਵਰਤੇ ਜਾਂਦੇ ਹਨ, ਬਹੁਤ ਹੀ ਸ਼ਕਤੀਸ਼ਾਲੀ ਗ੍ਰੀਨਹਾਉਸ ਗੈਸਾਂ ਹਨ—ਇਹ ਕਾਰਬਨ ਡਾਈਆਕਸਾਈਡ ਨਾਲੋਂ 1,430 ਗੁਣਾ ਜ਼ਿਆਦਾ ਪ੍ਰਭਾਵਸ਼ਾਲੀ ਹਨ। ਜੇਕਰ ਏਅਰ ਕੰਡੀਸ਼ਨਰਾਂ ਦੀ ਸੰਖਿਆ ਵਿੱਚ ਵਾਧਾ ਜਾਰੀ ਰਹਿੰਦਾ ਹੈ ਤਾਂ ਇਹ ਉਮੀਦ ਕੀਤੀ ਜਾ ਰਹੀ ਹੈ ਕਿ ਤਾਪਮਾਨ ਵਿੱਚ ਹੋਰ 0.5 ਡਿਗਰੀ ਸੈਲਸੀਅਸ ਦਾ ਵਾਧਾ ਹੋਵੇਗਾ। ਇਸਦਾ ਮਨੁੱਖੀ ਸਿਹਤ ਅਤੇ ਪਰਿਵਾਰਿਕ ਸਿਸਟਮਾਂ ’ਤੇ ਭਾਰੀ ਪ੍ਰਭਾਵ ਪੈ ਸਕਦਾ ਹੈ, ਜਿਸ ਨਾਲ ਹੋਰ ਅਕਸਰ ਅਤੇ ਗੰਭੀਰ ਤਾਪਮਾਨ ਦੀਆਂ ਲਹਿਰਾਂ, ਸੋਕੇ ਅਤੇ ਹੋਰ ਜਲਵਾਯੂ ਸੰਬੰਧੀ ਆਫਤਾਂ ਪੈਦਾ ਹੋਣਗੀਆਂ।

**ਏਅਰ ਕੰਡੀਸ਼ਨਰਾਂ ਦਾ ਮਨੁੱਖੀ ਸਿਹਤ ’ਤੇ ਪ੍ਰਭਾਵ**

ਏਅਰ ਕੰਡੀਸ਼ਨਰ (13) ਪ੍ਰਣਾਲੀਆਂ ਦੇ ਮਨੁੱਖੀ ਸਿਹਤ ’ਤੇ ਵੱਖ-ਵੱਖ ਪ੍ਰਭਾਵ ਹੋ ਸਕਦੇ ਹਨ, ਇਹ ਪ੍ਰਭਾਵ ਸਕਾਰਾਤਮਕ ਅਤੇ ਨਕਾਰਾਤਮਕ ਰੂਪ ਵਿੱਚ ਦਿਖਾਈ ਦੇ ਸਕਦੇ ਹਨ।

ਸਕਾਰਾਤਮਕ ਪ੍ਰਭਾਵ

**ਤਾਪ ਸਟ੍ਰੋਕ ਦੀ ਰੋਕਥਾਮ:** ਏਅਰ ਕੰਡੀਸ਼ਨਰ ਪ੍ਰਣਾਲੀਆਂ ਤਾਪ ਨਾਲ ਸੰਬੰਧਤ ਬਿਮਾਰੀਆਂ ਜਿਵੇਂ ਕਿ ਤਾਪ ਥਕਾਵਟ ਅਤੇ ਤਾਪ ਸਟ੍ਰੋਕ ਤੋਂ ਬਚਾਅ ਵਿੱਚ ਮਦਦ ਕਰਦੀਆਂ ਹਨ ਖਾਸ ਕਰਕੇ ਉਹਨਾਂ ਲੋਕਾਂ ਲਈ ਜੋ ਜ਼ਿਆਦਾ ਸੰਵੇਦਨਸ਼ੀਲ ਹਨ ਜਿਵੇਂ ਕਿ ਬੁਜ਼ੁਰਗ, ਬੱਚੇ ਅਤੇ ਉਹ ਲੋਕ ਜਿਨ੍ਹਾਂ ਨੂੰ ਪਹਿਲਾਂ ਤੋਂ ਕੋਈ ਸਿਹਤ ਸੰਬੰਧੀ ਸਮੱਸਿਆ ਹੈ।

**ਹਵਾ ਦੀ ਗੁਣਵੱਤਾ ਵਿੱਚ ਸੁਧਾਰ:** ਬਹੁਤ ਸਾਰੀਆਂ ਆਧੁਨਿਕ ਏਅਰ ਕੰਡੀਸ਼ਨਰ ਪ੍ਰਣਾਲੀਆਂ ਵਿੱਚ ਫਿਲਟਰ ਹੁੰਦੇ ਹਨ ਜੋ ਹਵਾ ਵਿੱਚ ਮੌਜੂਦ ਪ੍ਰਦੂਸ਼ਕ, ਐਲਰਜਨ ਅਤੇ ਕਣਾਂ ਨੂੰ ਹਟਾਉਂਦੇ ਹਨ। ਇਹ ਰੋਗੀਆਂ ਲਈ ਲਾਭਦਾਇਕ ਹੋ ਸਕਦਾ ਹੈ ਖਾਸ ਕਰਕੇ ਉਹਨਾਂ ਦੇ ਲਈ ਜਿਨ੍ਹਾਂ ਨੂੰ ਸਾਹ ਦੀਆਂ ਸਮੱਸਿਆਵਾਂ ਜਿਵੇਂ ਕਿ ਅਸਥਮਾ ਜਾਂ ਐਲਰਜੀ ਹੈ, ਕਿਉਂਕਿ ਸੁੱਧਰੀ ਹਵਾ ਉਪਰੋਕਤ ਬਿਮਾਰੀਆਂ ਦੇ ਲੱਛਣਾਂ ਨੂੰ ਘਟਾ ਸਕਦੀ ਹੈ ਅਤੇ ਕੁੱਲ ਮਿਲਾਕੇ ਸਾਹ ਦੀ ਸਿਹਤ ਵਿੱਚ ਸੁਧਾਰ ਕਰ ਸਕਦੀ ਹੈ।

**ਨੀਂਦ ਦੀ ਗੁਣਵੱਤਾ ਵਿੱਚ ਸੁਧਾਰ:** ਠੰਡਕ ਦਾ ਮਾਹੌਲ ਨੀਂਦ ਨਾਲ ਸੰਬੰਧਿਤ ਸਮੱਸਿਆਵਾਂ ਵਾਲੇ ਲੋਕਾਂ ਲਈ ਨੀਂਦ ਦੀ ਗੁਣਵੱਤਾ ਨੂੰ ਸੁਧਾਰ ਸਕਦਾ ਹੈ। ਏਅਰ ਕੰਡੀਸ਼ਨਰ ਪ੍ਰਣਾਲੀਆਂ ਐਸੇ ਲੋਕਾਂ ਲਈ ਵਧੀਆ ਆਰਾਮ ਪ੍ਰਦਾਨ ਕਰਨ ਅਤੇ ਰਾਤ ਦੇ ਸਮੇਂ ਜਾਗਣ ਦੀਆਂ ਘਟਨਾਵਾਂ ਨੂੰ ਘਟਾਉਂਦੀਆਂ ਹਨ।

ਨਕਾਰਾਤਮਕ ਪ੍ਰਭਾਵ

**ਸਾਹ ਦੀਆਂ ਸਮੱਸਿਆਵਾਂ:** ਖਰਾਬ ਤਰੀਕੇ ਨਾਲ ਸੰਭਾਲੀਆਂ ਗਈਆਂ ਏਅਰ ਕੰਡੀਸ਼ਨਰ ਪ੍ਰਣਾਲੀਆਂ ਫਫੂੰਦ, ਜੀਵਾਣੂ ਅਤੇ ਸੂਖਮ ਜੀਵਾਂ ਲਈ ਉੱਚੇ ਪੈਮਾਨੇ ’ਤੇ ਬਣਨ ਦੇ ਸਥਾਨ ਬਣ ਸਕਦੀਆਂ ਹਨ। ਜਦੋਂ ਇਹ ਪ੍ਰਦੂਸ਼ਕ ਹਵਾ ਵਿੱਚ ਫੈਲਦੇ ਹਨ, ਤਾਂ ਇਹ ਸਾਹ ਦੀਆਂ ਸਮੱਸਿਆਵਾਂ ਅਤੇ ਐਲਰਜੀ ਨੂੰ ਵੱਧਾ ਸਕਦੇ ਹਨ। ਅਸਥਮਾ ਜਾਂ ਹੋਰ ਫੇਫੜਿਆਂ ਦੀਆਂ ਸਮੱਸਿਆਵਾਂ ਵਾਲੇ ਲੋਕ ਪ੍ਰਦੂਸ਼ਿਤ ਏਅਰ ਕੰਡੀਸ਼ਨਰ ਪ੍ਰਣਾਲੀਆਂ ਵਾਲੇ ਮਾਹੌਲ ਵਿੱਚ ਰੋਗ ਦੇ ਲੱਛਣਾਂ ਦੇ ਵੱਧਣ ਦਾ ਅਨੁਭਵ ਕਰ ਸਕਦੇ ਹਨ।

**ਖ਼ੁਸ਼ਕ ਚਮੜੀ ਅਤੇ ਅੱਖਾਂ:** ਏਅਰ ਕੰਡੀਸ਼ਨਰ ਘਰੇਲੂ ਹਵਾ ਵਿੱਚ ਨਮੀ ਪੈਦਾ ਕਰ ਸਕਦੇ ਹਨ ਜੋ ਖੁਸ਼ਕ ਚਮੜੀ, ਅੱਖਾਂ ਅਤੇ ਸੂਖਮ ਜੀਵਾਂ ਦੇ ਵਾਧੇ ਦਾ ਕਾਰਨ ਹੁੰਦੇ ਹਨ। ਇਹ ਖੁਸ਼ਕੀ ਅਣਸੁਖਾਵੀਂ ਤਕਲੀਫ ਦਿੰਦੀ ਹੈ ਅਤੇ ਸਾਹ ਦੀਆਂ ਸੰਕ੍ਰਮਣਾਂ ਦੇ ਖ਼ਤਰੇ ਨੂੰ ਵੱਧਾਉਂਦੀ ਹੈ ਕਿਉਂਕਿ ਸਰੀਰ ਦੇ ਜ਼ਿਹਰੀਲੇ ਤੱਤਾਂ ਨੂੰ ਬਾਹਰ ਕੱਢਣ ਵਾਲੀਆਂ ਕੁਦਰਤੀ ਪ੍ਰਣਾਲੀਆਂ ਘੱਟ ਪ੍ਰਭਾਵਸ਼ਾਲੀ ਹੋ ਜਾਂਦੀਆਂ ਹਨ।

**ਬਿਮਾਰੀਆਂ ਦੇ ਮੁੱਖ ਕਾਰਨ:** ਬੰਦ ਮਾਹੌਲਾਂ ਵਿੱਚ ਜਿੱਥੇ ਏਅਰ ਕੰਡੀਸ਼ਨਰ ਵਰਤੇ ਜਾਂਦੇ ਹਨ, ਉਥੇ ਮਾਰੂ ਸੂਖਮ ਜੀਵ ਆਸਾਨੀ ਨਾਲ ਵਸਨੀਕਾਂ ਵਿਚ ਫੈਲ ਜਾਂਦੇ ਹਨ। ਇਹ ਬਿਮਾਰੀਆਂ ਦੇ ਫੈਲਾਅ ਨੂੰ ਸੁਖਾਲਾ ਬਣਾਉਂਦੇ ਹਨ, ਖਾਸ ਕਰਕੇ ਭੀੜ ਭਾੜ ਵਾਲੇ ਸਥਾਨਾਂ ਜਿਵੇਂ ਕਿ ਦਫਤਰ ਜਾਂ ਜਨਤਕ ਯਾਤਰਾ ਦੇ ਸਾਧਨਾਂ ਵਿੱਚ।

**ਤਾਪਮਾਨ ਦੀ ਸੰਵੇਦਨਾ:** ਲੰਮੇ ਸਮੇਂ ਤੱਕ ਕ੍ਰਿਤ੍ਰਿਮ ਠੰਡੇ ਮਾਹੌਲਾਂ ਵਿੱਚ ਰਹਿਣ ਨਾਲ ਤਾਪਮਾਨ ਸੰਵੇਦਨਾ ਦੀ ਇੱਕ ਕਿਰਿਆ ਉਤਪੰਨ ਹੋ ਸਕਦੀ ਹੈ, ਜਿਸ ਵਿੱਚ ਵਿਅਕਤੀ ਤਾਪਮਾਨ ਦੇ ਬਦਲਾਵਾਂ ਲਈ ਬਹੁਤ ਜ਼ਿਆਦਾ ਸੰਵੇਦਨਸ਼ੀਲ ਹੋ ਜਾਂਦੇ ਹਨ। ਇਸ ਨਾਲ ਬਾਹਰੀ ਗਰਮੀ ਅਤੇ ਅੰਦਰੂਨੀ ਠੰਡ ਵਿੱਚ ਬਦਲਣ ’ਤੇ ਅਸਹਿਜਤਾ ਹੋ ਸਕਦੀ ਹੈ।

ਜਦੋਂ ਕਿ ਏਅਰ ਕੰਡੀਸ਼ਨਰ ਗਰਮੀ ਤੋਂ ਬਚਾਅ ਪ੍ਰਦਾਨ ਕਰਦੇ ਹਨ ਅਤੇ ਠੀਕ ਤਰੀਕੇ ਨਾਲ ਸੰਭਾਲਣ ’ਤੇ ਘਰੇਲੂ ਹਵਾ ਦੀ ਗੁਣਵੱਤਾ ਨੂੰ ਸੁਧਾਰਦੇ ਹਨ, ਪਰ ਇਸਦੇ ਨਕਾਰਾਤਮਕ ਸਿਹਤ ਪ੍ਰਭਾਵਾਂ ਤੋਂ ਵੀ ਸਾਵਧਾਨ ਰਹਿਣਾ ਮਹੱਤਵਪੂਰਨ ਹੈ। ਏਅਰ ਕੰਡੀਸ਼ਨਰ ਪ੍ਰਣਾਲੀਆਂ ਦੀ ਨਿਯਮਿਤ ਦੇਖਭਾਲ, ਘਰੇਲੂ ਹਵਾ ਦੀ ਗੁਣਵੱਤਾ ਦੀ ਨਿਗਰਾਨੀ ਅਤੇ ਯੋਗ ਅੰਤਰਾਲ ਬਣਾਈ ਰੱਖਣਾ ਇਨ੍ਹਾਂ ਖ਼ਤਰਿਆਂ ਨੂੰ ਘੱਟਾਉਣ ਵਿੱਚ ਮਦਦ ਕਰ ਸਕਦਾ ਹੈ। ਜਿਵੇਂ ਕਿ ਦੁਨੀਆ ਵੱਧ ਰਹੇ ਤਾਪਮਾਨ ਅਤੇ ਜਲਵਾਯੂ ਬਦਲਾਅ ਨਾਲ ਨਜਿੱਠ ਰਹੀ ਹੈ, ਇਸਦੇ ਨਾਲ ਹੀ ਏਅਰ ਕੰਡੀਸ਼ਨਰ ਪ੍ਰਣਾਲੀਆਂ ਦੇ ਅਤਿ ਉਪਯੋਗ ਨਾਲ ਹੋ ਰਹੀਆਂ ਸਿਹਤ ਸਮੱਸਿਆਵਾਂ ਵੀ ਹਨ। ਆਰਾਮ ਅਤੇ ਸਿਹਤ ਦੇ ਵਿਚਕਾਰ ਸੰਤੁਲਨ ਬਣਾਉਣਾ ਮਹੱਤਵਪੂਰਨ ਹੈ ਤਾਂ ਜੋ ਏਅਰ ਕੰਡੀਸ਼ਨਰ ਦੇ ਲਾਭਾਂ ਨੂੰ ਵੱਧ ਤੋਂ ਵੱਧ ਕੀਤਾ ਜਾ ਸਕੇ ਅਤੇ ਉਨ੍ਹਾਂ ਦੇ ਨੁਕਸਾਨ ਨੂੰ ਘਟਾਇਆ ਜਾ ਸਕੇ।

ਉਰਜਾ ਕੁਸ਼ਲਤਾ ਨੂੰ ਸੁਧਾਰ ਕਰਨ ਅਤੇ ਨੁਕਸਾਨਦਾਇਕ ਉਤਸਰਜਨਾਂ ਨੂੰ ਘਟਾਉਣ ਲਈ ਪਹਿਲਾਂ ਤੋਂ ਕੀਤੇ ਗਏ ਕਦਮਾਂ ਦੁਆਰਾ ਅਸੀਂ ਠੰਡੇ ਸਥਾਨਾਂ ਦਾ ਆਰਾਮ ਲੈ ਸਕਦੇ ਹਾਂ ਜਦੋਂ ਅਸੀਂ ਆਪਣੇ ਭਵਿੱਖ ਦੀ ਪੀੜ੍ਹੀ ਲਈ ਆਪਣੀ ਧਰਤੀ ਨੂੰ ਬਚਾਉਂਦੇ ਹਾਂ।

**-ਡਾ. (ਆਨਰੇਰੀ) ਸੁਰਿੰਦਰਪਾਲ ਸਿੰਘ**
**ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

## ਪੰਜਾਬ ਪੁਲਸ ਦੇ ਐਸ. ਐਚ. ਓ. ਦੀ ਫੋਟੋ ਵਾਲੀ ਵ੍ਹਟਸਐਪ ਕਾਲ ਬਾਰੇ ਸਨਸਨੀਖੇਜ਼ ਖੁਲਾਸਾ

# ‘70 ਹਜ਼ਾਰ ਗੂਗਰ-ਪੇ ਕਰਦੇ...’

**ਲੁਧਿਆਣਾ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ’ਚ ਬੈਠੇ ਸਾਈਬਰ ਠੱਗਾਂ ਵੱਲੋਂ ਲੋਕਾਂ ਨੂੰ ਠੱਗਣ ਲਈ ਲੁਧਿਆਣਾ ਦੇ ਥਾਣਾ ਪੀ. ਏ. ਯੂ. ਦੇ ਮੁਖੀ ਇੰਸਪੈਕਟਰ ਵਿਜੇ ਕੁਮਾਰ ਬੈਂਸ ਦੀ ਵ੍ਹਟਸਐਪ ’ਤੇ ਤਸਵੀਰ ਲਗਾ ਕੇ ਲੋਕਾਂ ਨੂੰ ਡਰਾ ਕੇ ਪੈਸੇ ਠੱਗਣ ਦੀ ਕੋਸ਼ਿਸ਼ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿਚ ਪਾਕਿਸਤਾਨ ਦੇ ਨੰਬਰ ਤੋਂ ਸਾਈਬਰ ਠੱਗ ਇਕ ਵਿਅਕਤੀ ਨੂੰ ਇੰਸਪੈਕਟਰ ਵਿਜੇ ਕੁਮਾਰ ਬੈਂਸ ਦੀ ਵ੍ਹਟਸਐਪ ’ਤੇ ਤਸਵੀਰ ਲਗਾ ਕੇ ਫੋਨ ’ਤੇ ਧਮਕਾਉਣ ਦੀ ਗੱਲ ਸਾਹਮਣੇ ਆਈ ਹੈ।




ਉਕਤ ਵੀਡੀਓ ਵਿਚ ਪਾਕਿਸਤਾਨ ਦੇ ਨੰਬਰ ਤੋਂ ਸਾਈਬਰ ਠੱਗ ਉਕਤ ਵਿਅਕਤੀ ਨੂੰ ਉਸ ਦੇ ਬੇਟੇ ’ਤੇ ਜਬਰ-ਜ਼ਨਾਹ ਦਾ ਕੇਸ ਪਾਉਣ ਦੀ ਧਮਕੀ ਦਿੰਦਾ ਹੈ। ਫਿਰ ਬਾਅਦ ਵਿਚ ਉਸ ਦੇ ਲੜਕੇ ਨੂੰ ਛੱਡਣ ਬਦਲੇ 70 ਹਜ਼ਾਰ ਰੁਪਏ ਦੀ ਮੰਗ ਕਰਦਾ ਦੇਖਿਆ ਜਾ ਰਿਹਾ ਹੈ, ਜਿਸ ਤੋਂ ਬਾਅਦ ਸਾਈਬਰ ਠੱਗ ਉਕਤ ਵਿਅਕਤੀ ਦੇ ਬੇਟੇ ਨੂੰ ਗੂਗਲ-ਪੇ ’ਤੇ ਆਪਣਾ ਨੰਬਰ ਲਿਖਵਾਉਂਦਾ ਹੈ, ਤਾਂ ਕਿ ਉਕਤ ਵਿਅਕਤੀ ਉਸ ਗੂਗਲ-ਪੇ ਵਿਚ ਪੈਸੇ ਪਵਾ ਦੇਵੇ, ਜਿਸ ਤੋਂ ਬਾਅਦ ਸਾਈਬਰ ਠੱਗ ਉਸ ਦੇ ਲੜਕੇ ਨੂੰ ਛੱਡ ਦੇਣਗੇ ਪਰ ਉਕਤ ਵਿਅਕਤੀ ਪਹਿਲਾਂ ਤੋਂ ਹੀ ਸਾਈਬਰ ਠੱਗਾਂ ਦੀ ਇਸ ਚਾਲ ਨੂੰ ਚੰਗੀ ਤਰ੍ਹਾਂ ਜਾਣ ਲੈਂਦਾ ਹੈ ਅਤੇ ਸਾਈਬਰ ਠੱਗਾਂ ਦੇ ਨਾਲ ਇਕ ਅਣਜਾਣ ਵਿਅਕਤੀ ਬਣ ਕੇ ਗੱਲ ਕਰਦਾ ਰਹਿੰਦਾ ਹੈ।

**ਥਾਣਾ ਮੁਖੀ ਨੇ ਲੋਕਾਂ ਨੂੰ ਸੁਚੇਤ ਰਹਿਣ ਦੀ ਕੀਤੀ ਅਪੀਲ**

ਥਾਣਾ ਪੀ.ਏ.ਯੂ. ਦੇ ਮੁਖੀ ਇੰਸਪੈਕਟਰ ਵਿਜੇ ਕੁਮਾਰ ਬੈਂਸ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੋਮਵਾਰ ਨੂੰ ਉਨ੍ਹਾਂ ਨੂੰ ਕਿਸੇ ਵਿਅਕਤੀ ਵੱਲੋਂ ਇਕ ਵੀਡੀਓ ਭੇਜੀ ਗਈ, ਜਿਸ ਵਿਚ ਉਨ੍ਹਾਂ ਦੀ ਵਰਦੀ ਵਾਲੀ ਤਸਵੀਰ ਨੂੰ ਕਿਸੇ ਸਾਈਬਰ ਠੱਗ ਵੱਲੋਂ ਵ੍ਹਟਸਐਪ ਨੰਬਰ ’ਤੇ ਲਾਇਆ ਹੋਇਆ ਸੀ, ਜਿਸ ਤੋਂ ਬਾਅਦ ਇੰਸਪੈਕਟਰ ਵਿਜੇ ਕੁਮਾਰ ਵਲੋਂ ਉਕਤ ਮਾਮਲੇ ਬਾਰੇ ਸਾਈਬਰ ਟੀਮ ਨੂੰ ਸੂਚਿਤ ਕੀਤਾ ਗਿਆ। ਥਾਣਾ ਮੁਖੀ ਵਲੋਂ ਦੱਸਿਆ ਗਿਆ ਕਿ ਅੱਜ ਸਾਈਬਰ ਠੱਗ ਪੁਲਸ ਵਿਭਾਗ ’ਚ ਤਾਇਲਾਤ ਪੁਲਸ ਮੁਲਾਜ਼ਮਾਂ ਦੀ ਫੋਟੋ ਲਗਾ ਕੇ ਉਸ ਦੀ ਗਲਤ ਵਰਤੋਂ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਹ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਕੋਈ ਵੀ ਵਿਅਕਤੀ ਅਜਿਹੀ ਕਿਸੇ ਵੀ ਫੋਟੋ ’ਤੇ ਧਿਆਨ ਨਾ ਦੇਵੇ। ਜੇਕਰ ਕੋਈ ਵਿਅਕਤੀ ਉਨ੍ਹਾਂ ਨੂੰ ਪੁਲਸ ਦੀ ਵਰਦੀ ’ਚ ਫੋਟੋ ਲਗਾ ਕੇ ਕਾਲ ਕਰਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਸਾਈਬਰ ਬ੍ਰਾਂਚ ਨੂੰ ਦਿੱਤੀ ਜਾਵੇ, ਤਾਂ ਕਿ ਕੋਈ ਵੀ ਵਿਅਕਤੀ ਇਨ੍ਹਾਂ ਸਾਈਬਰ ਠੱਗਾਂ ਦੀ ਠੱਗੀ ਦਾ ਸ਼ਿਕਾਰ ਨਾ ਹੋ ਸਕੇ।

# ਕੰਗਨਾ ਰਣੌਤ ਦੀਆਂ ਵਧੀਆਂ ਮੁਸ਼ਕਿਲਾਂ ! ਬਠਿੰਡਾ ਅਦਾਲਤ ਨੇ ਹਾਜ਼ਰੀ ਮਾਫ਼ੀ ਅਰਜ਼ੀ ਕੀਤੀ ਰੱਦ



**ਬਠਿੰਡਾ, (ਆਵਾਜ਼ਿ ਕੌਮ ਬਿਊਰੋ)**- ਬਠਿੰਡਾ ਦੀ ਅਦਾਲਤ ਵਿੱਚ ਚੱਲ ਰਹੇ ਮਾਨਹਾਨੀ ਮਾਮਲੇ ਵਿੱਚ ਭਾਜਪਾ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਨੂੰ ਵੱਡਾ ਝਟਕਾ ਲੱਗਾ ਹੈ। ਮਾਨਯੋਗ ਅਦਾਲਤ ਨੇ ਕੰਗਨਾ ਰਣੌਤ ਵੱਲੋਂ ਦਿੱਤੀ ਗਈ ਹਾਜ਼ਰੀ ਮਾਫ਼ੀ ਦੀ ਅਰਜ਼ੀ ਨੂੰ ਰੱਦ ਕਰਦਿਆਂ ਸਖ਼ਤ ਰੁਖ ਅਪਣਾਇਆ ਹੈ। ਕੋਰਟ ਨੇ ਸਪਸ਼ਟ ਹੁਕਮ ਦਿੱਤੇ ਹਨ ਕਿ ਕੰਗਨਾ ਰਣੌਤ 15 ਜਨਵਰੀ ਨੂੰ ਬਠਿੰਡਾ ਦੀ ਅਦਾਲਤ ਵਿੱਚ ਨਿੱਜੀ ਤੌਰ ‘ਤੇ ਹਾਜ਼ਰ ਹੋਣ। ਅਦਾਲਤ ਨੇ ਚੇਤਾਵਨੀ ਦਿੱਤੀ ਹੈ ਕਿ ਜੇ ਨਿਰਧਾਰਿਤ ਮਿਤੀ ‘ਤੇ ਉਹ ਹਾਜ਼ਰ ਨਹੀਂ ਹੁੰਦੀ ਤਾਂ ਉਨ੍ਹਾਂ ਦੀ ਜ਼ਮਾਨਤ ਰੱਦ ਕੀਤੀ ਜਾਵੇਗੀ ਅਤੇ ਗ੍ਰਿਫ਼ਤਾਰੀ ਵਾਰੰਟ ਜਾਰੀ ਹੋਣਗੇ।

ਜ਼ਿਕਰਗੌਰ ਹੈ ਕਿ ਇਸ ਤੋਂ ਪਹਿਲਾਂ ਕੰਗਨਾ ਰਣੌਤ ਵੱਲੋਂ ਚਾਰ ਵਾਰ ਹਾਜ਼ਰੀ ਮਾਫ਼ੀ ਲਈ ਅਰਜ਼ੀਆਂ ਦਾਇਰ ਕੀਤੀਆਂ ਜਾ ਚੁੱਕੀਆਂ ਹਨ। ਹਰ ਵਾਰ ਮਾਮਲੇ ਦੀ ਸ਼ਿਕਾਇਤਕਰਤਾ ਬਜ਼ੁਰਗ ਮਹਿਲਾ ਮਹਿੰਦਰ ਕੌਰ ਦੇ ਵਕੀਲ ਰਘਬੀਰ ਸਿੰਘ ਵਹਿਣੀਵਾਲ ਵੱਲੋਂ ਅਦਾਲਤ ਵਿੱਚ ਇਨ੍ਹਾਂ ਅਰਜ਼ੀਆਂ ਦਾ ਸਖ਼ਤ ਵਿਰੋਧ ਕੀਤਾ ਗਿਆ। ਵਕੀਲ ਨੇ ਦਲੀਲ ਦਿੱਤੀ ਕਿ ਕੰਗਨਾ ਰਣੌਤ ਜਾਣਬੁੱਝ ਕੇ ਅਦਾਲਤੀ ਕਾਰਵਾਈ ਤੋਂ ਬਚ ਰਹੀ ਹੈ ਅਤੇ ਬਿਨਾਂ ਵਾਜਬ ਕਾਰਨਾਂ ਦੇ ਹਾਜ਼ਰੀ ਤੋਂ ਗੈਰਹਾਜ਼ਰ ਰਹਿਣਾ ਕਾਨੂੰਨੀ ਪ੍ਰਕਿਰਿਆ ਦੀ ਉਲੰਘਣਾ ਹੈ।

ਅਦਾਲਤ ਵਿੱਚ ਕੰਗਨਾ ਰਣੌਤ ਵੱਲੋਂ ਇਹ ਦਲੀਲ ਦਿੱਤੀ ਗਈ ਕਿ ਉਹ ਆਫ਼ਿਸ਼ੀਅਲ ਕੰਮ ਕਾਰਨ ਕੋਰਟ ਵਿੱਚ ਹਾਜ਼ਰ ਨਹੀਂ ਹੋ ਸਕੀ ਪਰ ਅਦਾਲਤ ਨੇ ਨੋਟ ਕੀਤਾ ਕਿ ਇਸ ਸਬੰਧੀ ਕੋਈ ਵੀ ਜ਼ਰੂਰੀ ਦਸਤਾਵੇਜ਼ ਜਾਂ ਸਬੂਤ ਪੇਸ਼ ਨਹੀਂ ਕੀਤਾ ਗਿਆ। ਇਸ ‘ਤੇ ਅਦਾਲਤ ਨੇ ਸਖ਼ਤ ਟਿੱਪਣੀ ਕਰਦਿਆਂ ਕਿਹਾ ਕਿ ਬਿਨਾਂ ਵਜ੍ਹਾ ਅਦਾਲਤ ਦਾ ਕੀਮਤੀ ਸਮਾਂ ਖਰਾਬ ਨਾ ਕੀਤਾ ਜਾਵੇ।

ਅਦਾਲਤ ਦੇ ਇਸ ਸਖ਼ਤ ਫ਼ੈਸਲੇ ਤੋਂ ਬਾਅਦ ਹੁਣ ਕੰਗਨਾ ਰਣੌਤ ਲਈ ਕਾਨੂੰਨੀ ਮੁਸ਼ਕਲਾਂ ਵਧਦੀਆਂ ਨਜ਼ਰ ਆ ਰਹੀਆਂ ਹਨ। ਜੇਕਰ 15 ਜਨਵਰੀ ਨੂੰ ਕੰਗਨਾ ਰਣੌਤ ਅਦਾਲਤ ਵਿੱਚ ਹਾਜ਼ਰ ਨਹੀਂ ਹੁੰਦੀ, ਤਾਂ ਮਾਮਲੇ ਵਿੱਚ ਅਗਲੀ ਕਾਨੂੰਨੀ ਕਾਰਵਾਈ ਹੋਰ ਵੀ ਸਖਤ ਹੋ ਸਕਦੀ ਹੈ।

**ਕੀ ਹੈ ਪੂਰਾ ਮਾਮਲਾ ?**

ਇਹ ਮਾਨਹਾਨੀ ਦਾ ਮਾਮਲਾ ਸਾਲ 2021 ਵਿੱਚ ਬਠਿੰਡਾ ਜ਼ਿਲ੍ਹੇ ਦੇ ਪਿੰਡ ਬਹਾਦੁਰਗੜ੍ਹ ਜੰਡੀਆਂ ਦੀ ਰਹਿਣ ਵਾਲੀ 70 ਸਾਲਾ ਮਹਿੰਦਰ ਕੌਰ ਵੱਲੋਂ ਦਰਜ ਕਰਵਾਇਆ ਗਿਆ ਸੀ। ਇਹ ਕੇਸ ਉਸ ਸਮੇਂ ਚਰਚਾ ਵਿੱਚ ਆਇਆ ਸੀ ਜਦੋਂ ਕੰਗਨਾ ਰਣੌਤ ਨੇ ਕਿਸਾਨ ਅੰਦੋਲਨ ਦੌਰਾਨ ਬਜ਼ੁਰਗ ਮਾਤਾ ਮਹਿੰਦਰ ਕੌਰ ਬਾਰੇ ਇੱਕ ਵਿਵਾਦਿਤ ਟਿੱਪਣੀ ਕੀਤੀ ਸੀ, ਜਿਸ ਤੋਂ ਬਾਅਦ ਮਾਤਾ ਮਹਿੰਦਰ ਕੌਰ ਨੇ ਅਦਾਲਤ ਦਾ ਦਰਵਾਜ਼ਾ ਖੜਕਾਇਆ ਸੀ।

# 328 ਪਾਵਨ ਸਰੂਪਾਂ ਦੇ ਮਾਮਲੇ ’ਚ ਗ੍ਰਿਫ਼ਤਾਰ ਸਤਿੰਦਰ ਕੋਹਲੀ 5 ਦਿਨਾਂ ਦੇ ਰਿਮਾਂਡ ’ਤੇ

**ਅੰਮ੍ਰਿਤਸਰ, (ਆਵਾਜ਼ਿ ਕੌਮ ਬਿਊਰੋ)**- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪ ਲਾਪਤਾ ਮਾਮਲੇ ਵਿਚ ਗ੍ਰਿਫ਼ਤਾਰ ਐੱਸ. ਜੀ. ਪੀ. ਸੀ. ਦੇ ਸਾਬਕਾ ਸੀ. ਏ. ਸਤਿੰਦਰ ਸਿੰਘ ਕੋਹਲੀ ਦਾ 6 ਦਿਨਾਂ ਦਾ ਰਿਮਾਂਡ ਖ਼ਤਮ ਹੋਣ ਉਪਰੰਤ ਉਸ ਨੂੰ ਅੱਜ ਫਿਰ ਅੰਮ੍ਰਿਤਸਰ ਕੋਰਟ ’ਚ ਪੇਸ਼ ਕੀਤਾ ਗਿਆ। ਅਦਾਲਤ ਨੇ ਕੋਹਲੀ ਨੂੰ 5 ਦਿਨਾਂ ਲਈ ਮੁੜ ਤੋਂ ਪੁਲਸ ਰਿਮਾਂਡ ’ਤੇ ਭੇਜ ਦਿੱਤਾ ਹੈ। ਪੁਲਸ ਨੇ ਅਦਾਲਤ ’ਚ ਕਿਹਾ ਕਿ ਸਤਿੰਦਰ ਕੋਹਲੀ ਤੋਂ ਪੁੱਛਗਿੱਛ ਹਾਲੇ ਪੂਰੀ ਨਹੀਂ ਹੋਈ ਹੈ। ਇਸ ਲਈ ਇਕ ਵਾਰ ਮੁੜ ਤੋਂ ਉਸ ਨੂੰ ਰਿਮਾਂਡ ’ਤੇ ਲੈਣਾ ਜ਼ਰੂਰੀ ਹੈ। ਜਿਸ ਤੋਂ ਬਾਅਦ ਅਦਾਲਤ ਨੇ ਕੋਹਲੀ ਦਾ 5 ਦਿਨਾਂ ਦਾ ਰਿਮਾਂਡ ਦੇ ਦਿੱਤਾ।



**ਜਾਣੋ ਕੀ ਹੈ ਪੂਰਾ ਮਾਮਲਾ ?**

ਇਹ ਮਾਮਲਾ 2020 ਤੋਂ ਹੀ ਚਰਚਾਵਾਂ ਵਿੱਚ ਹੈ, ਜਦੋਂ ਅਕਾਲ ਤਖ਼ਤ ਵੱਲੋਂ ਬਣਾਈ ਗਈ ਇਕ ਜਾਂਚ ਕਮੇਟੀ ਨੇ ਲਾਪਰਵਾਹੀ ਦਾ ਪਰਦਾਫਾਸ਼ ਕੀਤਾ ਸੀ। ਹਾਲ ਹੀ ਵਿੱਚ ਪੰਜਾਬ ਪੁਲਸ ਨੇ ਇਕ ਐੱਫ਼. ਆਈ. ਆਰ. ਦਰਜ ਕੀਤੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਇਸ ਮਾਮਲੇ ਬਾਰੇ ਐੱਸ. ਜੀ. ਪੀ. ਸੀ. ‘ਤੇ ਸਵਾਲ ਚੁੱਕੇ ਹਨ। ਐੱਸ. ਐੱਸ. ਕੋਹਲੀ ਐਂਡ ਐਸੋਸੀਏਟਸ ਫਰਮ ਨੂੰ 2009 ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਅੰਦਰੂਨੀ ਆਡਿਟ, ਖਾਤਿਆਂ ਦੇ ਕੰਪਿਊਟਰੀਕਰਨ ਅਤੇ ਕੰਟਰੋਲ ਸਿਸਟਮ ਲਈ 3.5 ਲੱਖ ਰੁਪਏ ਮਹੀਨਾਵਾਰ ਦਿੱਤੇ ਜਾ ਰਹੇ ਸਨ। ਪਿਛਲੇ ਚਾਰ-ਪੰਜ ਸਾਲਾਂ ਤੋਂ ਸਿੱਖ ਸੰਗਤਾਂ 328 ਲਾਪਤਾ ਸਰੂਪਾਂ ਦੇ ਮਾਮਲੇ ਵਿਚ ਇਨਸਾਫ਼ ਦੀ ਉਡੀਕ ਕਰ ਰਹੀਆਂ ਸਨ। ਉਨ੍ਹਾਂ ਦੱਸਿਆ ਕਿ ਹਾਈਕੋਰਟ ਦੀਆਂ ਸਪੱਸ਼ਟ ਹਦਾਇਤਾਂ ਤੇ ਇਸ ਮਾਮਲੇ ਚ ਪਰਚਾ ਦਰਜ ਹੋਇਆ, ਸਿੱਟ ਦਾ ਗਠਨ ਕੀਤਾ ਗਿਆ ਅਤੇ ਅੱਜ ਸਿੱਟ ਨੇ ਵੱਡੀ ਕਾਮਯਾਬੀ ਹਾਸਲ ਕਰਦਿਆਂ ਮੁੱਖ ਮੁਲਜ਼ਮ ਐੱਸ. ਐੱਸ. ਕੋਹਲੀ ਨੂੰ ਗ੍ਰਿਫਤਾਰ ਕੀਤਾ ਹੈ। ਸਤਿੰਦਰ ਸਿੰਘ ਕੋਹਲੀ ਨੂੰ ਚੰਡੀਗੜ੍ਹ ਦੇ ਇਕ ਹੋਟਲ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਕੋਹਲੀ ਨੂੰ ਇਸ ਪੂਰੇ ਮਾਮਲੇ ਵਿੱਚ ਮੁੱਖ ਮੁਲਜ਼ਮ ਮੰਨਿਆ ਜਾ ਰਿਹਾ ਹੈ। ਇਸ ਗੰਭੀਰ ਮਾਮਲੇ ’ਚ ਹੁਣ ਤੱਕ ਦੋ ਗ੍ਰਿਫ਼ਤਾਰੀਆਂ ਹੋ ਚੁੱਕੀਆਂ ਹਨ। ਪੁਲਸ ਨੂੰ ਉਮੀਦ ਹੈ ਕਿ ਆਉਣ ਵਾਲੇ ਦਿਨਾਂ ’ਚ ਇਸ ਮਾਮਲੇ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

**ਕੋਹਲੀ ਦਾ ਸੁਖਬੀਰ ਬਾਦਲ ਨਾਲ ਨਿਕਲਿਆ ਕੁਨੈਕਸ਼ਨ :** ਕੋਹਲੀ ਨੂੰ ਸੁਖਬੀਰ ਸਿੰਘ ਬਾਦਲ ਦਾ ਕਰੀਬੀ ਮੰਨਿਆ ਜਾਂਦਾ ਹੈ, ਜੋ ਉਨ੍ਹਾਂ ਦੇ ਨਿੱਜੀ ਅਤੇ ਸ਼੍ਰੋਮਣੀ ਕਮੇਟੀ ਖਾਤਿਆਂ ਨੂੰ ਸੰਭਾਲਦੇ ਸਨ। ਪੰਜਾਬ ਵਿਜੀਲੈਂਸ ਬਿਊਰੋ ਨੇ ਬਾਦਲ ਪਰਿਵਾਰ ਨਾਲ ਸਬੰਧਤ ਮਨੀ ਲਾਂਡਰਿੰਗ ਦੇ ਇਲਜ਼ਾਮਾਂ ’ਤੇ ਉਨ੍ਹਾਂ ਖ਼ਿਲਾਫ਼ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤਾ ਸੀ।

**ਸਤਿੰਦਰ ਕੋਹਲੀ ਦੀ ਕੰਪਨੀ ’ਤੇ ਗਬਨ ਦੇ ਦੋਸ਼ :** ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਯੁਕਤ ਕਮੇਟੀ ਦੀ ਜਾਂਚ ਰਿਪੋਰਟ ਵਿੱਚ ਪਾਇਆ ਗਿਆ ਕਿ ਫਰਮ, ਐੱਸ. ਐੱਸ. ਕੋਹਲੀ ਐਂਡ ਐਸੋਸੀਏਟਸ ਨੇ ਸਿਰਫ਼ ਇਕ ਕੰਮ ਕੀਤਾ ਸੀ ਅਤੇ ਚਾਰ ਲਈ ਭੁਗਤਾਨ ਪ੍ਰਾਪਤ ਕੀਤਾ ਸੀ। ਇਹ ਪਵਿੱਤਰ ਸਰੂਪਾਂ ਦੇ ਗਬਨ ਨੂੰ ਰੋਕਣ ਵਿੱਚ ਅਸਫ਼ਲ ਰਿਹਾ। 2020 ਵਿੱਚ ਐੱਸ. ਜੀ. ਪੀ. ਸੀ. ਨੇ ਉਨ੍ਹਾਂ ਦੀਆਂ ਸੇਵਾਵਾਂ ਖ਼ਤਮ ਕਰ ਦਿੱਤੀਆਂ ਅਤੇ ਭੁਗਤਾਨ ਦਾ 75 ਫ਼ੀਸਦੀ ਵਸੂਲਣ ਲਈ ਇਕ ਮਤਾ ਪਾਸ ਕੀਤਾ।